PAIGAM-E-JAGAT
# ਪੈਗਾਮ-ਏ-ਜਗਤ
Title code : CHAMUL00914 | E-mail : Info@paigamejagat.com | ਸ਼ਨਿੱਚਰਵਾਰ, 10 ਅਕਤੂਬਰ 2026, ਸਾਲ-4, ਅੰਕ-10, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

"ਇਸ ਦੁਨੀਆਂ ਵਿੱਚ ਕਿਸੇ ਨਾਲ ਵੀ ਆਪਣੀ ਤੁਲਨਾ ਨਾ ਕਰੋ। ਜੇਕਰ ਤੁਸੀਂ ਅਜਿਹਾ ਕਰਦੇ ਹੋ, ਤਾਂ ਤੁਸੀਂ ਆਪਣੇ ਆਪ ਦਾ ਅਪਮਾਨ ਕਰ ਰਹੇ ਹੋ।"
-ਬਿਲ ਗੇਟਸ

## ਵੋਟ ਚੋਰੀ ਦੇ ਮਾਮਲੇ 'ਤੇ ਸੁਪਰੀਮ ਕੋਰਟ ਦਾ ਰੁਖ ਕਰਾਂਗੇ: ਰਾਹੁਲ ਗਾਂਧੀ

### ਵਿਰੋਧੀ ਧਿਰ ਦੇ ਵਫ਼ਦ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕੀਤੀ

- ਰਾਸ਼ਟਰਪਤੀ ਨੇ ਸਬੂਤ ਮੰਗੇ ਤੇ ਕਾਰਵਾਈ ਦਾ ਭਰੋਸਾ ਦਿੱਤਾ: ਖੜਗੇ

ਨਵੀਂ ਦਿੱਲੀ, 9 ਅਕਤੂਬਰ (ਪੈਗਾਮ-ਏ-ਜਗਤ)

ਵਿਰੋਧੀ ਧਿਰ ਦੇ ਇੰਡੀਆ ਗੱਠਜੋੜ ਦੇ 10 ਸੰਸਦ ਮੈਂਬਰਾਂ ਦੇ ਵਫ਼ਦ ਨੇ ਸ਼ੁੱਕਰਵਾਰ ਰਾਤ ਰਾਸ਼ਟਰਪਤੀ ਦਰੋਪਦੀ ਮੁਰਮੂ ਨਾਲ ਮੁਲਾਕਾਤ ਕਰਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕੀਤੀ। ਮੁਲਾਕਾਤ ਤੋਂ ਬਾਅਦ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਕਿਹਾ ਕਿ ਪੂਰੇ ਦੇਸ਼ ਨੂੰ ਪਤਾ ਹੈ ਕਿ ਵੋਟਾਂ ਦੀ ਚੋਰੀ ਹੋ ਰਹੀ ਹੈ ਅਤੇ ਰਾਸ਼ਟਰਪਤੀ ਨੇ ਵੀ ਇਸ ਤੋਂ ਇਨਕਾਰ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਹੁਣ ਵਿਰੋਧੀ ਧਿਰ ਇਸ ਮਾਮਲੇ ਨੂੰ ਸੁਪਰੀਮ ਕੋਰਟ ਵਿੱਚ ਲੈ ਕੇ ਜਾਵੇਗੀ।

ਰਾਹੁਲ ਗਾਂਧੀ ਨੇ ਰਾਸ਼ਟਰਪਤੀ ਨਾਲ ਮੁਲਾਕਾਤ ਤੋਂ ਬਾਅਦ ਕਿਹਾ ਕਿ ਵਿਰੋਧੀ ਧਿਰ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐਸ ਆਈ ਆਰ) ਦੌਰਾਨ ਕਥਿਤ ਬੇਨਿਯਮੀਆਂ ਦਾ ਮੁੱਦਾ ਚੁੱਕਿਆ ਹੈ। ਉਨ੍ਹਾਂ ਮੁਤਾਬਕ, ਇਸ ਮਾਮਲੇ ਵਿੱਚ ਅਗਲਾ ਕਦਮ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਉਣਾ ਹੋਵੇਗਾ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਵਫ਼ਦ ਨੇ ਰਾਸ਼ਟਰਪਤੀ ਨੂੰ ਉਨ੍ਹਾਂ ਥਾਵਾਂ ਬਾਰੇ ਜਾਣਕਾਰੀ ਦਿੱਤੀ ਹੈ, ਜਿੱਥੇ ਵੋਟਾਂ ਦੀ ਚੋਰੀ ਹੋਣ ਦੇ ਦੋਸ਼ ਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਰਾਸ਼ਟਰਪਤੀ ਨੇ ਇਨ੍ਹਾਂ ਦੋਸ਼ਾਂ ਦੇ ਸਬੂਤ ਮੰਗੇ ਹਨ ਅਤੇ ਵਿਰੋਧੀ ਧਿਰ ਸਬੂਤ ਇਕੱਠੇ ਕਰ ਰਹੀ ਹੈ। ਖੜਗੇ ਮੁਤਾਬਕ, ਰਾਸ਼ਟਰਪਤੀ ਨੇ ਇਸ ਮਾਮਲੇ ਵਿੱਚ ਕਾਰਵਾਈ ਕਰਨ ਦਾ ਭਰੋਸਾ ਵੀ ਦਿੱਤਾ ਹੈ। ਜ਼ਿਕਰਯੋਗ ਹੈ ਕਿ ਵਿਰੋਧੀ (ਬਾਕੀ ਸਫ਼ਾ 2 'ਤੇ)



#### ਰਾਹੁਲ ਤੇ ਪ੍ਰਿਯੰਕਾ ਖ਼ਿਲਾਫ਼ ਚਾਰ ਐੱਫਆਈਆਰ ਦਰਜ

*ਇਸ ਦੌਰਾਨ ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਵਾਡਰਾ ਖ਼ਿਲਾਫ਼ ਚਾਰ ਐੱਫਆਈਆਰ ਦਰਜ ਹੋਣ ਦੀ ਜਾਣਕਾਰੀ ਵੀ ਸਾਹਮਣੇ ਆਈ ਹੈ। ਇਹ ਮਾਮਲੇ ਪਿਛਲੇ ਤਿੰਨ ਦਿਨਾਂ ਦੌਰਾਨ ਹੋਏ ਵਿਰੋਧ ਪ੍ਰਦਰਸ਼ਨਾਂ ਦੌਰਾਨ ਝੜਪਾਂ ਨਾਲ ਸਬੰਧਤ ਦੱਸੇ ਜਾ ਰਹੇ ਹਨ। ਵਿਰੋਧੀ ਧਿਰ ਦੇ ਆਗੂਆਂ ਵੱਲੋਂ ਰਾਸ਼ਟਰਪਤੀ ਨਾਲ ਮੁਲਾਕਾਤ ਤੋਂ ਬਾਅਦ ਅਗਲੀ ਰਣਨੀਤੀ ਬਾਰੇ ਫ਼ੈਸਲਾ ਕੀਤੇ ਜਾਣ ਦੀ ਸੰਭਾਵਨਾ ਹੈ।*

#### ਗਿਆਨੇਸ਼ ਕੁਮਾਰ ਖ਼ਿਲਾਫ਼ ਮੋਰਚੇ 'ਚ ਮਮਤਾ ਬੈਨਰਜੀ ਵੀ ਸ਼ਾਮਲ

*ਤ੍ਰਿਣਮੂਲ ਕਾਂਗਰਸ ਦੀ ਮੁਖੀ ਅਤੇ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਸ਼ੁੱਕਰਵਾਰ ਨੂੰ ਪਹਿਲੀ ਵਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਵਿਰੋਧੀ ਧਿਰ ਦੇ ਪ੍ਰਦਰਸ਼ਨ ਵਿੱਚ ਸ਼ਾਮਲ ਹੋਈ। ਦਿੱਲੀ ਵਿੱਚ ਸੰਸਦ ਦੇ ਕੇਂਦਰੀ ਹਾਲ ਵਿੱਚ ਹੋਏ ਇਸ ਇਕੱਠ ਵਿੱਚ ਕਾਂਗਰਸ ਆਗੂ ਰਾਹੁਲ ਗਾਂਧੀ, ਪ੍ਰਿਯੰਕਾ ਗਾਂਧੀ ਵਾਡਰਾ ਅਤੇ ਮਲਿਕਾਰਜੁਨ ਖੜਗੇ ਸਮੇਤ ਵਿਰੋਧੀ ਧਿਰ ਦੇ ਹੋਰ ਆਗੂ ਮੌਜੂਦ ਸਨ।*

#### ਖੜਗੇ ਨੇ ਸਰਕਾਰ 'ਤੇ ਡਰਨ ਦਾ ਦੋਸ਼ ਲਾਇਆ

*ਪ੍ਰਦਰਸ਼ਨ ਦੌਰਾਨ ਮਲਿਕਾਰਜੁਨ ਖੜਗੇ ਨੇ ਸਰਕਾਰ 'ਤੇ ਨਿਸ਼ਾਨਾ ਸੇਧਦਿਆਂ ਕਿਹਾ, "ਇਹ ਸਰਕਾਰ ਡਰੀ ਹੋਈ ਹੈ।"ਵਿਰੋਧੀ ਧਿਰ ਦੇ ਆਗੂਆਂ ਨੇ ਦੋਸ਼ ਲਾਇਆ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ ਦੀ ਪ੍ਰਕਿਰਿਆ ਵਿੱਚ ਬੇਨਿਯਮੀਆਂ ਹੋ ਰਹੀਆਂ ਹਨ। ਉਹ ਇਸ ਮਾਮਲੇ ਵਿੱਚ ਚੋਣ ਕਮਿਸ਼ਨ ਦੀ ਜਵਾਬਦੇਹੀ ਤੈਅ ਕਰਨ ਦੀ ਮੰਗ ਕਰ ਰਹੇ ਹਨ।*

## ਪੰਜਾਬ ਵਿਧਾਨ ਸਭਾ ਦਾ ਸਰਦ ਰੁੱਤ ਇਜ਼ਲਾਸ 22 ਅਕਤੂਬਰ ਤੋਂ



ਚੰਡੀਗੜ੍ਹ, 9 ਅਕਤੂਬਰ (ਪੈਗਾਮ-ਏ-ਜਗਤ)

ਪੰਜਾਬ ਵਿਧਾਨ ਸਭਾ ਦਾ ਸਰਦ ਰੁੱਤ ਇਜਲਾਸ 22 ਅਕਤੂਬਰ ਤੋਂ ਸ਼ੁਰੂ ਹੋਵੇਗਾ, ਜੋ ਕਿ 27 ਅਕਤੂਬਰ ਤੱਕ ਚੱਲੇਗਾ। ਪੰਜਾਬ ਵਿਧਾਨ ਸਭਾ ਸਕੱਤਰੇਤ ਵੱਲੋਂ ਇਸ ਸਬੰਧੀ ਸੂਚਨਾ ਜਾਰੀ ਕੀਤੀ ਗਈ ਹੈ। 'ਆਪ' ਸਰਕਾਰ ਦਾ ਇਹ ਆਖ਼ਰੀ ਇਜਲਾਸ ਹੈ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹੋ ਰਹੇ ਇਸ ਆਖ਼ਰੀ ਸੈਸ਼ਨ 'ਚ ਭਾਰੀ ਸਿਆਸੀ ਹੰਗਾਮਾ ਦੇਖਣ ਨੂੰ ਮਿਲ ਸਕਦਾ ਹੈ।

ਉੱਥੇ ਹੀ ਇਜਲਾਸ ਦੌਰਾਨ 22 ਅਕਤੂਬਰ ਨੂੰ ਵਿਛੜੀਆਂ ਹਸਤੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ ਅਤੇ 23 ਅਕਤੂਬਰ ਨੂੰ ਸਰਕਾਰੀ ਕੰਮ-ਕਾਜ ਹੋਵੇਗਾ। ਇਸ ਤੋਂ ਇਲਾਵਾ ਆਖ਼ਰੀ ਦਿਨ ਵਿਧਾਨਕ ਕੰਮ-ਕਾਜ ਤੋਂ ਇਲਾਵਾ ਇੱਕ ਮਤਾ ਵੀ ਲਿਆਂਦਾ ਜਾਣਾ ਹੈ।

## ਪੰਜਾਬ ਸਰਕਾਰ ਵੱਲੋਂ ਗੌਰਵ ਯਾਦਵ ਨੂੰ ਰੈਗੂਲਰ ਡੀਜੀਪੀ ਵਜੋਂ ਨਿਯੁਕਤ ਕੀਤਾ

ਚੰਡੀਗੜ੍ਹ, 9 ਅਕਤੂਬਰ (ਪੈਗਾਮ-ਏ-ਜਗਤ)

ਪੰਜਾਬ ਸਰਕਾਰ ਨੇ ਆਖ਼ਰ 1992 ਬੈਚ ਦੇ ਆਈਪੀਐੱਸ ਅਧਿਕਾਰੀ ਗੌਰਵ ਯਾਦਵ ਨੂੰ ਰੈਗੂਲਰ ਡੀਜੀਪੀ ਵਜੋਂ ਨਿਯੁਕਤ ਕਰ ਦਿੱਤਾ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ 'ਚ ਇਸ ਮਾਮਲੇ 'ਤੇ 13 ਅਕਤੂਬਰ ਨੂੰ ਸੁਣਵਾਈ ਹੋਣੀ ਸੀ ਅਤੇ ਉਸ ਤੋਂ ਪਹਿਲਾਂ ਹੀ ਅੱਜ ਪੰਜਾਬ ਸਰਕਾਰ ਨੇ ਰੈਗੂਲਰ ਡੀ ਜੀ ਪੀ ਵਜੋਂ ਗੌਰਵ ਯਾਦਵ ਨੂੰ ਨਿਯੁਕਤ ਕਰਨ ਦਾ ਅੱਜ ਨੋਟੀਫ਼?ਕੇਸ਼ਨ ਜਾਰੀ ਕਰ ਦਿੱਤਾ ਹੈ।

ਇਸ ਉਪਰੰਤ ਅੱਜ ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਇੱਕ ਵੀਡੀਓ ਸੁਨੇਹੇ ਰਾਹੀਂ ਗੈਂਗਸਟਰਾਂ ਨੂੰ ਚਿਤਾਵਨੀ ਦਿੱਤੀ ਹੈ ਕਿ ਉਨ੍ਹਾਂ ਲਈ ਪੰਜਾਬ 'ਚ ਕੋਈ ਥਾਂ ਨਹੀਂ ਹੈ। ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲੀਸ ਗੈਂਗਸਟਰਾਂ ਨੂੰ ਫੜ ਕੇ ਕਾਨੂੰਨ ਦੇ ਕਟਹਿਰੇ ਵਿੱਚ ਲਿਆਵੇਗੀ। ਭਾਵੇਂ ਉਹ ਦੇਸ਼ 'ਚ ਹੋਣ ਤੇ ਚਾਹੇ ਉਹ ਵਿਦੇਸ਼ ਚ ਲੁਕੇ ਹੋਣ ।

ਉਨ੍ਹਾਂ ਕਿਹਾ ਕਿ ਪੰਜਾਬ ਪੁਲੀਸ ਸੂਬੇ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਦੇਸ਼ ਵਿਰੋਧੀ ਤਾਕਤ ਨੂੰ ਆਪਣੇ ਮਨਸੂਬਿਆਂ ਵਿੱਚ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।



ਆਈ.ਪੀ.ਐੱਸ. ਅਧਿਕਾਰੀ ਗੌਰਵ ਯਾਦਵ ਜੁਲਾਈ 2022 ਤੋਂ ਕਾਰਜਕਾਰੀ ਡੀਜੀਪੀ ਵਜੋਂ ਸੇਵਾਵਾਂ ਨਿਭਾ ਰਹੇ ਹਨ। ਪੰਜਾਬ ਪੁਲੀਸ ਦੇ ਮੁਖੀ ਵਜੋਂ ਨਿਯੁਕਤੀ ਲਈ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਸੂਚੀਬੱਧ ਕੀਤੇ ਗਏ ਤਿੰਨ ਅਧਿਕਾਰੀਆਂ ਵਿੱਚ ਉਨ੍ਹਾਂ ਦਾ ਨਾਂ ਸ਼ਾਮਲ ਹੈ ਜਦੋਂ ਕਿ ਇਸ ਪੈਨਲ 'ਚ ਦੋ ਅਧਿਕਾਰੀ ਸ਼ਰਦ ਸੱਤਿਆ ਚੌਹਾਨ ਅਤੇ ਹਰਪ੍ਰੀਤ ਸਿੰਘ ਸਿੱਧੂ ਸ਼ਾਮਲ ਹਨ। ਪੈਨਲ ਮਿਲਣ ਤੋਂ ਬਾਅਦ ਜੁਲਾਈ ਮਹੀਨੇ ਤੋਂ ਰੈਗੂਲਰ ਡੀ ਜੀ ਪੀ ਦੀ ਨਿਯੁਕਤੀ ਲਟਕੀ ਹੋਈ ਸੀ। ਪੰਜਾਬ ਤੇ ਹਰਿਆਣਾ (ਬਾਕੀ ਸਫ਼ਾ 2 'ਤੇ)

#### ਦਿੱਲੀ ਰੇਲ ਤੇ ਮੈਟਰੋ ਸੇਵਾਵਾਂ ਬਾਰੇ ਸੁਪਰੀਮ ਕੋਰਟ ਦਾ ਸਖ਼ਤ ਰੁਖ਼

## ਮੱਖੀ ਮਾਰਨ ਲਈ ਭਾਰੀ ਹਥੌੜੇ ਦੀ ਵਰਤੋਂ ਨਹੀਂ ਕਰਨੀ ਚਾਹੀਦੀ : ਚੀਫ਼ ਜਸਟਿਸ

*ਨਵੀਂ ਦਿੱਲੀ, (ਪੈਗਾਮ-ਏ-ਜਗਤ)*

*ਸੁਪਰੀਮ ਕੋਰਟ ਨੇ 10 ਅਕਤੂਬਰ ਨੂੰ ਹੋਣ ਵਾਲੇ ਪ੍ਰਦਰਸ਼ਨ ਦੇ ਮੱਦੇਨਜ਼ਰ ਦਿੱਲੀ ਜਾਣ ਵਾਲੀਆਂ ਰੇਲਗੱਡੀਆਂ ਨੂੰ ਰੱਦ ਕਰਨ ਅਤੇ ਮੈਟਰੋ ਸਟੇਸ਼ਨਾਂ ਨੂੰ ਬੰਦ ਕਰਨ ਦੇ ਪ੍ਰਸਤਾਵ ਨਾਲ ਸਬੰਧਤ ਇੱਕ ਮਾਮਲੇ ਦੀ ਸੁਣਵਾਈ ਕੀਤੀ। ਸੁਣਵਾਈ ਦੌਰਾਨ, ਅਦਾਲਤ ਨੇ ਕੇਂਦਰ ਸਰਕਾਰ ਨੂੰ ਨਿਰਦੇਸ਼ ਦਿੱਤਾ ਕਿ ਉਹ ਪ੍ਰਸਤਾਵਿਤ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਦਿੱਲੀ ਲਈ ਰੇਲ ਸੇਵਾਵਾਂ ਨੂੰ ਪੂਰੀ ਤਰ੍ਹਾਂ ਨਾ ਰੋਕੇ ਅਤੇ ਨਾ ਹੀ ਸ਼ਹਿਰ ਵਿੱਚ ਮੈਟਰੋ ਸਟੇਸ਼ਨਾਂ ਨੂੰ ਬੰਦ ਕਰੇ। ਅਦਾਲਤ ਨੇ ਕੇਂਦਰ ਨੂੰ ਕਿਹਾ ਕਿ ਉਹ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖੇ ਤਾਂ ਜੋ ਆਮ ਜਨਤਾ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਪ੍ਰਦਰਸ਼ਨਾਂ ਕਾਰਨ ਦਿੱਲੀ ਮੈਟਰੋ ਸਟੇਸ਼ਨਾਂ ਨੂੰ ਬੰਦ ਕਰਨ ਦੇ ਕਦਮ 'ਤੇ ਟਿੱਪਣੀ ਕਰਦਿਆਂ ਸੁਪਰੀਮ ਕੋਰਟ ਨੇ ਕਿਹਾ ਕਿ ਮੱਖੀ ਮਾਰਨ ਲਈ ਭਾਰੀ ਹਥੌੜੇ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਜ਼ਿਕਰਯੋਗ ਹੈ ਕਿ ਸੀ.ਜੇ.ਪੀ. ਅਤੇ ਕੁਝ ਵਿਦਿਆਰਥੀ ਜਥੇਬੰਦੀਆਂ ਨੇ ਸੀ.ਈ.ਸੀ. ਵਿਰੁੱਧ ਪ੍ਰਦਰਸ਼ਨ ਦਾ ਐਲਾਨ ਕੀਤਾ ਹੈ। ਸ਼ੁੱਕਰਵਾਰ ਨੂੰ ਸੀਨੀਅਰ ਵਕੀਲ ਕਪਿਲ ਸਿੱਬਲ ਨੇ ਸੀ.ਪੀ.ਆਈ. (ਐਮ) ਦੇ ਜਨਰਲ ਸਕੱਤਰ ਐਮ.ਏ. ਬੇਬੀ ਵੱਲੋਂ ਸੁਪਰੀਮ ਕੋਰਟ ਵਿੱਚ ਇਹ ਮੁੱਦਾ ਉਠਾਇਆ। ਸੁਣਵਾਈ ਦੌਰਾਨ ਜਸਟਿਸ ਸੂਰਿਆ ਕਾਂਤ ਨੇ 'ਅਨੁਪਾਤਕਤਾ ਦੇ ਸਿਧਾਂਤ' 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਿਸੇ ਸਮੱਸਿਆ ਨੂੰ ਰੋਕਣ ਲਈ ਚੁੱਕੇ ਗਏ ਕਦਮ ਲੋੜ ਦੇ ਅਨੁਸਾਰ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ, ਹਰੇਕ ਨਾਗਰਿਕ ਲਈ* (ਬਾਕੀ ਸਫ਼ਾ 2 'ਤੇ)



## ਜੰਤਰ-ਮੰਤਰ ਨੇੜੇ 24 ਘੰਟਿਆਂ ਲਈ ਇੰਟਰਨੈੱਟ ਸੇਵਾਵਾਂ ਰਹਿਣਗੀਆਂ ਬੰਦ

- ਸੀ.ਜੇ.ਪੀ. ਨੂੰ ਜੰਤਰ-ਮੰਤਰ ਉੱਤੇ ਪ੍ਰਦਰਸ਼ਨ ਦੀ ਨਹੀਂ ਮਿਲੀ ਹੈ ਇਜਾਜ਼ਤ

*ਨਵੀਂ ਦਿੱਲੀ, (ਪੈਗਾਮ-ਏ-ਜਗਤ)*

*ਜੰਤਰ-ਮੰਤਰ ਦੇ 4 ਕਿਲੋਮੀਟਰ ਦੇ ਦਾਇਰੇ ਵਿੱਚ 9 ਅਕਤੂਬਰ ਰਾਤ 10 ਵਜੇ ਤੋਂ ਲੈ ਕੇ 10 ਅਕਤੂਬਰ ਰਾਤ 10 ਵਜੇ ਤੱਕ ਇੰਟਰਨੈੱਟ ਸੇਵਾਵਾਂ ਬੰਦ ਰਹਿਣਗੀਆਂ। ਦਿੱਲੀ ਪੁਲੀਸ ਦੇ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਕੇਂਦਰੀ ਗ੍ਰਹਿ ਮੰਤਰਾਲੇ ਨੇ ਇਸ ਫ਼ੈਸਲੇ ਨੂੰ ਮਨਜ਼ੂਰੀ ਦੇ ਦਿੱਤੀ ਹੈ। ਸੂਤਰਾਂ ਨੇ ਕਿਹਾ ਕਿ ਇਹ ਪਾਬੰਦੀ ਸਾਰੀਆਂ ਮੋਬਾਈਲ ਇੰਟਰਨੈੱਟ ਸੇਵਾਵਾਂ 'ਤੇ ਲਾਗੂ ਹੋਵੇਗੀ, ਜਦਕਿ ਬਾਕੀ ਦਿੱਲੀ ਵਿੱਚ ਇੰਟਰਨੈੱਟ ਸੇਵਾਵਾਂ 'ਤੇ ਕੋਈ ਅਸਰ ਨਹੀਂ ਪਵੇਗਾ ਅਤੇ ਉਹ ਆਮ ਵਾਂਗ ਚੱਲਣਗੀਆਂ।*



*ਉਨ੍ਹਾਂ ਦੱਸਿਆ ਕਿ 10 ਅਕਤੂਬਰ ਨੂੰ ਹੋਣ ਵਾਲੇ ਪ੍ਰਸਤਾਵਿਤ ਪ੍ਰਦਰਸ਼ਨ ਨਾਲ ਨਜਿੱਠਣ ਦੀਆਂ ਤਿਆਰੀਆਂ ਵਜੋਂ ਦਿੱਲੀ ਪੁਲੀਸ ਨੇ ਨਵੀਂ ਦਿੱਲੀ ਜ਼ਿਲ੍ਹੇ ਨੂੰ 20 ਜ਼ੋਨਾਂ ਵਿੱਚ ਵੰਡਿਆ ਹੈ।*

*ਦਿੱਲੀ ਪੁਲੀਸ ਨੇ 'ਕੌਕਰੋਚ ਜਨਤਾ ਪਾਰਟੀ' ਨੂੰ 10 ਅਕਤੂਬਰ ਨੂੰ ਜੰਤਰ-ਮੰਤਰ 'ਤੇ ਧਰਨਾ ਦੇਣ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਇਹ ਧਰਨਾ ਮੁੱਖ ਚੋਣ ਕਮਿਸ਼ਨਰ ਦੇ ਖ਼?ਲਾਫ਼ ਦਿੱਤਾ ਜਾਣਾ ਸੀ। ਪੁਲੀਸ ਨੇ ਕਿਹਾ ਕਿ ਪਾਰਟੀ ਨੇ ਧਰਨੇ ਦੀ ਅਰਜ਼ੀ ਬਹੁਤ ਦੇਰ ਨਾਲ ਦਿੱਤੀ ਸੀ ਅਤੇ ਪਹਿਲਾਂ ਕੀਤੇ ਗਏ ਪ੍ਰਦਰਸ਼ਨ ਦੌਰਾਨ ਵੀ ਨਿਯਮਾਂ ਦੀ ਉਲੰਘਣਾ ਕੀਤੀ ਸੀ। ਜੁਆਇੰਟ ਪੁਲੀਸ ਕਮਿਸ਼ਨਰ* (ਬਾਕੀ ਸਫ਼ਾ 2 'ਤੇ)

## ਉੱਤਰੀ ਰੇਲਵੇ ਵੱਲੋਂ ਰੱਦ ਕੀਤੀਆਂ ਗਈਆਂ ਟਰੇਨਾਂ ਦੀ ਗਿਣਤੀ 250 ਦੇ ਪਾਰ




*ਨਵੀਂ ਦਿੱਲੀ, (ਪੈਗਾਮ-ਏ-ਜਗਤ)*

*ਦਿੱਲੀ ਵਿੱਚ ਕੌਕਰੋਚ ਜਨਤਾ ਪਾਰਟੀ ਦੇ ਪ੍ਰਦਰਸ਼ਨ ਦੇ ਮੱਦੇਨਜ਼ਰ ਰੱਦ ਕੀਤੀਆਂ ਗਈਆਂ ਮੇਲ, ਐਕਸਪ੍ਰੈੱਸ ਅਤੇ ਲੋਕਲ ਟਰੇਨਾਂ ਦੀ ਗਿਣਤੀ ਨੂੰ ਲੈ ਕੇ ਬਣੀ ਅਨਿਸ਼ਚਿਤਤਾ ਦਰਮਿਆਨ ਉੱਤਰੀ ਰੇਲਵੇ ਨੇ ਸ਼ੁੱਕਰਵਾਰ ਦੇਰ ਸ਼ਾਮ ਤੱਕ ਕਈ ਬੁਲੇਟਿਨ ਜਾਰੀ ਕੀਤੇ, ਜਿਸ ਨਾਲ ਰੱਦ ਹੋਈਆਂ ਟਰੇਨਾਂ ਦੀ ਗਿਣਤੀ 38 ਤੋਂ ਵਧ ਕੇ 250 ਤੋਂ ਪਾਰ ਹੋ ਗਈ ਹੈ। ਸਵੇਰੇ ਰੇਲਵੇ ਬੋਰਡ ਵੱਲੋਂ ਜਾਰੀ ਇੱਕ ਅਧਿਕਾਰਤ ਸੂਚਨਾ ਵਿੱਚ ਕਿਹਾ ਗਿਆ ਸੀ ਕਿ ਟਰੈਫ਼?ਕ ਜਾਮ ਕਾਰਨ ਦੂਜੇ ਸੂਬਿਆਂ ਦੇ ਵੱਖ-ਵੱਖ ਸਟੇਸ਼ਨਾਂ ਤੋਂ 9 ਅਕਤੂਬਰ ਨੂੰ ਦੁਪਹਿਰ 2 ਵਜੇ ਤੋਂ ਬਾਅਦ ਚੱਲਣ ਵਾਲੀਆਂ ਅਤੇ 10 ਅਕਤੂਬਰ ਨੂੰ ਸਵੇਰੇ 4 ਵਜੇ ਤੋਂ ਦੁਪਹਿਰ 2 ਵਜੇ ਦੇ ਦਰਮਿਆਨ ਨਵੀਂ ਦਿੱਲੀ ਅਤੇ ਹਜ਼ਰਤ ਨਿਜ਼ਾਮੂਦੀਨ ਰੇਲਵੇ ਸਟੇਸ਼ਨਾਂ 'ਤੇ ਪਹੁੰਚਣ ਵਾਲੀਆਂ ਟਰੇਨਾਂ ਰੱਦ ਰਹਿਣਗੀਆਂ। ਇਸ ਸੂਚਨਾ ਦੇ ਆਧਾਰ 'ਤੇ ਉੱਤਰੀ ਰੇਲਵੇ ਨੇ ਸ਼ੁਰੂਆਤ ਵਿੱਚ 38 ਮੇਲ ਅਤੇ ਐਕਸਪ੍ਰੈੱਸ ਟਰੇਨਾਂ ਨੂੰ ਰੱਦ ਕਰਨ ਦਾ ਐਲਾਨ ਕੀਤਾ ਸੀ। ਹਾਲਾਂਕਿ, ਬਾਅਦ ਵਿੱਚ ਦਿਨ ਵੇਲੇ ਰੇਲਵੇ ਨੇ ਦਿੱਲੀ ਅਤੇ ਨੇੜਲੇ ਸ਼ਹਿਰਾਂ ਜਿਵੇਂ ਕਿ ਗਾਜ਼ੀਆਬਾਦ, ਪਾਣੀਪਤ ਅਤੇ ਸੋਨੀਪਤ ਵਿਚਕਾਰ ਚੱਲਣ ਵਾਲੀਆਂ ਲੋਕਲ ਟਰੇਨਾਂ ਦੀਆਂ ਸੂਚੀਆਂ ਵੀ ਜਾਰੀ ਕਰਨੀਆਂ ਸ਼ੁਰੂ ਕਰ ਦਿੱਤੀਆਂ ਅਤੇ ਉਨ੍ਹਾਂ ਨੂੰ ਵੀ ਰੱਦ ਕਰਨ ਦਾ ਐਲਾਨ ਕਰ ਦਿੱਤਾ।*

*ਇਸ ਤੋਂ ਬਾਅਦ ਰੱਦ ਕੀਤੀਆਂ ਗਈਆਂ ਮੇਲ ਅਤੇ ਐਕਸਪ੍ਰੈੱਸ ਟਰੇਨਾਂ ਦੀ ਗਿਣਤੀ 38 ਤੋਂ ਵਧਾ ਕੇ 45 ਕਰ ਦਿੱਤੀ ਗਈ।* (ਬਾਕੀ ਸਫ਼ਾ 2 'ਤੇ)

#### ਨੰਦੀਗ੍ਰਾਮ ਵਿੱਚ ਭਾਜਪਾ ਉਮੀਦਵਾਰ ਨੇ ਮੁੱਖ ਮੰਤਰੀ ਸੁਵੇਂਦੂ ਦਾ ਰਿਕਾਰਡ ਤੋੜਿਆ

## ਉਪ-ਚੋਣ ਵਿੱਚ 1.22 ਲੱਖ ਵੋਟਾਂ ਨਾਲ ਜਿੱਤ

- ਪੁਡੂਚੇਰੀ ਵਿੱਚ ਐਨਡੀਏ ਅਤੇ ਤਾਮਿਲਨਾਡੂ ਵਿੱਚ ਟੀਵੀਕੇ ਨੇ ਦੋਵੇਂ ਸੀਟਾਂ ਜਿੱਤੀਆਂ

ਕੋਲਕਾਤਾ/ਚੇਨਈ/ਗੁਹਾਟੀ/ਪੁਡੂਚੇਰੀ, 9 ਅਕਤੂਬਰ (ਪੈਗਾਮ-ਏ-ਜਗਤ)

ਸ਼ੁੱਕਰਵਾਰ ਨੂੰ ਪੱਛਮੀ ਬੰਗਾਲ, ਤਾਮਿਲਨਾਡੂ ਅਤੇ ਪੁਡੂਚੇਰੀ ਦੀਆਂ ਪੰਜ ਵਿਧਾਨ ਸਭਾ ਸੀਟਾਂ ਅਤੇ ਅਸਾਮ ਦੀ ਇੱਕ ਲੋਕ ਸਭਾ ਸੀਟ ਲਈ ਉਪ-ਚੋਣਾਂ ਦੇ ਨਤੀਜੇ ਐਲਾਨੇ ਗਏ। ਭਾਜਪਾ ਨੇ ਪੱਛਮੀ ਬੰਗਾਲ ਵਿੱਚ ਨੰਦੀਗ੍ਰਾਮ ਅਤੇ ਰੇਜੀਨਗਰ ਸੀਟਾਂ ਜਿੱਤੀਆਂ, ਜਦਕਿ ਟੀਵੀਕੇ ਨੇ ਤਾਮਿਲਨਾਡੂ ਵਿੱਚ ਦੋਵੇਂ ਸੀਟਾਂ ਹਾਸਲ ਕੀਤੀਆਂ।

ਇਸ ਦੇ ਨਾਲ ਹੀ, ਐਨਡੀਏ ਨੇ ਪੁਡੂਚੇਰੀ ਵਿੱਚ ਇੱਕ ਵਿਧਾਨ ਸਭਾ ਸੀਟ ਜਿੱਤੀ। ਅਸਾਮ ਵਿੱਚ, ਭਾਜਪਾ ਨਾਗਾਓਂ ਲੋਕ ਸਭਾ ਹਲਕੇ ਵਿੱਚ ਅੱਗੇ ਚੱਲ ਰਹੀ ਹੈ। ਭਾਜਪਾ ਉਮੀਦਵਾਰ ਹਸੀਰਾਨੀ ਰਾਠ ਨੇ ਕੁੱਲ 164,427 ਵੋਟਾਂ ਹਾਸਲ ਕਰਕੇ 122,753 ਵੋਟਾਂ ਦੇ ਫਰਕ ਨਾਲ ਨੰਦੀਗ੍ਰਾਮ ਸੀਟ ਜਿੱਤੀ। ਹਸੀਰਾਨੀ ਨੇ ਇਸ ਸੀਟ ਲਈ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਦੇ ਪੁਰਾਣੇ ਰਿਕਾਰਡ ਨੂੰ ਤੋੜ ਦਿੱਤਾ। ਹਸੀਰਾਨੀ ਦੀ 122,753 ਵੋਟਾਂ ਦੀ ਜਿੱਤ ਦਾ ਫਰਕ 1967 ਵਿੱਚ ਇਸ ਹਲਕੇ ਦੇ ਹੋਂਦ ਵਿੱਚ ਆਉਣ ਤੋਂ ਬਾਅਦ ਸਭ ਤੋਂ ਵੱਡਾ ਹੈ। ਸਭ ਤੋਂ ਵੱਡੀ ਜਿੱਤ ਦਾ ਪਿਛਲਾ ਰਿਕਾਰਡ ਸੁਵੇਂਦੂ (ਬਾਕੀ ਸਫ਼ਾ 2 'ਤੇ)

## ਭਾਰਤੀ ਮੂਲ ਦੀ ਨਾਵੀ ਪਿੱਲੇ ਨੂੰ ਮਿਲਿਆ ਨੋਬਲ ਸ਼ਾਂਤੀ ਪੁਰਸਕਾਰ

ਨਵੀਂ ਦਿੱਲੀ, 9 ਅਕਤੂਬਰ (ਪੈਗਾਮ-ਏ-ਜਗਤ)

ਭਾਰਤੀ ਮੂਲ ਦੀ ਦੱਖਣੀ ਅਫ਼ਰੀਕੀ ਨਾਗਰਿਕ ਨਾਵੀ ਪਿੱਲੇ ਨੂੰ ਨੋਬਲ ਸ਼ਾਂਤੀ ਪੁਰਸਕਾਰ ਮਿਲਿਆ ਹੈ। ਉਨ੍ਹਾਂ ਦੇ ਦਾਦਾ ਜੀ ਤਾਮਿਲਨਾਡੂ ਦੇ ਰਹਿਣ ਵਾਲੇ ਸਨ। ਉਹ ਕਾਨੂੰਨ ਦੀ ਮਾਹਿਰ ਹਨ ਅਤੇ ਰਵਾਂਡਾ ਲਈ ਕੌਮਾਂਤਰੀ ਅਪਰਾਧਿਕ ਟ੍ਰਿਬਿਊਨਲ ਦੀ ਸਾਬਕਾ ਪ੍ਰਧਾਨ ਵੀ ਰਹਿ ਚੁੱਕੀਆਂ ਹਨ। ਨਾਰਵੇ ਦੀ ਨੋਬਲ ਕਮੇਟੀ ਨੇ ਸ਼ਾਂਤੀ ਅਤੇ ਕੌਮਾਂਤਰੀ ਕਾਨੂੰਨ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਉਨ੍ਹਾਂ ਦੇ ਯਤਨਾਂ ਦੇ ਮੱਦੇਨਜ਼ਰ ਨਵਨੇਥਮ 'ਨਾਵੀ' ਪਿੱਲੇ ਨੂੰ ਸਾਲ 2026 ਦਾ ਨੋਬਲ ਸ਼ਾਂਤੀ ਪੁਰਸਕਾਰ ਦੇਣ ਦਾ ਫ਼ੈਸਲਾ ਕੀਤਾ ਹੈ।



ਭਾਰਤੀ ਮੂਲ ਦੇ ਤਾਮਿਲ ਪਰਿਵਾਰ ਵਿੱਚ ਜਨਮੀ ਨਾਵੀ ਪਿੱਲੇ ਇੱਕ ਪ੍ਰਮੁੱਖ ਵਕੀਲ ਅਤੇ ਕਾਨੂੰਨ ਦੀ ਮਾਹਿਰ ਬਣੀਆਂ। ਉਨ੍ਹਾਂ ਦਾ ਜਨਮ 23 ਸਤੰਬਰ, 1941 ਨੂੰ ਦੱਖਣੀ ਅਫ਼ਰੀਕਾ ਦੇ ਡਰਬਨ ਸ਼ਹਿਰ ਵਿੱਚ ਉਸ ਸਮੇਂ ਹੋਇਆ, ਜਦੋਂ ਲੋਕਾਂ ਨਾਲ ਉਨ੍ਹਾਂ ਦੇ ਰੰਗ ਦੇ ਆਧਾਰ 'ਤੇ ਵਿਤਕਰਾ ਕੀਤਾ ਜਾਂਦਾ ਸੀ। 85 ਸਾਲਾ ਨਾਵੀ ਪਿੱਲੇ ਨੂੰ ਗੁੰਝਲਦਾਰ ਤੋਂ ਗੁੰਝਲਦਾਰ ਮਾਮਲਿਆਂ ਨੂੰ ਸ਼ਾਂਤੀਪੂਰਨ ਢੰਗ ਨਾਲ ਸੁਲਝਾਉਣ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਦੇ ਇਸੇ ਕੰਮ ਨੂੰ ਧਿਆਨ ਵਿੱਚ (ਬਾਕੀ ਸਫ਼ਾ 2 'ਤੇ)

## ਦੇਸ਼ ਦਾ ਵਿਦੇਸ਼ੀ ਮੁਦਰਾ ਭੰਡਾਰ 12.95 ਅਰਬ ਡਾਲਰ ਘਟ ਕੇ 734.61 ਅਰਬ ਡਾਲਰ 'ਤੇ ਆਇਆ

ਮੁੰਬਈ, 9 ਅਕਤੂਬਰ (ਪੈਗਾਮ-ਏ-ਜਗਤ)

ਦੇਸ਼ ਦਾ ਵਿਦੇਸ਼ੀ ਮੁਦਰਾ ਭੰਡਾਰ 2 ਅਕਤੂਬਰ ਨੂੰ ਖ਼ਤਮ ਹੋਏ ਹਫ਼ਤੇ ਵਿੱਚ 12.95 ਅਰਬ ਡਾਲਰ ਘਟ ਕੇ 734.61 ਅਰਬ ਡਾਲਰ ਰਹਿ ਗਿਆ। ਭਾਰਤੀ ਰਿਜ਼ਰਵ ਬੈਂਕ ਵੱਲੋਂ ਸ਼ੁੱਕਰਵਾਰ ਨੂੰ ਜਾਰੀ ਅੰਕੜਿਆਂ ਮੁਤਾਬਕ, ਕੁੱਲ ਵਿਦੇਸ਼ੀ ਮੁਦਰਾ ਭੰਡਾਰ 25 ਸਤੰਬਰ ਨੂੰ ਖ਼ਤਮ ਹੋਏ ਹਫ਼ਤੇ ਵਿੱਚ 18.34 ਅਰਬ ਡਾਲਰ ਘਟ ਕੇ 747.56 ਅਰਬ ਡਾਲਰ ਰਿਹਾ ਸੀ।

ਪਰਵਾਸੀ ਭਾਰਤੀਆਂ ਦੀਆਂ ਜਮ੍ਹਾਂ ਰਕਮਾਂ 'ਤੇ ਵਿਸ਼ੇਸ਼ ਰਿਆਇਤੀ ਅਦਲਾ-ਬਦਲੀ (ਸਵੈਪ) ਸਕੀਮ ਤਹਿਤ ਵੱਡੀ ਮਾਤਰਾ ਵਿੱਚ ਵਿਦੇਸ਼ੀ ਕਰੰਸੀ ਆਉਣ ਕਾਰਨ 4 ਸਤੰਬਰ ਨੂੰ ਖ਼ਤਮ ਹੋਏ ਹਫ਼ਤੇ ਵਿੱਚ ਵਿਦੇਸ਼ੀ ਮੁਦਰਾ ਭੰਡਾਰ ਹੁਣ ਤੱਕ ਦੇ ਸਭ ਤੋਂ ਉੱਚੇ ਪੱਧਰ 785.71 ਅਰਬ ਡਾਲਰ 'ਤੇ ਪਹੁੰਚ ਗਿਆ ਸੀ। ਇਸ ਸਕੀਮ ਰਾਹੀਂ ਬੈਂਕਾਂ ਨੇ ਲਗਪਗ 133 ਅਰਬ ਡਾਲਰ ਦਾ ਰਿਕਾਰਡ ਫੰਡ ਇਕੱਠਾ ਕੀਤਾ ਹੈ। ਕੇਂਦਰੀ ਬੈਂਕ ਦੇ ਅੰਕੜਿਆਂ ਅਨੁਸਾਰ, 2 ਅਕਤੂਬਰ ਨੂੰ ਖ਼ਤਮ ਹੋਏ ਹਫ਼ਤੇ ਦੌਰਾਨ ਵਿਦੇਸ਼ੀ ਮੁਦਰਾ ਭੰਡਾਰ ਦਾ ਮੁੱਖ ਹਿੱਸਾ ਯਾਨੀ ਵਿਦੇਸ਼ੀ ਕਰੰਸੀ ਸੰਪਤੀਆਂ 10.66 ਅਰਬ ਡਾਲਰ ਘਟ ਕੇ 604.75 ਅਰਬ ਡਾਲਰ ਰਹਿ ਗਈਆਂ। ਡਾਲਰ ਦੇ ਰੂਪ ਵਿੱਚ ਦਰਸਾਈਆਂ ਜਾਣ ਵਾਲੀਆਂ ਵਿਦੇਸ਼ੀ ਕਰੰਸੀ ਸੰਪਤੀਆਂ 'ਤੇ ਭੰਡਾਰ ਵਿੱਚ ਮੌਜੂਦ ਯੂਰੋ, ਪੌਂਡ ਅਤੇ ਯੇਨ ਵਰਗੀਆਂ ਗ਼ੈਰ-ਅਮਰੀਕੀ ਕਰੰਸੀਆਂ ਦੇ ਮੁੱਲ ਵਿੱਚ ਆਏ (ਬਾਕੀ ਸਫ਼ਾ 2 'ਤੇ)

- ਸੋਨੇ ਅਤੇ ਵਿਦੇਸ਼ੀ ਕਰੰਸੀ ਸੰਪਤੀਆਂ ਵਿੱਚ ਵੀ ਆਈ ਗਿਰਾਵਟ




## ਸੀਐਮ ਮਾਨ ਵੱਲੋਂ ਵਿਭਾਗਾਂ ਨੂੰ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ ਲਈ ਵਿਸ਼ਵ ਪੱਧਰ ਦੇ ਪ੍ਰਬੰਧ ਯਕੀਨੀ ਬਣਾਉਣ ਦੇ ਆਦੇਸ਼

- ਚੈਂਪੀਅਨਜ ਟਰਾਫੀ ਦਾ ਉਦਘਾਟਨੀ ਸਮਾਗਮ 27 ਅਕਤੂਬਰ ਨੂੰ ਜਲੰਧਰ ਵਿਖੇ ਹੋਵੇਗਾ, 5 ਨਵੰਬਰ ਤੱਕ ਮੈਚ ਖੇਡੇ ਜਾਣਗੇ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਚੰਡੀਗੜ੍ਹ, 9 ਅਕਤੂਬਰ (ਪੈਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 27 ਅਕਤੂਬਰ ਤੋਂ 5 ਨਵੰਬਰ ਤੱਕ ਹੋਣ ਵਾਲੇ ਏਸ਼ੀਅਨ ਹਾਕੀ ਚੈਂਪੀਅਨਜ ਟਰਾਫੀ ਲਈ ਆਪਸੀ ਤਾਲਮੇਲ, ਅੰਤਰਰਾਸਟਰੀ ਪੱਧਰ ਦੀਆਂ ਸਹੂਲਤਾਂ, ਸਹਿਰਾਂ ਦੇ ਸੁੰਦਰੀਕਰਨ ਅਤੇ ਮਹਿਮਾਨਨਵਾਜੀ 'ਤੇ ਧਿਆਨ ਕੇਂਦਰਿਤ ਕਰਦਿਆਂ ਸਾਰੇ ਵਿਭਾਗਾਂ ਨੂੰ ਆਲਮੀ ਪੱਧਰ ਦੇ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ ਦਿੱਤੇ ਹਨ। ਉਨ੍ਹਾਂ ਨੇ ਲੋਕਾਂ ਦਾ ਉਤਸਾਹ ਵਧਾਉਣ ਲਈ ਰਾਜ ਪੱਧਰੀ ਟਰਾਫੀ ਟੂਰ ਅਤੇ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਸਮੂਲੀਅਤ ਦਾ ਸੱਦਾ ਵੀ ਦਿੱਤਾ। ਉਨ੍ਹਾਂ ਨੇ ਜੋਰ ਦੇ ਕੇ ਕਿਹਾ ਕਿ ਪੰਜਾਬ ਨੂੰ ਅੰਤਰਰਾਸਟਰੀ ਖੇਡ ਸਮਾਗਮਾਂ ਦੀ ਮੇਜਬਾਨੀ ਵਿੱਚ ਨਵੇਂ ਕੀਰਤੀਮਾਨ ਸਥਾਪਤ ਕਰਨੇ ਚਾਹੀਦੇ ਹਨ।

ਚੈਂਪੀਅਨਜ ਟਰਾਫੀ ਬਾਰੇ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਯਕੀਨੀ ਬਣਾਇਆ ਜਾਵੇਗਾ ਕਿ ਇਹ ਵੱਕਾਰੀ ਅੰਤਰਰਾਸਟਰੀ ਖੇਡ ਸਮਾਗਮ ਪੰਜਾਬ ਦੇ ਖੇਡ ਇਤਿਹਾਸ ਵਿੱਚ ਨਵਾਂ ਮੀਲ ਪੱਥਰ ਸਥਾਪਤ ਕਰੇ।" ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਹਿੱਸਾ ਲੈਣ ਵਾਲੀਆਂ ਟੀਮਾਂ, ਅਧਿਕਾਰੀਆਂ, ਦਰਸਕਾਂ ਅਤੇ ਆਉਣ ਵਾਲੇ ਮਹਿਮਾਨਾਂ ਨੂੰ ਵਿਸ਼ਵ ਪੱਧਰ ਦੀਆਂ ਸਹੂਲਤਾਂ ਪ੍ਰਦਾਨ ਕਰਨ ਵਿੱਚ ਕੋਈ ਕਸਰ ਨਾ ਛੱਡਣ ਦੇ ਹੁਕਮ ਦਿੱਤੇ।



ਮੁੱਖ ਮੰਤਰੀ ਨੇ ਕਿਹਾ, "ਪੰਜਾਬ ਆਪਣੇ ਅਮੀਰ ਹਾਕੀ ਵਿਰਸੇ ਅਤੇ ਭਾਰਤੀ ਖੇਡਾਂ ਵਿੱਚ ਮਹਾਨ ਯੋਗਦਾਨ ਲਈ ਪੂਰੀ ਦੁਨੀਆ ਵਿੱਚ ਜਾਣਿਆ ਜਾਂਦਾ ਹੈ। ਸਾਨੂੰ ਅੰਤਰਰਾਸਟਰੀ ਖੇਡ ਸਮਾਗਮ ਕਰਵਾਉਣ ਦੇ ਨਵੇਂ ਕੀਰਤੀਮਾਨ ਸਥਾਪਤ ਕਰਨੇ ਚਾਹੀਦੇ ਹਨ ਅਤੇ ਹਿੱਸਾ ਲੈਣ ਵਾਲੀਆਂ ਟੀਮਾਂ, ਅਧਿਕਾਰੀਆਂ, ਦਰਸਕਾਂ ਅਤੇ ਮਹਿਮਾਨਾਂ ਨੂੰ ਵਿਸਵ ਪੱਧਰੀ ਸਹੂਲਤਾਂ ਪ੍ਰਦਾਨ ਕਰਨੀਆਂ ਚਾਹੀਦੀਆਂ ਹਨ।"

ਉਨ੍ਹਾਂ ਕਿਹਾ ਕਿ ਭਾਰਤ, ਚੀਨ, ਮਲੇਸੀਆ, ਜਾਪਾਨ, ਬੰਗਲਾਦੇਸ ਅਤੇ ਦੱਖਣੀ ਕੋਰੀਆ ਸਮੇਤ ਪ੍ਰਮੁੱਖ ਹਾਕੀ ਦੇਸਾਂ ਦੀ ਸਮੂਲੀਅਤ ਨਾਲ ਪੰਜਾਬ ਅੰਤਰਰਾਸਟਰੀ ਖੇਡ ਜਗਤ ਦੇ ਕੇਂਦਰ ਵਿੱਚ ਆ ਜਾਵੇਗਾ ਅਤੇ ਇਸ ਨਾਲ ਆਪਣੀ ਮਹਿਮਾਨਨਵਾਜੀ, ਬੁਨਿਆਦੀ ਢਾਂਚੇ, ਖੇਡ ਪ੍ਰਾਪਤੀਆਂ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਦਰਸਾਉਣ ਦਾ ਮੌਕਾ ਮਿਲੇਗਾ।

ਮੁੱਖ ਮੰਤਰੀ ਨੇ ਦੱਸਿਆ ਕਿ ਟੂਰਨਾਮੈਂਟ ਦਾ ਉਦਘਾਟਨੀ ਸਮਾਰੋਹ 27 ਅਕਤੂਬਰ ਨੂੰ ਜਲੰਧਰ ਵਿਖੇ ਹੋਵੇਗਾ, ਜਦੋਂ ਕਿ ਮੈਚ 27 ਅਕਤੂਬਰ ਤੋਂ 5 ਨਵੰਬਰ ਤੱਕ ਖੇਡੇ ਜਾਣਗੇ। ਉਨ੍ਹਾਂ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਤਿਆਰੀਆਂ ਸਮੇਂ ਤੋਂ ਪਹਿਲਾਂ ਮੁਕੰਮਲ ਕਰਨ ਅਤੇ ਇਹ ਯਕੀਨੀ ਬਣਾਉਣ ਦੇ ਨਿਰਦੇਸ ਦਿੱਤੇ ਕਿ ਚੈਂਪੀਅਨਸ਼ਿਪ ਦਾ (ਬਾਕੀ ਸਫ਼ਾ 2 'ਤੇ)



## ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਸਮਾਪਤੀ ਤੋਂ ਪਹਿਲਾਂ ਮੁੜ ਭਾਰੀ ਬਰਫਬਾਰੀ

### ਸਾਲਾਨਾ ਯਾਤਰਾ ਦੀ ਅੱਜ ਹੋਵੇਗੀ ਸਮਾਪਤ

ਅੰਮ੍ਰਿਤਸਰ, 9 ਅਕਤੂਬਰ (ਪੈਗਾਮ-ਏ-ਜਗਤ)

ਉੱਤਰਾਖੰਡ ਸਥਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਸਾਲਾਨਾ ਯਾਤਰਾ ਦੀ ਸਮਾਪਤੀ ਤੋਂ ਇੱਕ ਦਿਨ ਪਹਿਲਾਂ ਬੀਤੀ ਸ਼ਾਮ ਮੁੜ ਭਾਰੀ ਬਰਫ਼ਬਾਰੀ ਹੋਈ ਹੈ। ਇਹ ਸਾਲਾਨਾ ਯਾਤਰਾ 10 ਅਕਤੂਬਰ ਨੂੰ ਸਮਾਪਤ ਹੋਵੇਗੀ। ਲਗਭਗ 15 ਹਜ਼ਾਰ ਫੁੱਟ ਤੋਂ ਵਧੇਰੇ ਉੱਚਾਈ 'ਤੇ ਸਥਾਪਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਭਲਕੇ ਦੁਪਹਿਰ 2 ਵਜੇ ਤੋਂ ਬਾਅਦ ਸੀਤ ਕਾਲ ਲਈ ਬੰਦ ਕਰ ਦਿੱਤੇ ਜਾਣਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਸੀ.ਈ.ਓ. ਭਾਈ ਸੇਵਾ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਅਤੇ ਇਸ ਦੇ ਆਲੇ-ਦੁਆਲੇ ਉੱਚੀਆਂ ਪਹਾੜੀਆਂ 'ਤੇ ਭਾਰੀ ਬਰਫ਼ਬਾਰੀ ਹੋਈ ਹੈ, ਜਿਸ ਨਾਲ ਗੁਰਦੁਆਰਾ ਸਾਹਿਬ ਅਤੇ ਇਸ ਦੇ ਆਲੇ-ਦੁਆਲੇ ਬਰਫ਼ ਦੀ ਚਿੱਟੀ ਚਾਦਰ ਵਿਛ ਗਈ ਹੈ। ਇਸ ਦੌਰਾਨ ਬਰਫ਼ ਨੂੰ ਹਟਾਉਣ (ਬਾਕੀ ਸਫ਼ਾ 2 'ਤੇ)




## ਸੀਬੀਆਈ ਜਾਂਚ ਖ਼ਿਲਾਫ਼ ਪੰਜਾਬ ਸਰਕਾਰ ਦੀ ਪਟੀਸ਼ਨ 'ਤੇ ਸੁਣਵਾਈ ਤੋਂ ਜਸਟਿਸ ਸ਼ੀਲ ਨਾਗੂ ਹੋਏ ਵੱਖ

ਨਵੀਂ ਦਿੱਲੀ, 9 ਅਕਤੂਬਰ (ਪੈਗਾਮ-ਏ-ਜਗਤ)

ਸੁਪਰੀਮ ਕੋਰਟ ਦੇ ਜੱਜ ਜਸਟਿਸ ਸ਼ੀਲ ਨਾਗੂ ਨੇ ਸ਼ੁੱਕਰਵਾਰ ਨੂੰ 'ਆਪ' ਅਗਵਾਈ ਵਾਲੀ ਸਰਕਾਰ ਨਾਲ ਜੁੜੇ ਲੋਕਾਂ ਵਿਰੁੱਧ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀ ਜਾਂਚ ਕਰਨ ਅਤੇ ਦੋ ਮਹੀਨਿਆਂ ਦੇ ਅੰਦਰ ਰਿਪੋਰਟ ਦਾਖ਼ਲ ਕਰਨ ਦੇ ਸੀਬੀਆਈ ਨੂੰ ਹਾਈ ਕੋਰਟ ਦੇ ਨਿਰਦੇਸ਼ 'ਤੇ ਰੋਕ ਲਗਾਉਣ ਦੀ ਮੰਗ ਕਰਨ ਵਾਲੀ ਪੰਜਾਬ ਸਰਕਾਰ ਦੀ ਪਟੀਸ਼ਨ ਦੀ ਸੁਣਵਾਈ ਤੋਂ ਆਪਣੇ ਆਪ ਨੂੰ ਵੱਖ ਕਰ ਲਿਆ ਹੈ।

ਜਿਵੇਂ ਹੀ ਇਹ ਮਾਮਲਾ ਜਸਟਿਸ ਦੀਪਾਂਕਰ ਦੱਤਾ ਅਤੇ ਜਸਟਿਸ ਸ਼ੀਲ ਨਾਗੂ ਦੇ ਬੈਂਚ ਦੇ ਸਾਹਮਣੇ ਆਇਆ ਜਸਟਿਸ ਦੱਤਾ ਨੇ ਕਿਹਾ, ਇਸ ਦੀ ਸੁਣਵਾਈ ਜਸਟਿਸ ਨਾਗੂ ਵੱਲੋਂ ਨਹੀਂ ਕੀਤੀ ਜਾ ਸਕਦੀ।

ਸੁਪਰੀਮ ਕੋਰਟ ਵਿੱਚ ਆਪਣੀ ਤਰੱਕੀ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਮੁੱਖ ਜੱਜ ਵਜੋਂ ਆਪਣੇ ਕਾਰਜਕਾਲ ਦੌਰਾਨ ਜਸਟਿਸ ਨਾਗੂ ਨੇ 'ਆਪ' ਅਗਵਾਈ ਵਾਲੀ ਪੰਜਾਬ ਸਰਕਾਰ ਨਾਲ ਜੁੜੇ ਕੇਸਾਂ ਦੀ ਲਗਾਤਾਰ ਸੁਣਵਾਈ ਕੀਤੀ ਸੀ। ਪੰਜਾਬ ਸਰਕਾਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਜੈਦੀਪ ਗੁਪਤਾ ਨੇ ਦਲੀਲ ਦਿੱਤੀ ਕਿ ਉਹ ਜਸਟਿਸ ਨਾਗੂ ਦੁਆਰਾ ਨਜਿੱਠੇ ਗਏ ਫ਼ੈਸਲਿਆਂ 'ਤੇ ਭਰੋਸਾ ਨਹੀਂ ਕਰ ਰਹੇ ਹਨ।



ਜਸਟਿਸ ਦੱਤਾ ਨੇ ਕਿਹਾ, ਨਹੀਂ, ਨਹੀਂ। ਮਿਸਟਰ ਗੁਪਤਾ, ਅਸੀਂ ਬਹੁਤ ਮੁਸ਼ਕਲ ਸਮੇਂ ਵਿੱਚ ਹਾਂ। ਕੋਈ ਨਹੀਂ ਜਾਣਦਾ ਕਿ ਹਮਲਾ ਕਿੱਥੋਂ ਆਵੇਗਾ। ਇੱਥੇ 17 ਹੋਰ ਬੈਂਚ ਹਨ। ਅਸੀਂ ਕੇਸ ਨੂੰ ਸੀਜੇਆਈ ਦੇ ਸਾਹਮਣੇ ਰੱਖਣ ਲਈ ਆਦੇਸ਼ 'ਤੇ ਦਸਤਖ਼ਤ ਕਰਾਂਗੇ, ਤੁਸੀਂ (ਇਸਦਾ) ਜ਼ਿਕਰ ਕਰੋ। ਸੋਮਵਾਰ ਨੂੰ, ਪੰਜਾਬ ਸਰਕਾਰ ਨੇ ਵਕੀਲ ਨਿਖਿਲ ਸਰਾਫ ਵੱਲੋਂ ਦਾਇਰ ਇੱਕ ਪਟੀਸ਼ਨ 'ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ ਦੇ ਖ਼ਿਲਾਫ਼ ਸਿਖਰਲੀ ਅਦਾਲਤ ਦਾ ਰੁਖ਼ ਕੀਤਾ ਸੀ।

ਦੋਸ਼ਾਂ ਵਿੱਚ ਤਬਾਦਲਿਆਂ ਲਈ ਨਕਦੀ ਅਤੇ ਅਨੁਕੂਲ ਨੀਤੀਆਂ ਪ੍ਰਾਪਤ ਕਰਨ ਲਈ ਨਕਦੀ ਸ਼ਾਮਲ ਹਨ।

#### ਅਮਰੀਕਾ ਦੀ ਕਾਰਵਾਈ ਦਰਮਿਆਨ ਟੀਸੀਐਸ ਦਾ ਅਹਿਮ ਬਿਆਨ

## ਅਗਲੇ 5 ਸਾਲਾਂ ਵਿੱਚ 15,000 ਲੋਕਾਂ ਨੂੰ ਭਰਤੀ ਕਰੇਗੀ ਕੰਪਨੀ

- ਅਮਰੀਕਾ ਨੇ ਟੀਸੀਐਸ ਸਮੇਤ ਅੱਠ ਆਈ.ਟੀ. ਕੰਪਨੀਆਂ ਨੂੰ 'ਪਰਮਾਨੈਂਟ ਲੇਬਰ ਸਰਟੀਫਿਕੇਸ਼ਨ ਪ੍ਰੋਗਰਾਮ' ਤੋਂ ਮੁਅੱਤਲ ਕੀਤਾ

ਨਵੀਂ ਦਿੱਲੀ, 9 ਅਕਤੂਬਰ (ਪੈਗਾਮ-ਏ-ਜਗਤ)

ਟਾਟਾ ਕੰਸਲਟੈਂਸੀ ਸਰਵਿਸਿਜ਼ (ਟੀਸੀਐਸ) ਨੇ ਸ਼ੁੱਕਰਵਾਰ ਨੂੰ ਕਿਹਾ ਕਿ 'ਗ੍ਰੀਨ ਕਾਰਡ' ਪ੍ਰੋਗਰਾਮ ਸਬੰਧੀ ਅਮਰੀਕਾ ਦੀ ਕਾਰਵਾਈ ਕਾਰਨ ਉਸਦੀ ਕਰਮਚਾਰੀ ਰਣਨੀਤੀ ਜਾਂ ਗਾਹਕਾਂ ਦੇ ਕੰਮਕਾਜ 'ਤੇ ਕਿਸੇ ਵੀ ਤਰ੍ਹਾਂ ਦੇ ਅਸਰ ਦੀ ਸੰਭਾਵਨਾ ਨਹੀਂ ਹੈ।

ਦੇਸ਼ ਦੀ ਸਭ ਤੋਂ ਵੱਡੀ ਆਈ.ਟੀ. ਸੇਵਾਵਾਂ ਵਾਲੀ ਕੰਪਨੀ ਨੇ ਦੱਸਿਆ ਕਿ ਇਸਦਾ ਮੁੱਖ ਕਾਰਨ ਇਹ ਹੈ ਕਿ ਪਿਛਲੇ ਦੋ ਸਾਲਾਂ ਦੌਰਾਨ ਇਸ ਪ੍ਰੋਗਰਾਮ ਤਹਿਤ ਦਿੱਤੀਆਂ ਗਈਆਂ ਅਰਜ਼ੀਆਂ ਦੀ ਗਿਣਤੀ ਬਹੁਤ ਘੱਟ (ਸਿੰਗਲ ਡਿਜਿਟ) ਰਹੀ ਹੈ। ਇਸ ਤੋਂ ਇਲਾਵਾ, ਕੰਪਨੀ ਦਾ ਧਿਆਨ ਸਥਾਨਕ ਪ੍ਰਤਿਭਾ ਨੂੰ ਭਰਤੀ ਕਰਨ 'ਤੇ ਕੇਂਦਰਿਤ ਹੈ। ਵੀਰਵਾਰ ਨੂੰ, ਅਮਰੀਕਾ ਨੇ ਵਿਦੇਸ਼ੀ ਕਰਮਚਾਰੀਆਂ ਲਈ 'ਗ੍ਰੀਨ ਕਾਰਡ' ਅਰਜ਼ੀਆਂ ਨਾਲ ਸਬੰਧਤ ਇੱਕ ਪ੍ਰੋਗਰਾਮ ਤੋਂ ਅੱਠ ਆਈ.ਟੀ. ਕੰਪਨੀਆਂ—ਜਿਨ੍ਹਾਂ ਵਿੱਚ ਟੀਸੀਐਸ, ਇਨਫੋਸਿਸ, ਵਿਪਰੋ, ਕੌਗਨੀਜ਼ੈਂਟ ਅਤੇ ਮਾਈਕ੍ਰੋਸਾਫਟ ਸ਼ਾਮਲ ਹਨ—ਨੂੰ ਮੁਅੱਤਲ ਕਰ ਦਿੱਤਾ।




ਅਮਰੀਕਾ ਦਾ ਦੋਸ਼ ਹੈ ਕਿ ਇਸ ਪ੍ਰਕਿਰਿਆ ਕਾਰਨ ਅਮਰੀਕੀ ਨਾਗਰਿਕ ਰੁਜ਼ਗਾਰ ਦੇ ਮੌਕਿਆਂ ਤੋਂ ਵਾਂਝੇ ਰਹਿ ਗਏ ਹਨ। ਇੱਕ ਬਿਆਨ ਵਿੱਚ, ਟੀਸੀਐਸ ਨੇ ਕਿਹਾ, ਪਿਛਲੇ ਦੋ ਸਾਲਾਂ ਵਿੱਚ ਸਾਡੀਆਂ 'ਪਰਮਾਨੈਂਟ ਲੇਬਰ ਸਰਟੀਫਿਕੇਸ਼ਨ ਪ੍ਰੋਗਰਾਮ' ਅਰਜ਼ੀਆਂ ਦੀ ਗਿਣਤੀ ਬਹੁਤ ਘੱਟ (ਸਿੰਗਲ ਡਿਜਿਟ) ਰਹੀ ਹੈ। (ਬਾਕੀ ਸਫ਼ਾ 2 'ਤੇ)

# ਸਮੂਰ ਕਲਾਂ ਆਬਜ਼ਰਵੇਸ਼ਨ ਹੋਮ ਅਤੇ ਬੰਗੜ੍ਹ ਵਿੱਚ ਵਿਸ਼ੇਸ਼ ਕੈਂਪ ਲਗਾਏ, ਮਾਨਸਿਕ ਸਿਹਤ, ਭਾਵਨਾਤਮਕ ਤੰਦਰੁਸਤੀ ਅਤੇ ਕਾਨੂੰਨੀ ਹੱਕਾਂ ਬਾਰੇ ਕੀਤਾ ਜਾਗਰੂਕ

**ਊਨਾ, 9 ਅਕਤੂਬਰ**
**(ਪੈ.ਗਾਮ-ਏ-ਜਗਤ)**

ਵਿਸ਼ਵ ਮਾਨਸਿਕ ਸਿਹਤ ਦਿਵਸ ਦੇ ਮੌਕੇ ’ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਬੰਗੜ੍ਹ ਸਥਿਤ ਜ਼ਿਲ੍ਹਾ ਜੇਲ੍ਹ ਅਤੇ ਸਮੂਰ ਕਲਾਂ ਸਥਿਤ ਆਬਜ਼ਰਵੇਸ਼ਨ ਹੋਮ-ਕਮ-ਪਲੇਸ ਆਫ਼ ਸੇਫ਼ਟੀ ਵਿੱਚ ਮਾਨਸਿਕ ਸਿਹਤ ਸਬੰਧੀ ਵਿਸ਼ੇਸ਼ ਕੈਂਪ ਅਤੇ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ। ਇਨ੍ਹਾਂ ਪ੍ਰੋਗਰਾਮਾਂ ਦਾ ਉਦੇਸ਼ ਕੈਦੀਆਂ ਅਤੇ ਆਬਜ਼ਰਵੇਸ਼ਨ ਹੋਮ ਵਿੱਚ ਰਹਿ ਰਹੇ ਨਾਬਾਲਗਾਂ ਦੀ ਮਾਨਸਿਕ ਸਿਹਤ ਨੂੰ ਬਿਹਤਰ ਬਣਾਉਣਾ ਅਤੇ ਉਨ੍ਹਾਂ ਨੂੰ ਲੋੜੀਂਦੀਆਂ ਸਿਹਤ ਸੇਵਾਵਾਂ ਤੇ ਕਾਨੂੰਨੀ ਸਹਾਇਤਾ ਬਾਰੇ ਜਾਗਰੂਕ ਕਰਨਾ ਸੀ।

ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਦੀ ਸਕੱਤਰ ਸ਼ਿਖਾ ਲਖਨਪਾਲ ਨੇ ਬੰਗੜ੍ਹ ਸਥਿਤ ਜ਼ਿਲ੍ਹਾ ਜੇਲ੍ਹ ਦਾ ਦੌਰਾ ਕੀਤਾ ਅਤੇ ਉੱਥੇ ਬੰਦ ਕੈਦੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਕੈਦੀਆਂ ਦੀ ਭਲਾਈ, ਮਾਨਸਿਕ ਸਿਹਤ, ਭਾਵਨਾਤਮਕ ਸੰਤੁਲਨ ਅਤੇ ਕਾਨੂੰਨੀ ਸੇਵਾਵਾਂ ਤੱਕ ਉਨ੍ਹਾਂ ਦੀ ਪਹੁੰਚ ਨਾਲ ਜੁੜੇ ਵੱਖ-ਵੱਖ ਪਹਿਲੂਆਂ ਬਾਰੇ ਚਰਚਾ ਕੀਤੀ। ਇਸ ਦੇ ਨਾਲ ਹੀ, ਉਨ੍ਹਾਂ ਨੂੰ ਮਾਨਸਿਕ ਸਿਹਤ ਦੀ ਮਹੱਤਤਾ ਬਾਰੇ ਜਾਗਰੂਕ ਕਰਦਿਆਂ ਆਪਣੇ ਭਾਵਨਾਤਮਕ ਸੁਖ-ਸੰਤੁਲਨ ਦਾ ਧਿਆਨ ਰੱਖਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਤੋਂ ਬਾਅਦ ਸਕੱਤਰ ਸ਼ਿਖਾ ਲਖਨਪਾਲ ਨੇ ਸਮੂਰ ਕਲਾਂ ਸਥਿਤ ਆਬਜ਼ਰਵੇਸ਼ਨ ਹੋਮ-ਕਮ-ਪਲੇਸ ਆਫ਼ ਸੇਫ਼ਟੀ ਦਾ ਵੀ ਦੌਰਾ ਕੀਤਾ ਅਤੇ ਉੱਥੇ ਰਹਿ ਰਹੇ ਨਾਬਾਲਗਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਦੀ ਸਿਹਤ, ਭਾਵਨਾਤਮਕ ਲੋੜਾਂ, ਭਲਾਈ ਅਤੇ ਸਰਬਪੱਖੀ ਵਿਕਾਸ ਨਾਲ ਸਬੰਧਤ ਵਿਸ਼ਿਆਂ ’ਤੇ ਚਰਚਾ ਕੀਤੀ ਗਈ। ਨਾਬਾਲਗਾਂ ਨੂੰ ਮਾਨਸਿਕ ਸਿਹਤ ਬਾਰੇ ਜਾਗਰੂਕ ਕਰਦਿਆਂ ਸਕਾਰਾਤਮਕ ਸੋਚ ਅਪਣਾਉਣ ਅਤੇ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਢੁਕਵੀਂ ਸੇਧ ਤੇ ਸਹਾਇਤਾ ਲੈਣ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।

ਪ੍ਰੋਗਰਾਮ ਤਹਿਤ ਸਿਹਤ ਵਿਭਾਗ, ਊਨਾ ਦੇ ਮੈਡੀਕਲ ਅਫ਼ਸਰ ਅਤੇ ਮਨੋਵਿਗਿਆਨੀ ਵੱਲੋਂ ਸਮੂਰ ਕਲਾਂ ਦੇ ਆਬਜ਼ਰਵੇਸ਼ਨ ਹੋਮ ਵਿੱਚ ਰਹਿ ਰਹੇ ਨਾਬਾਲਗਾਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਦੀਆਂ ਮਾਨਸਿਕ ਸਿਹਤ ਸਬੰਧੀ ਲੋੜਾਂ ਦਾ ਮੁਲਾਂਕਣ ਕੀਤਾ ਗਿਆ। ਇਸੇ ਦੌਰਾਨ, ਬੰਗੜ੍ਹ ਸਥਿਤ ਜ਼ਿਲ੍ਹਾ ਜੇਲ੍ਹ ਵਿੱਚ ਬੰਦ ਕੈਦੀਆਂ ਦੀ ਸਿਹਤ ਜਾਂਚ ਅਤੇ ਮਾਨਸਿਕ ਸਿਹਤ ਸਬੰਧੀ ਲੋੜਾਂ ਦਾ ਮੁਲਾਂਕਣ ਕਰਨ ਲਈ 11 ਅਕਤੂਬਰ ਨੂੰ ਮੈਡੀਕਲ ਅਫ਼ਸਰ ਅਤੇ ਮਨੋਵਿਗਿਆਨੀ ਦੇ ਦੌਰੇ ਦਾ ਪ੍ਰੋਗਰਾਮ ਤੈਅ ਕੀਤਾ ਗਿਆ ਹੈ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕਰਵਾਏ ਗਏ ਇਨ੍ਹਾਂ ਪ੍ਰੋਗਰਾਮਾਂ ਦਾ ਉਦੇਸ਼ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਵਧਾਉਣਾ, ਸਹਾਇਤਾ ਦੀ ਲੋੜ ਵਾਲੇ ਵਿਅਕਤੀਆਂ ਦੀਆਂ ਭਾਵਨਾਤਮਕ ਲੋੜਾਂ ਨੂੰ ਸਮਝਣਾ ਅਤੇ ਉਨ੍ਹਾਂ ਤੱਕ ਲੋੜੀਂਦੀਆਂ ਸਿਹਤ ਸੇਵਾਵਾਂ ਤੇ ਕਾਨੂੰਨੀ ਸਹਾਇਤਾ ਪਹੁੰਚਾਉਣ ਵਿੱਚ ਮਦਦ ਕਰਨਾ ਹੈ।

# ਐਸਡੀਐਮ ਨੇ ਰਤੀਆ ਅਨਾਜ ਮੰਡੀ ਦਾ ਕੀਤਾ ਨਿਰੀਖਣ, ਝੋਨੇ ਦੀ ਲਿਫਟਿੰਗ ਵਿੱਚ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼

**ਪੈਗਾਮ-ਏ-ਜਗਤ**
**ਰਤੀਆ, 9 ਅਕਤੂਬਰ**
**(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**



ਰਤੀਆ ਅਨਾਜ ਮੰਡੀ ਵਿੱਚ ਝੋਨੇ ਦੀ ਖਰੀਦ ਕਾਰਜ ਨੂੰ ਸੁਚਾਰੂ ਰੂਪ ਨਾਲ ਸੰਚਾਲਿਤ ਕਰਨ ਅਤੇ ਕਿਸਾਨਾਂ ਨੂੰ ਫਸਲ ਵੇਚਣ ਵਿੱਚ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਹੋਵੇ, ਇਸ ਦੇ ਮੱਦੇਨਜ਼ਰ ਐਸਡੀਐਮ ਸੁਰਿੰਦਰ ਸਿੰਘ ਨੇ ਅਨਾਜ ਮੰਡੀ ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਮੰਡੀ ਵਿੱਚ ਚੱਲ ਰਹੀ ਝੋਨੇ ਦੀ ਖਰੀਦ ਪ੍ਰਕਿਰਿਆ, ਖਰੀਦ ਏਜੰਸੀਆਂ ਦੀ ਕਾਰਜਪ੍ਰਣਾਲੀ ਅਤੇ ਖਰੀਦੇ ਗਏ ਝੋਨੇ ਦੀ ਲਿਫਟਿੰਗ ਦੀ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਖਰੀਦ ਏਜੰਸੀਆਂ ਦੇ ਪ੍ਰਤੀਨਿਧਾਂ ਤੋਂ ਖਰੀਦ ਕਾਰਜ ਦੀ ਜਾਣਕਾਰੀ ਲੈਂਦਿਆਂ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਨਿਰੀਖਣ ਦੌਰਾਨ ਐਸਡੀਐਮ ਸੁਰਿੰਦਰ ਸਿੰਘ ਨੇ ਖਰੀਦ ਏਜੰਸੀਆਂ ਨੂੰ ਨਿਰਦੇਸ਼ ਦਿੱਤੇ ਕਿ ਮੰਡੀ ਵਿੱਚ ਖਰੀਦੇ ਜਾ ਚੁੱਕੇ ਝੋਨੇ ਦਾ ਉਠਾਨ ਤੇਜ਼ ਗਤੀ ਨਾਲ ਯਕੀਨੀ ਬਣਾਇਆ ਜਾਵੇ, ਤਾਂ ਜੋ ਮੰਡੀ ਵਿੱਚ ਫਸਲ ਦੇ ਢੇਰ ਜ਼ਿਆਦਾ ਸਮੇਂ ਤੱਕ ਜਮ੍ਹਾਂ ਨਾ ਰਹਿਣ। ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਦੇ ਨਾਲ-ਨਾਲ ਉਸ ਦੀ ਲਿਫਟਿੰਗ ਵੀ ਨਿਰਧਾਰਤ ਸਮੇਂ ’ਤੇ ਹੋਣੀ ਜ਼ਰੂਰੀ ਹੈ। ਇਸ ਨਾਲ ਮੰਡੀ ਵਿੱਚ ਜਗ੍ਹਾ ਉਪਲਬਧ ਰਹੇਗੀ ਅਤੇ ਕਿਸਾਨਾਂ ਨੂੰ ਆਪਣੀ ਫਸਲ ਲੈ ਕੇ ਆਉਣ ਵਿੱਚ ਸਹੂਲਤ ਹੋਵੇਗੀ। ਉਨ੍ਹਾਂ ਨੇ ਸਬੰਧਤ ਏਜੰਸੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਉਠਾਨ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਐਸਡੀਐਮ ਨੇ ਕਿਹਾ ਕਿ ਝੋਨੇ ਦੀ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਪ੍ਰਸ਼ਾਸਨ ਦੀ ਤਰਜੀਹ ਹੈ। ਇਸ ਲਈ ਖਰੀਦ ਏਜੰਸੀਆਂ ਇਹ ਯਕੀਨੀ ਬਣਾਉਣ ਕਿ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਬੇਲੋੜਾ ਇੰਤਜ਼ਾਰ ਨਾ ਕਰਨਾ ਪਵੇ। ਖਰੀਦ ਕਾਰਜ ਵਿੱਚ ਕਿਸੇ ਕਿਸਮ ਦੀ ਲਾਪਰਵਾਹੀ ਨਹੀਂ ਹੋਣੀ ਚਾਹੀਦੀ ਅਤੇ ਸਾਰੇ ਸਬੰਧਤ ਅਧਿਕਾਰੀ ਆਪਣੀ ਜ਼ਿੰਮੇਵਾਰੀ ਦਾ ਗੰਭੀਰਤਾ ਨਾਲ ਨਿਰਵਾਹ ਕਰਨ। ਉਨ੍ਹਾਂ ਨੇ ਮੰਡੀ ਵਿੱਚ ਖਰੀਦ ਅਤੇ ਉਠਾਨ ਕਾਰਜ ਦੀ ਨਿਯਮਤ ਨਿਗਰਾਨੀ ਕਰਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਸਬੰਧਤ ਏਜੰਸੀਆਂ ਖਰੀਦ ਪ੍ਰਕਿਰਿਆ ਨੂੰ ਵਿਵਸਥਿਤ ਢੰਗ ਨਾਲ ਸੰਚਾਲਿਤ ਕਰਨ, ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

# ਸਾਦਗੀ ਨਾਲ ਮਨਾਇਆ ਮੁਕੇਸ਼ ਅਗਨੀਹੋਤਰੀ ਨੇ ਜਨਮਦਿਨ, ਦੇਸ਼ ਭਰ ਤੋਂ ਮਿਲੀਆਂ ਵਧਾਈਆਂ

**ਹਰੋਲੀ/ਊਨਾ, 9 ਅਕਤੂਬਰ**
**(ਪੈ.ਗਾਮ-ਏ-ਜਗਤ)**



ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਸ਼ੁੱਕਰਵਾਰ ਨੂੰ ਆਪਣਾ ਜਨਮਦਿਨ ਸਾਦਗੀ ਨਾਲ ਮਨਾਇਆ। ਇਸ ਮੌਕੇ ਗੋਂਦਪੁਰ ਬੁੱਲਾ ਦੇ ਕਮਿਊਨਿਟੀ ਪਾਰਕ ਵਿੱਚ ਕਰਵਾਏ ਗਏ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਲੋਕ ਉਨ੍ਹਾਂ ਨੂੰ ਜਨਮਦਿਨ ਦੀਆਂ ਵਧਾਈਆਂ ਦੇਣ ਪਹੁੰਚੇ।

- **ਗਊ ਸੇਵਾ ਨਾਲ ਕੀਤੀ ਦਿਨ ਦੀ ਸ਼ੁਰੂਆਤ, ਗੋਂਦਪੁਰ ਬੁੱਲਾ ਦੇ ਕਮਿਊਨਿਟੀ ਪਾਰਕ ਵਿੱਚ ਲੋਕਾਂ ਨਾਲ ਕੇਕ ਕੱਟਿਆ**
- **ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਫ਼ੋਨ ਕਰਕੇ ਦਿੱਤੀ ਵਧਾਈ**

ਮੁਕੇਸ਼ ਅਗਨੀਹੋਤਰੀ ਨੇ ਸਥਾਨਕ ਲੋਕਾਂ ਨਾਲ ਕੇਕ ਕੱਟ ਕੇ ਜਨਮਦਿਨ ਮਨਾਇਆ। ਦਿਨ ਭਰ ਇਲਾਕਾ ਵਾਸੀਆਂ, ਪਾਰਟੀ ਵਰਕਰਾਂ, ਸਮਰਥਕਾਂ ਅਤੇ ਸ਼ੁਭਚਿੰਤਕਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦੇਣ ਲਈ ਪਹੁੰਚਣ ਦਾ ਸਿਲਸਿਲਾ ਜਾਰੀ ਰਿਹਾ। ਮੁਕੇਸ਼ ਅਗਨੀਹੋਤਰੀ ਨੇ ਜਨਮਦਿਨ ਦੀ ਸ਼ੁਰੂਆਤ ਜਖੇਵਾਲ ਸਥਿਤ ਸਿੱਧ ਬਾਬਾ ਬਾਲਕਨਾਥ ਗਊਸ਼ਾਲਾ ਵਿੱਚ ਗਊ ਸੇਵਾ ਕਰਕੇ ਕੀਤੀ। ਉਨ੍ਹਾਂ ਨੇ ਗਊਆਂ ਨੂੰ ਚਾਰਾ ਪਾਇਆ ਅਤੇ ਸੰਤ ਬਾਬਾ ਢਾਂਗੂ ਵਾਲੇ ਅਨੂਪ ਜੀ ਮਹਾਰਾਜ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ।

ਜਨਮਦਿਨ ਮੌਕੇ ਗੋਂਦਪੁਰ ਬੁੱਲਾ ਦੇ ਕਮਿਊਨਿਟੀ ਪਾਰਕ ਵਿੱਚ ਸਥਾਨਕ ਨੌਜਵਾਨਾਂ ਵੱਲੋਂ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ। ਉਪ ਮੁੱਖ ਮੰਤਰੀ ਨੇ ਸਮਾਜਿਕ ਜ਼ਿੰਮੇਵਾਰੀ ਅਤੇ ਸੇਵਾ ਭਾਵਨਾ ਨਾਲ ਜੁੜੇ ਇਸ ਉਪਰਾਲੇ ਲਈ ਨੌਜਵਾਨਾਂ ਦੀ ਸ਼ਲਾਘਾ ਕੀਤੀ।

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੂੰ ਜਨਮਦਿਨ ਮੌਕੇ ਦੇਸ਼ ਭਰ ਤੋਂ ਵਧਾਈਆਂ ਮਿਲੀਆਂ। ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਨੇ ਫ਼ੋਨ ਕਰਕੇ ਉਨ੍ਹਾਂ ਨੂੰ ਜਨਮਦਿਨ ਦੀ ਵਧਾਈ ਦਿੱਤੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਫ਼ੋਨ ਕਰਕੇ ਮੁਕੇਸ਼ ਅਗਨੀਹੋਤਰੀ ਨੂੰ ਜਨਮਦਿਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਕਾਂਗਰਸ ਦੇ ਸੀਨੀਅਰ ਆਗੂਆਂ, ਮੰਤਰੀ ਮੰਡਲ ਦੇ ਸਾਥੀਆਂ ਅਤੇ ਵੱਖ-ਵੱਖ ਸੂਬਿਆਂ ਦੇ ਸਿਆਸੀ ਆਗੂਆਂ, ਲੋਕ ਨੁਮਾਇੰਦਿਆਂ ਅਤੇ ਸਮਾਜ ਦੇ ਵੱਖ-ਵੱਖ ਖੇਤਰਾਂ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਫ਼ੋਨ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ, ਸਮਰਥਕਾਂ ਅਤੇ ਸ਼ੁਭਚਿੰਤਕਾਂ ਨੇ ਫ਼ੋਨ ਕਾਲਾਂ ਅਤੇ ਸੋਸ਼ਲ ਮੀਡੀਆ ਰਾਹੀਂ ਉਨ੍ਹਾਂ ਨੂੰ ਵਧਾਈ ਸੰਦੇਸ਼ ਭੇਜੇ।

ਮੁਕੇਸ਼ ਅਗਨੀਹੋਤਰੀ ਨੇ ਜਨਮਦਿਨ ਮੌਕੇ ਮਿਲੇ ਪਿਆਰ ਅਤੇ ਸ਼ੁਭਕਾਮਨਾਵਾਂ ਲਈ ਸਾਰਿਆਂ ਦਾ ਧੰਨਵਾਦ ਕੀਤਾ।

# ਸਰਕਾਰੀ ਸਕੂਲ ਵਿਚ ਨੇਤਰਦਾਨ ਦਿਵਸ ਮਨਾਇਆ, 85 ਬੱਚਿਆਂ ਦੇ ਨੇਤਰਾਂ ਦੀ ਹੋਈ ਜਾਂਚ

**ਪੈ.ਗਾਮ-ਏ-ਜਗਤ/ਅੰਬਾਲਾ, 9 ਅਕਤੂਬਰ (ਆਰ.ਸਿੰਘ)**




ਸਿਵਲ ਹਸਪਤਾਲ ਅੰਬਾਲਾ ਕੈਂਟ ਦੇ ਨੇਤਰ ਵਿਭਾਗ ਦੀ ਟੀਮ ਡਾ. ਜੁਗਿੰਦਰ ਸਿੰਘ ਦੀ ਅਗਵਾਈ ਵਿਚ ਸਰਕਾਰੀ ਸੀ.ਸੈ.ਸਕੂਲ ਖੁੱਡਾ ਕਲਾਂ ਪਹੁੰਚੀ ਅਤੇ 85 ਬੱਚਿਆਂ ਦੇ ਨੇਤਰਾਂ ਦੀ ਜਾਂਚ ਕੀਤੀ। ਇਨ੍ਹਾਂ ਵਿਚੋਂ 14 ਅਜਿਹੇ ਬੱਚੇ ਸਨ ਜਿਨ੍ਹਾਂ ਦੀਆਂ ਅੱਖਾਂ ਵਿਚ ਕੋਈ ਨਾ ਕੋਈ ਨੁਕਸ ਸੀ ਅਤੇ ਉਨ੍ਹਾਂ ਨੂੰ ਪੜ੍ਹਨ ਵਿਚ ਦਿੱਕਤ ਆ ਰਹੀ ਸੀ। ਇਨ੍ਹਾਂ ਬੱਚਿਆਂ ਨੂੰ ਆਈ ਡਰਾਪ ਦਿੱਤੇ ਗਏ ਅਤੇ ਐਨਕਾਂ ਵੀ ਦਿੱਤੀਆਂ ਜਾ ਰਹੀਆਂ ਹਨ।

ਮੌਕੇ ਤੇ ਮੌਜੂਦ ਡਾ. ਜੁਗਿੰਦਰ ਸਿੰਘ ਨੇ ਦੱਸਿਆ ਕਿ ਭਾਰਤ ਵਿੱਚ ਕੌਰਨੀਆ (ਅੱਖ ਦੀ ਪੁਤਲੀ) ਨਾਲ ਸਬੰਧਿਤ ਅੰਨ੍ਹੇਪਨ ਦੀ ਸਮੱਸਿਆ ਨੂੰ ਹੱਲ ਕਰਨ ਅਤੇ ਮੌਜੂਦਾ ਬਕਾਇਆ ਕੇਸਾਂ ਨੂੰ ਨਿਪਟਾਉਣ ਲਈ ਸਾਲਾਨਾ ਅੰਦਾਜ਼ਨ 2 ਲੱਖ ਅੱਖਾਂ ਦੇ ਦਾਨ ਦੀ ਲੋੜ ਹੈ। ਲਗਭਗ 12 ਤੋਂ 12.5 ਲੱਖ ਲੋਕ ਕੌਰਨੀਆ ਨਾਲ ਸਬੰਧਿਤ ਅੰਨ੍ਹੇਪਨ ਤੋਂ ਪੀੜਤ ਹਨ। ਕੌਰਨੀਆ ਨਾਲ ਸਬੰਧਿਤ ਅੰਨ੍ਹੇਪਨ ਦੇ ਲਗਭਗ 25,000 ਤੋਂ 30,000 ਨਵੇਂ ਕੇਸ ਸਾਹਮਣੇ ਆਉਂਦੇ ਹਨ। ਉਨ੍ਹਾਂ ਦੱਸਿਆ ਕਿ ਭਾਰਤ ਵਿੱਚ ਸਾਲਾਨਾ ਲਗਭਗ 25,000 ਤੋਂ 30,000 ਅੱਖਾਂ ਇਕੱਠੀਆਂ ਕੀਤੀਆਂ ਜਾਂਦੀਆਂ ਹਨ ਹਾਲਾਂਕਿ ਇਨ੍ਹਾਂ ਵਿੱਚੋਂ ਸਿਰਫ਼ 60% ਤੋਂ 70% ਹੀ ਟਰਾਂਸਪਲਾਂਟ ਦੇ ਅਪ੍ਰੇਸ਼ਨਾਂ ਲਈ ਵਰਤੋਂ-ਯੋਗ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ’ਰਾਸ਼ਟਰੀ ਅੰਨ੍ਹਾਪਨ ਸਰਵੇਖਣ’ ਸਰਵੇ ਦੇ ਅਨੁਮਾਨ ਅਨੁਸਾਰ ਦੇਸ਼ ਵਿੱਚ ਲਗਭਗ 50 ਲੱਖ ਵਿਅਕਤੀ ਅੰਨ੍ਹੇ ਹਨ ਅਤੇ 3.4 ਕਰੋੜ ਵਿਅਕਤੀ ਨਜ਼ਰ ਦੀ ਕਮਜ਼ੋਰੀ ਤੋਂ ਪੀੜਤ ਹਨ। ਮੋਤੀਆਬਿੰਦ ਕਾਰਨ ਹੋਣ ਵਾਲੇ ਅੰਨ੍ਹੇਪਨ ਨੂੰ ਖ਼ਤਮ ਕਰਨ ਲਈ ਹਰ ਸਾਲ 67 ਲੱਖ ਤੋਂ 90 ਲੱਖ ਮੋਤੀਆਬਿੰਦ ਦੇ ਅਪ੍ਰੇਸ਼ਨਾਂ ਦੀ ਲੋੜ ਹੁੰਦੀ ਹੈ। ਡਾ. ਜੁਗਿੰਦਰ ਸਿੰਘ ਨੇ ਦੱਸਿਆ ਕਿ ਭਾਰਤ ਵਿਚ ਦੋ ਲੱਖ ਅੱਖਾਂ ਦੀ ਲੋੜ ਹੈ ਜਦੋਂ ਕਿ ਹਾਦਸਿਆਂ ਵਿਚ ਮਰਨ ਵਾਲਿਆਂ ਦੀ ਗਿਣਤੀ ਵੀ ਸਾਲ ਵਿਚ ਦੋ ਲੱਖ ਹੀ ਆਉਂਦੀ ਹੈ ਇਸ ਲਈ ਹਾਦਸੇ ਵਿਚ ਮਰਨ ਵਾਲਿਆਂ ਜਾਂ ਲਾਵਾਰਸ ਵਾਰਿਸ ਰਾਹੀਂ ਇਹ ਕਮੀ ਪੂਰੀ ਕੀਤੀ ਜਾ ਸਕਦੀ ਹੈ ਅਤੇ ਇਸ ਲਈ ਸਰਕਾਰ ਨੂੰ ਕੋਈ ਨਿਯਮ ਬਣਾਉਣੇ ਚਾਹੀਦੇ ਹਨ।

# ਜੀਵਨ ਉਨ੍ਹਾਂ ਨੂੰ ਸਨਮਾਨਿਤ ਕਰਦਾ ਹੈ ਜੋ ਸੁਪਨੇ ਦੇਖਣ ਦੀ ਹਿੰਮਤ ਕਰਦੇ ਹਨ/ਯੂਨੀਵਰਸਿਟੀ ਚਾਂਸਲਰ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਗੁਰਵਿੰਦਰ ਸਿੰਘ ਬਾਹਰਾ ਦੀ ਜੀਵਨ ਕਹਾਣੀ ਵਿਸ਼ਵਾਸ, ਦ੍ਰਿੜਤਾ ਅਤੇ ਮਿਹਨਤ ਦੀ ਤਾਕਤ ਦਾ ਸਬੂਤ ਹੈ—ਇੱਕ ਅਧੂਰੇ ਚਾਰਟਰਡ ਅਕਾਊਂਟੈਂਸੀ ਵਿਦਿਆਰਥੀ ਤੋਂ 4 ਯੂਨੀਵਰਸਿਟੀਆਂ ਦੇ ਚਾਂਸਲਰ ਬਣਨ ਤੱਕ ਦਾ ਸਫ਼ਰ। ਪੰਜਾਬ ਦੇ ਹੁਸ਼ਿਆਰਪੁਰ ਜ਼ਿਲ੍ਹੇ ਦੀ ਗੜ੍ਹਸ਼ੰਕਰ ਤਹਿਸੀਲ ਦੇ ਪਿੰਡ ਪੁਰਖੋਵਾਲ ਵਿੱਚ ਜਨਮੇ ਗੁਰਵਿੰਦਰ ਬਾਹਰਾ ਇੱਕ ਸਾਦੇ ਪਰਿਵਾਰ ਵਿੱਚ ਵੱਡੇ ਹੋਏ, ਜਿਸ ਵਿੱਚ ਇਮਾਨਦਾਰੀ, ਸਿੱਖਿਆ ਅਤੇ ਮਿਹਨਤ ਦੀ ਕਦਰ ਸੀ। ਇੱਕ ਸੀਨੀਅਰ ਪੱਤਰਕਾਰ ਨਾਲ ਗੱਲਬਾਤ ਦੌਰਾਨ ਆਪਣੇ ਸਫ਼ਰ ਬਾਰੇ ਬੋਲਦਿਆਂ ਉਨ੍ਹਾਂ ਕਿਹਾ, “ਮੈਂ ਸਿਰਫ਼ ਇੱਕ ਸੁਪਨੇ ਅਤੇ ਉਸ ਦਾ ਪਿੱਛਾ ਕਰਨ ਦੀ ਹਿੰਮਤ ਨਾਲ ਸ਼ੁਰੂਆਤ ਕੀਤੀ ਸੀ। ਜੀਵਨ ਉਨ੍ਹਾਂ ਨੂੰ ਸਨਮਾਨਿਤ ਕਰਦਾ ਹੈ ਜੋ ਪਹਿਲਾ ਕਦਮ ਚੁੱਕਣ ਦੀ ਹਿੰਮਤ ਕਰਦੇ ਹਨ।

ਉਨ੍ਹਾਂ ਨੇ ਆਪਣੀ ਪੜ੍ਹਾਈ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਤੋਂ ਸ਼ੁਰੂ ਕੀਤੀ ਅਤੇ ਬਾਅਦ ਵਿੱਚ ਗੜ੍ਹਸ਼ੰਕਰ ਦੇ ਸਰਕਾਰੀ ਹਾਇਰ ਸੈਕੰਡਰੀ ਸਕੂਲ ਵਿੱਚ ਪੜ੍ਹੇ। ਫਿਰ ਉਨ੍ਹਾਂ ਨੇ 1985 ਵਿੱਚ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ) ਦੇ ਆਰ.ਕੇ. ਆਰੀਆ ਕਾਲਜ ਤੋਂ ਬੀ.ਕਾਮ ਕੀਤਾ। ਚਾਰਟਰਡ ਅਕਾਊਂਟੈਂਟ ਬਣਨ ਦੀ ਇੱਛਾ ਰੱਖਦਿਆਂ ਉਨ੍ਹਾਂ ਸੈਕੰਡਰੀ ਪ੍ਰੀਖਿਆ ਪਾਸ ਕੀਤੀ ਅਤੇ ਲੁਧਿਆਣਾ ਵਿੱਚ ਇੱਕ ਸੀ.ਏ. ਅਧੀਨ ਟ੍ਰੇਨਿੰਗ ਸ਼ੁਰੂ ਕੀਤੀ, ਰੋਜ਼ਾਨਾ ਸਾਈਕਲ ਉੱਤੇ ਦਫ਼ਤਰ ਜਾਂਦੇ ਸਨ। ਜਦੋਂ ਉਨ੍ਹਾਂ ਦੀ ਟ੍ਰੇਨਿੰਗ ਦਿੱਲੀ ਤਬਦੀਲ ਹੋਈ, ਤਾਂ ਉਨ੍ਹਾਂ ਆਪਣੀ ਸਾਈਕਲ ਬੱਸ ਵਿੱਚ ਲੈ ਗਏ ਅਤੇ ਰੋਜ਼ ਆਪਣੇ ਕਮਰੇ ਤੋਂ ਕੰਮ ਵਾਲੀ ਥਾਂ ਸਾਈਕਲ ਉੱਤੇ ਜਾਂਦੇ ਰਹੇ। ਪਰ ਦਿੱਲੀ ਵਿੱਚ ਰਹਿੰਦਿਆਂ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਸੀ.ਏ. ਦੀ ਜ਼ਿੰਦਗੀ ਉਹ “ਆਜ਼ਾਦ ਉਡਾਣ”ਨਹੀਂ ਦੇ ਸਕੇਗੀ ਜੋ ਉਹ ਤਰੱਕੀ ਦੀ ਦੁਨੀਆ ਵਿੱਚ ਚਾਹੁੰਦੇ ਸਨ। ਉਨ੍ਹਾਂ ਵਿਚਕਾਰ ਹੀ ਸੀ.ਏ. ਛੱਡ ਕੇ ਘਰ ਵਾਪਸ ਆ ਕੇ ਕੁਝ ਆਪਣਾ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ।



ਜਦੋਂ ਉਨ੍ਹਾਂ ਆਪਣੇ ਪਿਤਾ ਤੋਂ ਆਰਥਿਕ ਮਦਦ ਮੰਗੀ, ਤਾਂ ਉਨ੍ਹਾਂ ਨੇ ਪਹਿਲਾਂ ਝਿਜਕ ਦਿਖਾਈ, ਪਰ ਅੰਤ ਵਿੱਚ ਉਨ੍ਹਾਂ ਦਾ ਸਾਥ ਦਿੱਤਾ ਅਤੇ ਉਮਰ ਭਰ ਦੀ ਕਮਾਈ ਨਾਲ ਖ਼ਰੀਦੀ ਆਪਣੀ ਇੱਕੋ-ਇੱਕ ਪਲਾਟ ਦੇ ਦਿੱਤੀ। ਬਹਿਰਾ ਨੇ ਉਸ ਨੂੰ 32,000 ਰੁਪਏ ਵਿੱਚ ਵੇਚ ਦਿੱਤਾ—ਜੋ ਉਨ੍ਹਾਂ ਦੀ ਪਹਿਲੀ ਪੂੰਜੀ ਸੀ—ਅਤੇ ਇੱਕ ਛੋਟੀ ਟੀਵੀ ਦੁਕਾਨ ਖੋਲ੍ਹੀ। ਸ਼ੁਰੂ ਵਿੱਚ ਉਨ੍ਹਾਂ ਦੁਕਾਨ ਨੂੰ ਭਰੀ ਹੋਈ ਦਿਖਾਉਣ ਲਈ ਉਸ ਵਿੱਚ ਖ਼ਾਲੀ ਕਾਰਟਨ ਰੱਖੇ। ਉਨ੍ਹਾਂ ਦੀ ਇਮਾਨਦਾਰੀ ਨੇ ਜਲਦੀ ਹੀ ਉਨ੍ਹਾਂ ਨੂੰ ਮਸ਼ਹੂਰ ਕਰ ਦਿੱਤਾ ਅਤੇ ਕਾਰੋਬਾਰ ਵਧਣ ਲੱਗਾ। ਉਹ ਸਾਦੀ ਦੁਕਾਨ ਹੌਲੀ-ਹੌਲੀ 1,600 ਤੋਂ ਵੱਧ ਵਸਤੂਆਂ ਵਾਲੀ ਇੱਕ ਵੱਡੀ ਇਲੈਕਟ੍ਰਾਨਿਕਸ ਦੁਕਾਨ ਬਣ ਗਈ। ਇਹ ਦੇਖ ਕੇ ਕਿ ਗਾਹਕਾਂ ਨੂੰ ਕਿਸਤਾਂ ਉੱਤੇ ਖ਼ਰੀਦਣ ਵਿੱਚ ਮੁਸ਼ਕਲ ਹੁੰਦੀ ਸੀ, ਬਾਹਰਾ ਨੇ 1997 ਵਿੱਚ ਇੱਕ ਐਨ.ਬੀ.ਐੱਫ.ਸੀ. ਸ਼ੁਰੂ ਕੀਤਾ ਤਾਂ ਜੋ ਟੀਵੀ, ਫਰਿੱਜ ਅਤੇ ਹੋਰ ਸਾਮਾਨ ਖ਼ਰੀਦਣ ਲਈ ਸੌਖੇ ਕਰਜ਼ੇ ਦਿੱਤੇ ਜਾ ਸਕਣ। ਇਹ ਵਿਚਾਰ ਸਫ਼ਲ ਸਾਬਤ ਹੋਇਆ ਅਤੇ ਜਲਦੀ ਹੀ ਵਿੱਤੀ ਕਾਰੋਬਾਰ ਇਲੈਕਟ੍ਰਾਨਿਕਸ ਕਾਰੋਬਾਰ ਤੋਂ ਵੱਧ ਵੱਡਾ ਹੋ ਗਿਆ।

ਪਰ ਬਾਹਰਾ ਦੀ ਮਹਿੰਤ ਵਧਦੀ ਗਈ। ਉਹ ਕੁਝ ਅਜਿਹਾ ਬਣਾਉਣਾ ਚਾਹੁੰਦੇ ਸਨ ਜਿਸ ਦਾ ਸਥਾਈ ਅਸਰ ਹੋਵੇ। ਸ਼ੁਰੂ ਵਿੱਚ ਉਨ੍ਹਾਂ ਇੰਗਲੈਂਡ ਵਿੱਚ ਰਹਿੰਦੇ ਆਪਣੇ ਸਾੜ੍ਹੇ ਭਰਾ ਨਿਰਮਲ ਸਿੰਘ ਰਾਇਤ ਨਾਲ ਕੱਤਰਾ ਵਿੱਚ ਹੋਟਲ ਖੋਲ੍ਹਣ ਦੀ ਯੋਜਨਾ ਬਣਾਈ, ਪਰ ਥਾਂ ਦੇ ਦੌਰੇ ਤੋਂ ਬਾਅਦ ਵਿਚਾਰ ਬਦਲ ਗਿਆ। ਕਿਸੇ ਨੇ ਇੱਕ ਇੰਜੀਨੀਅਰਿੰਗ ਕਾਲਜ ਸ਼ੁਰੂ ਕਰਨ ਦਾ ਸੁਝਾਅ ਦਿੱਤਾ ਅਤੇ ਇਹ ਸੋਚ ਉਨ੍ਹਾਂ ਦੀ ਜ਼ਿੰਦਗੀ ਬਦਲ ਗਈ। ਉਨ੍ਹਾਂ ਦੇ ਪਰਿਵਾਰ ਨੂੰ ਲੱਗਾ ਕਿ ਉਹ ਇਸ ਵਿੱਚ ਜਨੂੰਨੀ ਹੋ ਗਏ ਹਨ, ਅਤੇ ਉਨ੍ਹਾਂ ਨੂੰ ਸਮਝਾਉਣ ਲਈ ਰਾਇਤ ਨੂੰ ਇੰਗਲੈਂਡ ਤੋਂ ਬੁਲਾਇਆ ਗਿਆ। ਪਰ ਇਸ ਦੀ ਬਜਾਏ ਰਾਇਤ ਪ੍ਰੇਰਿਤ ਹੋ ਗਏ ਅਤੇ ਉਨ੍ਹਾਂ ਨੇ ਉਨ੍ਹਾਂ ਨਾਲ ਜੁੜਨ ਦਾ ਫ਼ੈਸਲਾ ਕੀਤਾ।

2000 ਵਿੱਚ ਉਨ੍ਹਾਂ ਨੇ ਰੋਪੜ ਨੇੜੇ ਰਾਇਲ ਮਾਜਰਾ ਵਿੱਚ ਇੱਕ ਕਾਲਜ ਕਾਇਮ ਕਰਨ ਲਈ ਬੈਂਕ ਤੋਂ ਕਰਜ਼ਾ ਲਿਆ। ਬੈਂਕ ਨੇ ਪ੍ਰੋਜੈਕਟ ਦਾ 60 ਫ਼ੀਸਦੀ ਵਿੱਤ ਕੀਤਾ, ਜਦੋਂ ਕਿ ਬਾਕੀ ਰਕਮ ਦੋਸਤਾਂ ਅਤੇ ਰਿਸ਼ਤੇਦਾਰਾਂ ਰਾਹੀਂ ਇਕੱਠੀ ਕੀਤੀ ਗਈ। ਕਾਲਜ ਦੀ ਸ਼ੁਰੂਆਤ ਇਲੈਕਟ੍ਰਾਨਿਕਸ, ਮਕੈਨੀਕਲ ਅਤੇ ਆਈ.ਟੀ. ਇੰਜੀਨੀਅਰਿੰਗ ਵਿੱਚ ਹਰੇਕ ਵਿੱਚ 60 ਸੀਟਾਂ ਨਾਲ ਹੋਈ।

# ਸੀਆਈਏ-3 ਦੀ ਵੱਡੀ ਕਾਰਵਾਈ, ਘਰ ਤੋਂ ਸੋਨੇ ਦੇ ਗਹਿਣੇ ਚੋਰੀ ਕਰਨ ਦੇ ਮਾਮਲੇ ਵਿੱਚ ਦੋ ਮੁਲਜ਼ਮ ਕਾਬੂ, ਇੱਕ ਨਾਬਾਲਗ ਹਿਰਾਸਤ ਵਿੱਚ

**ਪੈ.ਗਾਮ-ਏ-ਜਗਤ/ਕਰਨਾਲ**
**09 ਅਕਤੂਬਰ (ਪ੍ਰਵੀਨ ਵਾਲੀਆ)**

- **ਚੋਰੀ ਕੀਤੇ 30 ਤੋਲੇ ਸੋਨੇ ਦੇ ਗਹਿਣੇ ਬਰਾਮਦ, ਡੀਐਸਪੀ ਸ਼ਹਿਰ ਰਾਜੀਵ ਕੁਮਾਰ, ਐਚਪੀਐਸ ਨੇ ਪ੍ਰੈਸ ਵਾਰਤਾ ਕਰ ਮਾਮਲੇ ਦੀ ਜਾਣਕਾਰੀ ਦਿੱਤੀ**



ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਸੁਪਰਡੈਂਟ ਕਰਨਾਲ ਸ੍ਰੀ ਕਰਨ ਗੋਇਲ, ਆਈਪੀਐਸ ਦੇ ਕੁਸ਼ਲ ਮਾਰਗਦਰਸ਼ਨ ਅਤੇ ਦਿਸ਼ਾ-ਨਿਰਦੇਸ਼ਨ ਵਿੱਚ ਚੋਰੀ ਦੀਆਂ ਵਾਰਦਾਤਾਂ ’ਤੇ ਪ੍ਰਭਾਵੀ ਰੋਕ ਲਗਾਉਣ ਅਤੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਮੁਲਜ਼ਮਾਂ ਦੀ ਧਰਪਕੜ ਲਈ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਸੀਆਈਏ-3 ਦੀ ਟੀਮ ਨੇ ਵੱਡੀ ਕਾਰਵਾਈ ਕਰਦਿਆਂ ਘਰ ਤੋਂ ਸੋਨੇ ਦੇ ਗਹਿਣੇ ਚੋਰੀ ਕਰਨ ਦੇ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਕਾਬੂ ਕੀਤਾ ਹੈ ਅਤੇ ਇੱਕ ਨਾਬਾਲਗ ਨੂੰ ਹਿਰਾਸਤ ਵਿੱਚ ਲਿਆ ਹੈ। ਪੁਲਿਸ ਟੀਮ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਚੋਰੀ ਕੀਤੇ 30 ਤੋਲੇ ਸੋਨੇ ਦੇ ਗਹਿਣੇ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਡੀਐਸਪੀ ਸ਼ਹਿਰ ਸ੍ਰੀ ਰਾਜੀਵ ਕੁਮਾਰ, ਐਚਪੀਐਸ ਨੇ ਪ੍ਰੈਸ ਵਾਰਤਾ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪਿੰਡ ਉਪਲੀ ਨਿਵਾਸੀ ਜਸਪਾਲ ਸਿੰਘ ਪੁੱਤਰ ਜਸਵੰਤ ਸਿੰਘ ਨੇ ਥਾਣਾ ਘਰੌਂਡਾ ਵਿੱਚ ਸ਼ਿਕਾਇਤ ਦੇ ਕੇ ਆਪਣੇ ਘਰ ਤੋਂ ਸੋਨੇ ਦੇ ਗਹਿਣੇ ਚੋਰੀ ਹੋਣ ਦੀ ਸੂਚਨਾ ਦਿੱਤੀ ਸੀ। ਘਰ ਤੋਂ ਕੀਮਤੀ ਸੋਨੇ ਦੇ ਗਹਿਣੇ ਚੋਰੀ ਹੋਣ ਦੀ ਸ਼ਿਕਾਇਤ ਨੂੰ ਗੰਭੀਰਤਾ ਨਾਲ ਲੈਂਦਿਆਂ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਅਤੇ ਚੋਰੀ ਦੀ ਵਾਰਦਾਤ ਵਿੱਚ ਸ਼ਾਮਲ ਮੁਲਜ਼ਮਾਂ ਦੀ ਪਛਾਣ ਕਰਨ ਅਤੇ ਚੋਰੀਸ਼ੁਦਾ ਜਾਇਦਾਦ ਬਰਾਮਦ ਕਰਨ ਲਈ ਯਤਨ ਤੇਜ਼ ਕੀਤੇ।

ਸ਼ਿਕਾਇਤ ਦੇ ਆਧਾਰ ’ਤੇ ਥਾਣਾ ਘਰੌਂਡਾ ਵਿੱਚ ਮਿਤੀ 06 ਅਕਤੂਬਰ 2026 ਨੂੰ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ। ਇਸ ਤੋਂ ਬਾਅਦ ਪੁਲਿਸ ਸੁਪਰਡੈਂਟ ਕਰਨਾਲ ਦੇ ਦਿਸ਼ਾ-ਨਿਰਦੇਸ਼ਨ ਵਿੱਚ ਮਾਮਲੇ ਦੀ ਜਾਂਚ ਕਰਦਿਆਂ ਵੱਖ-ਵੱਖ ਤੱਥਾਂ ਅਤੇ ਸਬੂਤਾਂ ਦੇ ਆਧਾਰ ’ਤੇ ਮੁਲਜ਼ਮਾਂ ਦੀ ਭਾਲ ਕੀਤੀ ਗਈ,

ਮਾਮਲੇ ਦੀ ਜਾਂਚ ਦੌਰਾਨ ਸੀਆਈਏ-3 ਇੰਚਾਰਜ ਇੰਸਪੈਕਟਰ ਸੰਦੀਪ ਸਾਂਗਵਾਨ ਦੀ ਅਗਵਾਈ ਵਿੱਚ ਪੁਲਿਸ ਟੀਮ ਨੇ ਕਾਰਵਾਈ ਕਰਦਿਆਂ ਦੋ ਮੁਲਜ਼ਮਾਂ ਨੂੰ ਕਾਬੂ ਕੀਤਾ ਅਤੇ ਇੱਕ ਨਾਬਾਲਗ ਨੂੰ ਹਿਰਾਸਤ ਵਿੱਚ ਲਿਆ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਹਰਸ਼ਪ੍ਰੀਤ ਪੁੱਤਰ ਤਰਨਜੀਤ ਨਿਵਾਸੀ ਪਿੰਡ ਉਪਲੀ, ਥਾਣਾ ਘਰੌਂਡਾ ਅਤੇ ਮਨਦੀਪ ਤਸ਼ਾਮ ਪੁੱਤਰ ਪਵਨ ਕੁਮਾਰ ਨਿਵਾਸੀ ਪਿੰਡ ਰਸੀਨ, ਥਾਣਾ ਮਧੂਬਨ ਜ਼ਿਲ੍ਹਾ ਕਰਨਾਲ ਵਜੋਂ ਹੋਈ ਹੈ।

ਸੀਆਈਏ-3 ਦੀ ਟੀਮ ਨੇ ਮੁਲਜ਼ਮਾਂ ਤੋਂ ਪੁੱਛਗਿੱਛ ਅਤੇ ਮਾਮਲੇ ਦੀ ਜਾਂਚ ਦੌਰਾਨ ਚੋਰੀ ਕੀਤੇ 30 ਤੋਲੇ ਸੋਨੇ ਦੇ ਗਹਿਣੇ ਬਰਾਮਦ ਕੀਤੇ ਹਨ। ਪੁਲਿਸ ਵੱਲੋਂ ਮਾਮਲੇ ਨਾਲ ਜੁੜੇ ਹੋਰ ਪਹਿਲੂਆਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ, ਤਾਂ ਜੋ ਚੋਰੀ ਦੀ ਵਾਰਦਾਤ ਨਾਲ ਸਬੰਧਤ ਸਾਰੇ ਤੱਥਾਂ ਦਾ ਪਤਾ ਲਗਾਇਆ ਜਾ ਸਕੇ ਅਤੇ ਜੇ ਕਿਸੇ ਹੋਰ ਵਿਅਕਤੀ ਦੀ ਸ਼ਮੂਲੀਅਤ ਸਾਹਮਣੇ ਆਉਂਦੀ ਹੈ ਤਾਂ ਉਸ ਵਿਰੁੱਧ ਵੀ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾ ਸਕੇ।

ਪੁਲਿਸ ਵੱਲੋਂ ਦੋਵਾਂ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰ ਪੁਲਿਸ ਰਿਮਾਂਡ ਪ੍ਰਾਪਤ ਕਰਨ ਦੀ ਪ੍ਰਕਿਰਿਆ ਕੀਤੀ ਜਾਵੇਗੀ। ਰਿਮਾਂਡ ਦੌਰਾਨ ਮੁਲਜ਼ਮਾਂ ਤੋਂ ਚੋਰੀ ਦੀ ਵਾਰਦਾਤ ਨਾਲ ਸਬੰਧਤ ਤੱਥਾਂ, ਚੋਰੀਸ਼ੁਦਾ ਜਾਇਦਾਦ ਅਤੇ ਮਾਮਲੇ ਵਿੱਚ ਹੋਰ ਸੰਭਾਵਿਤ ਮੁਲਜ਼ਮਾਂ ਦੀ ਸ਼ਮੂਲੀਅਤ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

ਉੱਥੇ, ਮਾਮਲੇ ਵਿੱਚ ਹਿਰਾਸਤ ਵਿੱਚ ਲਏ ਗਏ ਨਾਬਾਲਗ ਨੂੰ ਨਿਯਮਾਂ ਅਨੁਸਾਰ ਕਾਰਵਾਈ ਕਰਦਿਆਂ ਬਾਲ ਸੁਧਾਰ ਘਰ, ਜ਼ਿਲ੍ਹਾ ਅੰਬਾਲਾ ਭੇਜ ਦਿੱਤਾ ਗਿਆ ਹੈ। ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਚੋਰੀ, ਲੁੱਟ ਅਤੇ ਹੋਰ ਜਾਇਦਾਦ ਸਬੰਧੀ ਅਪਰਾਧਾਂ ਵਿੱਚ ਸ਼ਾਮਲ ਮੁਲਜ਼ਮਾਂ ਵਿਰੁੱਧ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਪੁਲਿਸ ਦਾ ਉਦੇਸ਼ ਅਪਰਾਧਿਕ ਵਾਰਦਾਤਾਂ ’ਤੇ ਰੋਕ ਲਗਾਉਣਾ, ਅਪਰਾਧੀਆਂ ਦੀ ਪਛਾਣ ਕਰ ਉਨ੍ਹਾਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਲਿਆਉਣਾ ਅਤੇ ਆਮ ਲੋਕਾਂ ਦੀ ਜਾਇਦਾਦ ਦੀ ਸੁਰੱਖਿਆ ਯਕੀਨੀ ਬਣਾਉਣਾ ਹੈ। ਜ਼ਿਲ੍ਹਾ ਪੁਲਿਸ ਕਰਨਾਲ ਆਮ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਆਪਣੇ ਘਰਾਂ ਵਿੱਚ ਰੱਖੇ ਕੀਮਤੀ ਸਾਮਾਨ ਅਤੇ ਗਹਿਣਿਆਂ ਦੀ ਸੁਰੱਖਿਆ ਲਈ ਜ਼ਰੂਰੀ ਸਾਵਧਾਨੀਆਂ ਵਰਤਣ। ਘਰ ਨੂੰ ਲੰਬੇ ਸਮੇਂ ਤੱਕ ਖਾਲੀ ਛੱਡਣ ਦੀ ਸਥਿਤੀ ਵਿੱਚ ਵਿਸ਼ੇਸ਼ ਚੌਕਸੀ ਰੱਖਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਚੋਰੀ ਦੀ ਘਟਨਾ ਦੀ ਜਾਣਕਾਰੀ ਮਿਲਣ ’ਤੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ, ਤਾਂ ਜੋ ਸਮੇਂ ਸਿਰ ਉਚਿਤ ਕਾਰਵਾਈ ਕੀਤੀ ਜਾ ਸਕੇ।

## ਸ.ਫ਼ਾ 1 ਦਾ ਬਾਕੀ...

**ਵੋਟ ਚੋਰੀ ਦੇ...**

ਧਿਰਾਂ ਦੇ ਸੰਸਦ ਮੈਂਬਰ ਪਿਛਲੇ ਤਿੰਨ ਦਿਨਾਂ ਤੋਂ ਦਿੱਲੀ ਵਿੱਚ ਮੁੱਖ ਚੋਣ ਕਮਿਸ਼ਨਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ ਦੀ ਪ੍ਰਕਿਰਿਆ ’ਤੇ ਸਵਾਲ ਉਠਾਏ ਹਨ। ਇਸ ਦੌਰਾਨ ਰਾਹੁਲ ਗਾਂਧੀ ਸਮੇਤ ਕਈ ਆਗੂਆਂ ਨੂੰ ਪੁਲੀਸ ਨੇ ਹਿਰਾਸਤ ਵਿੱਚ ਵੀ ਲਿਆ ਸੀ।

ਵਿਰੋਧੀ ਧਿਰਾਂ ਨੇ ਪਹਿਲਾਂ ਰਾਸ਼ਟਰਪਤੀ ਭਵਨ ਵੱਲ ਮਾਰਚ ਕਰਨ ਦੀ ਯੋਜਨਾ ਬਣਾਈ ਸੀ। ਹਾਲਾਂਕਿ, ਰਾਸ਼ਟਰਪਤੀ ਨਾਲ ਮੁਲਾਕਾਤ ਦਾ ਸਮਾਂ ਮਿਲਣ ਮਗਰੋਂ ਇਹ ਮਾਰਚ ਰੱਦ ਕਰ ਦਿੱਤਾ ਗਿਆ। ਵਿਰੋਧੀ ਧਿਰਾਂ ਦੀ ਮੰਗ ਹੈ ਕਿ ਚੋਣ ਕਮਿਸ਼ਨ ਦੇ ਕੰਮਕਾਜ ਅਤੇ ਵੋਟਰ ਸੂਚੀਆਂ ਦੀ ਸੁਧਾਈ ਬਾਰੇ ਉਨ੍ਹਾਂ ਦੇ ਇਤਰਾਜ਼ਾਂ ’ਤੇ ਕਾਰਵਾਈ ਕੀਤੀ ਜਾਵੇ।

**ਪੰਜਾਬ ਸਰਕਾਰ ਵੱਲੋਂ...**

ਹਾਈਕੋਰਟ ’ਚ ਐਡਵੋਕੇਟ ਨਿਖਿਲ ਥਮਨ ਨੇ ਪਟੀਸ਼ਨ ਦਾਇਰ ਕਰਕੇ ਪੰਜਾਬ ’ਚ ਲੰਮੇ ਸਮੇਂ ਤੋਂ ਕਾਰਜਕਾਰੀ ਡੀ ਜੀ ਪੀ ਹੋਣ ਦੀ ਵਿਵਸਥਾ ਨੂੰ ਚੁਣੌਤੀ ਦਿੱਤੀ ਸੀ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਡਿਵੀਜ਼ਨ ਬੈਂਚ ਨੇ ਪਹਿਲੀ ਅਕਤੂਬਰ ਨੂੰ ਪੰਜਾਬ ਸਰਕਾਰ ਨੂੰ ਰੈਗੂਲਰ ਡੀਜੀਪੀ ਦੀ ਨਿਯੁਕਤੀ ਬਾਰੇ ਢੁਕਵਾਂ ਫ਼ੈਸਲਾ ਲੈਣ ਦੇ ਆਦੇਸ਼ ਦਿੱਤੇ ਸਨ। ਹਾਈ ਕੋਰਟ ਨੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੂੰ 13 ਅਕਤੂਬਰ ਨੂੰ ਹੋਣ ਵਾਲੀ ਅਗਲੀ ਸੁਣਵਾਈ ਤੱਕ ਅਦਾਲਤ ਵਿੱਚ ਇਸ ਸਬੰਧੀ ਪਾਲਣਾ ਸਬੰਧੀ ਹਲਫ਼ਨਾਮਾ ਪੇਸ਼ ਕਰਨ ਦੀ ਹਦਾਇਤ ਕੀਤੀ ਸੀ।

ਜੁਲਾਈ 2022 ਤੋਂ ਗੌਰਵ ਯਾਦਵ ਬਤੌਰ ਕਾਰਜਕਾਰੀ ਡੀਜੀਪੀ ਲਗਾਤਾਰ ਕੰਮ ਕਰ ਰਹੇ ਹਨ। ਉਨ੍ਹਾਂ ਦੀ ਸੇਵਾਮੁਕਤੀ 30 ਅਪਰੈਲ 2029 ਨੂੰ ਹੋਣੀ ਹੈ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ’ਤੇ ਰੈਗੂਲਰ ਡੀਜੀਪੀ ਲਗਾਏ ਜਾਣ ਦਾ ਲਗਾਤਾਰ ਦਬਾਅ ਬਣਿਆ ਹੋਇਆ ਸੀ। ਕਰੀਬ ਚਾਰ ਸਾਲ ਦੇ ਅਰਸੇ ਮਗਰੋਂ ਪੰਜਾਬ ਨੂੰ ਰੈਗੂਲਰ ਡੀਜੀਪੀ ਮਿਲਿਆ ਹੈ।

**ਉਪ-ਚੋਣ ਵਿੱਚ...**

ਅਧਿਕਾਰੀ ਦੇ ਨਾਂ ਸੀ, ਜੋ 2016 ਵਿੱਚ ਬਣਿਆ ਸੀ ਜਦੋਂ ਉਨ੍ਹਾਂ ਨੇ ਟੀਐਮਸੀ ਦੀ ਟਿਕਟ ’ਤੇ ਚੋਣ ਲੜਦਿਆਂ ਸੀਪੀਆਈ ਦੇ ਅਬਦੁਲ ਕਬੀਰ ਸ਼ੇਖ਼ ਨੂੰ 81,230 ਵੋਟਾਂ ਨਾਲ ਹਰਾਇਆ ਸੀ।

**ਭਾਰਤੀ ਮੂਲ ਦੀ...**

ਰੱਖਦਿਆਂ ਨੋਬਲ ਕਮੇਟੀ ਵੱਲੋਂ ਉਨ੍ਹਾਂ ਨੂੰ ਸ਼ਾਂਤੀ ਦੇ ਸਭ ਤੋਂ ਵੱਡੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ।

ਨੋਬਲ ਕਮੇਟੀ ਨੇ ਨਾਵੀ ਪਿੱਲੇ ਦੇ ਨਾਂ ਦਾ ਐਲਾਨ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਕੰਮ ਸ਼ਾਂਤੀਪੂਰਨ ਢੰਗ ਨਾਲ ਵਿਵਾਦਾਂ ਨੂੰ ਸੁਲਝਾਉਣ, ਤਾਕਤਵਰ ਦੇਸ਼ਾਂ ਅਤੇ ਵਿਅਕਤੀਆਂ ਨੂੰ ਜਵਾਬਦੇਹ ਬਣਾਉਣ ਅਤੇ ਪੀੜਤਾਂ ਦੀ ਸੁਰੱਖਿਆ ਵਿੱਚ ਕੌਮਾਂਤਰੀ ਕਾਨੂੰਨ ਦੀ ਅਹਿਮੀਅਤ ਨੂੰ ਉਜਾਗਰ ਕਰਦਾ ਹੈ।

**ਦੇਸ਼ ਦਾ ਵਿਦੇਸ਼ੀ...**

ਉਤਰਾਅ-ਚੜ੍ਹਾਅ ਦਾ ਅਸਰ ਪੈਂਦਾ ਹੈ। ਇਸ ਹਫ਼ਤੇ ਦੌਰਾਨ ਸੋਨੇ ਦੇ ਭੰਡਾਰ ਦੀ ਕੀਮਤ 2.29 ਅਰਬ ਡਾਲਰ ਘਟ ਕੇ 106.41 ਅਰਬ ਡਾਲਰ ਰਹਿ ਗਈ। ਉੱਥੇ ਹੀ ਵਿਸ਼ੇਸ਼ ਨਿਕਾਸੀ ਅਧਿਕਾਰ 15 ਲੱਖ ਡਾਲਰ ਵੱਧ ਕੇ 18.66 ਅਰਬ ਡਾਲਰ ਹੋ ਗਿਆ। ਇਸ ਦੌਰਾਨ ਕੌਮਾਂਤਰੀ ਮੁਦਰਾ ਫੰਡ ਕੋਲ ਭਾਰਤ ਦਾ ਰਿਜ਼ਰਵ ਜਮ੍ਹਾਂ 1.5 ਕਰੋੜ ਡਾਲਰ ਘਟ ਕੇ 4.79 ਅਰਬ ਡਾਲਰ ਰਿਹਾ।

**ਸੀਐਮ ਮਾਨ ਵੱਲੋਂ...**

ਆਯੋਜਨ ਵੱਡੇ ਅੰਤਰਰਾਸਟਰੀ ਖੇਡ ਸਮਾਗਮ ਦੇ ਨਿਯਮਾਂ ਅਤੇ ਪੇਸੇਵਰ ਪਹੁੰਚ ਨਾਲ ਕੀਤਾ ਜਾਵੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਨਿਰਦੇਸ ਦਿੱਤੇ ਕਿ ਆਉਣ ਵਾਲੇ ਹਰੇਕ ਵਫਦ ਦਾ ਨਿੱਘਾ ਸਵਾਗਤ ਕੀਤਾ ਜਾਵੇ ਅਤੇ ਉਨ੍ਹਾਂ ਦੀ ਠਹਿਰ ਦੌਰਾਨ ਮਹਿਮਾਨਨਵਾਜੀ ਦੇ ਬਿਹਤਰ ਤਜਰਬਿਆਂ ਦਾ ਯਾਦਗਾਰੀ ਅਨੁਭਵ ਕਰਵਾਇਆ ਜਾਵੇ। ਉਨ੍ਹਾਂ ਨੇ ਜੋਰ ਦੇ ਕੇ ਕਿਹਾ ਕਿ ਤਿਆਰੀਆਂ ਸਿਰਫ ਸਟੇਡੀਅਮ ਤੱਕ ਹੀ ਸੀਮਤ ਨਹੀਂ ਹੋਣੀਆ ਚਾਹੀਦੀਆਂ, ਸਗੋਂ ਪੂਰੇ ਸਹਿਰ ਵਿੱਚ ਸਫਾਈ, ਸੁੰਦਰੀਕਰਨ ਅਤੇ ਜਨਤਕ ਸਹੂਲਤਾਂ ‘ਤੇ ਵਿਸੇਸ ਧਿਆਨ ਦਿੱਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਨੇ ਨਗਰ ਨਿਗਮ, ਜਲੰਧਰ ਤੇ ਮੋਹਾਲੀ ਨੂੰ ਵਿਆਪਕ ਸਫਾਈ ਮੁਹਿੰਮਾਂ ਚਲਾਉਣ, ਸਾਫ-ਸਫ਼ਾਈ ਵਿੱਚ ਸੁਧਾਰ ਕਰਨ, ਜਨਤਕ ਥਾਵਾਂ ਦੀ ਸੁਚੱਜੀ ਸਾਂਭ-ਸੰਭਾਲ ਕਰਨ ਲਈ ਕਿਹਾ ਤਾਂ ਜੋ ਸਹਿਰ ਵਿਦੇਸ਼ੀ ਸੈਲਾਨੀਆਂ ਨੂੰ ਸਾਫ-ਸੁਥਰਾ ਅਤੇ ਆਕਰਸਕ ਲੱਗੇ। ਉਨ੍ਹਾਂ ਨੇ ਸ਼ਹਿਰ ਦੇ ਸੁੰਦਰੀਕਰਨ ਲਈ ਲੋੜੀਂਦੇ ਕਦਮ ਚੁੱਕਣ ਅਤੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਸਟੇਡੀਅਮ ਅਤੇ ਹੋਰ ਅਹਿਮ ਸਥਾਨਾਂ ਵੱਲ ਜਾਣ ਵਾਲੀਆਂ ਸੜਕਾਂ ਦੀ ਸੁਚੱਜੀ ਦੇਖਭਾਲ ਕੀਤੀ ਜਾਵੇ ਅਤੇ ਜਿੱਥੇ ਵੀ ਲੋੜ ਹੋਵੇ, ਸੜਕ ਦੀ ਮੁਰੰਮਤ ਕੀਤੀ ਜਾਵੇ।

ਮਹਿਮਾਨਨਿਵਾਜੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਭਾਗ ਲੈਣ ਵਾਲੀਆਂ ਟੀਮਾਂ ਅਤੇ ਉਨ੍ਹਾਂ ਦੇ ਸਹਾਇਕ ਸਟਾਫ਼ ਲਈ ਆਰਾਮਦਾਇਕ ਅਤੇ ਮਿਆਰੀ ਰਿਹਾਇਸ ਯਕੀਨੀ ਬਣਾਉਣ ਦੇ ਨਿਰਦੇਸ ਦਿੱਤੇ। ਉਨ੍ਹਾਂ ਕਿਹਾ ਕਿ ਰਿਹਾਇਸ, ਆਵਾਜਾਈ, ਸੁਰੱਖਿਆ, ਭੋਜਨ ਅਤੇ ਹੋਰ ਜਰੂਰੀ ਸਹੂਲਤਾਂ ਲਈ ਬਿਹਤਰ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਖਿਡਾਰੀ ਆਪਣੇ ਪ੍ਰਦਰਸਨ ‘ਤੇ ਧਿਆਨ ਕੇਂਦਰਿਤ ਕਰ ਸਕਣ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਹੋਟਲਾਂ, ਮੈਚ ਵਾਲੇ ਸਥਾਨਾਂ ਅਤੇ ਹੋਰ ਨਿਰਧਾਰਤ ਸਥਾਨਾਂ ਵਿਚਕਾਰ ਸੁਚਾਰੂ ਆਵਾਜਾਈ ਯਕੀਨੀ ਬਣਾਉਣ ਦੇ ਨਿਰਦੇਸ ਵੀ ਦਿੱਤੇ ਤਾਂ ਜੋ ਅਸੁਵਿਧਾ ਜਾਂ ਬੇਲੋੜੀ ਦੇਰੀ ਤੋਂ ਬਚਿਆ ਜਾ ਸਕੇ। ਪ੍ਰਬੰਧਾਂ ਦੀ ਵਿਆਪਕ ਸਮੀਖਿਆ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਵਿਭਾਗਾਂ ਨੂੰ ਜਮੀਨੀ ਪੱਧਰ ‘ਤੇ ਤਿਆਰੀਆਂ ਦਾ ਜਾਇਜ਼ਾ ਲੈਣ ਅਤੇ ਕਿਸੇ ਵੀ ਕਮੀ ਨੂੰ ਤੁਰੰਤ ਦੂਰ ਕਰਨ ਦੇ ਨਿਰਦੇਸ ਦਿੱਤੇ।

ਉਨ੍ਹਾਂ ਕਿਹਾ, “ਇੱਕ ਅੰਤਰਰਾਸਟਰੀ ਟੂਰਨਾਮੈਂਟ ਦੀ ਸਫਲਤਾ ਸਿਰਫ ਮੁੱਖ ਸਥਾਨ ਦੀ ਤਿਆਰੀ ‘ਤੇ ਹੀ ਨਹੀਂ, ਸਗੋਂ ਬੁਨਿਆਦੀ ਢਾਂਚੇ, ਪਹੁੰਚਯੋਗਤਾ, ਸਾਫ਼-ਸਫ਼ਾਈ, ਟ੍ਰੈਫਿਕ ਪ੍ਰਬੰਧਨ ਅਤੇ ਜਨਤਕ ਸਹੂਲਤਾਂ ‘ਤੇ ਵੀ ਨਿਰਭਰ ਕਰਦੀ ਹੈ। ਅੰਤਰਰਾਸਟਰੀ ਵਫਦਾਂ ਦੇ ਆਉਣ ਤੋਂ ਪਹਿਲਾਂ ਲੌਜਿਸਟਿਕ ਸਹਾਇਤਾ ਨਾਲ ਸਬੰਧਤ ਹਰ ਪਹਿਲੂ ਦਾ ਧਿਆਨ ਰੱਖਿਆ ਜਾਣਾ ਚਾਹੀਦਾ ਹੈ।“ ਵੱਧ ਤੋਂ ਵੱਧ ਲੋਕਾਂ ਨੂੰ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਕੂਲ ਅਤੇ ਕਾਲਜ ਦੇ ਵਿਦਿਆਰਥੀਆਂ ਲਈ ਮੈਚ ਦੇਖਣ ਦੀ ਵਿਵਸਥਾ ਕਰਨ ਤਾਂ ਜੋ ਉਹ ਅੰਤਰਰਾਸਟਰੀ ਹਾਕੀ ਮੈਚ ਦੇਖ ਸਕਣ ਅਤੇ ਵਿਸਵ ਪੱਧਰੀ ਖਿਡਾਰੀਆਂ ਤੋਂ ਪ੍ਰੇਰਨਾ ਲੈ ਸਕਣ। ਉਨ੍ਹਾਂ ਕਿਹਾ, “ਇਸ ਪੱਧਰ ਦੇ ਖੇਡ ਸਮਾਗਮ ਨਵੀਂ ਪੀੜ੍ਹੀ ਨੂੰ ਖੇਡਾਂ, ਅਨੁਸਾਸਨ ਅਤੇ ਟੀਮ ਵਰਕ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਗੇ। ਵਿਦਿਆਰਥੀਆਂ ਨੂੰ ਮੈਚ ਦੇਖਣ ਦੀ ਸਹੂਲਤ ਦੇਣ ਅਤੇ ਨੌਜਵਾਨਾਂ ਨੂੰ ਪੰਜਾਬ ਦੀ ਮਾਣਮੱਤੀ ਹਾਕੀ ਵਿਰਾਸਤ ਨਾਲ ਜੁੜਨ ਲਈ ਉਤਸਾਹਿਤ ਕਰਨ ਵੱਲ ਵਿਸੇਸ ਧਿਆਨ ਦਿੱਤਾ ਜਾਣਾ ਚਾਹੀਦਾ ਹੈ।“

**ਸ੍ਰੀ ਹੇਮਕੁੰਟ ਸਾਹਿਬ...**

ਵਾਸਤੇ ਮਸ਼ੀਨਾਂ ਦੀ ਵਰਤੋਂ ਕਰਨੀ ਪਈ ਹੈ ਤਾਂ ਜੋ ਸ਼ਰਧਾਲੂਆਂ ਦੀ ਸਹੂਲਤ ਲਈ ਰਸਤਾ ਬਣਿਆ ਰਹੇ। ਉਨ੍ਹਾਂ ਦੱਸਿਆ ਕਿ ਅੱਜ ਮੌਸਮ ਸਾਫ਼ ਹੈ। ਇਹ ਸਾਲਾਨਾ ਯਾਤਰਾ ਇਸ ਸਾਲ 20 ਮਈ ਨੂੰ ਆਰੰਭ ਹੋਈ ਸੀ ਅਤੇ ਹੁਣ ਤੱਕ ਲਗਭਗ ਪੌਣੇ ਚਾਰ ਲੱਖ ਸ਼ਰਧਾਲੂ ਇਸ ਯਾਤਰਾ ਦੌਰਾਨ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਵਿਖੇ ਨਤਮਸਤਕ ਹੋ ਚੁੱਕੇ ਹਨ। ਯਾਤਰਾ ਦੀ ਸਮਾਪਤੀ ਭਲਕੇ 10 ਅਕਤੂਬਰ ਨੂੰ ਹੋਵੇਗੀ। ਪ੍ਰਬੰਧਕ ਕਮੇਟੀ ਵੱਲੋਂ ਇਸ ਸਬੰਧੀ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

**ਅਗਲੇ 5 ਸਾਲਾਂ...**

ਇਸ ਲਈ, ਸਾਨੂੰ ਨਹੀਂ ਲੱਗਦਾ ਕਿ ਇਸ ਪ੍ਰੋਗਰਾਮ ਦੀ ਮੁਅੱਤਲੀ ਸਾਡੀ ਕਰਮਚਾਰੀ ਰਣਨੀਤੀ ਜਾਂ ਗਾਹਕਾਂ ਦੇ ਕੰਮਕਾਜ ਨੂੰ ਪ੍ਰਭਾਵਿਤ ਕਰੇਗੀ।

ਟੀਸੀਐਸ ਨੇ ਅੱਗੇ ਕਿਹਾ, ਅਸੀਂ ’ਪਰਮਾਨੈਂਟ ਲੇਬਰ ਸਰਟੀਫਿਕੇਸ਼ਨ ਪ੍ਰੋਗਰਾਮ’ ਬਾਰੇ ਅਮਰੀਕੀ ਸਰਕਾਰ ਦੇ ਐਲਾਨ ’ਤੇ ਗੌਰ ਕੀਤਾ ਹੈ ਅਤੇ ਕੰਪਨੀ ਲੇਬਰ ਵਿਭਾਗ ਦੇ ਕਿਸੇ ਵੀ ਨਿਰਦੇਸ਼ ਦੀ ਪਾਲਣਾ ਕਰੇਗੀ।

ਅਮਰੀਕਾ ਵਿੱਚ ਸਾਡੀ ਕਰਮਚਾਰੀ ਰਣਨੀਤੀ ਸਥਾਨਕ ਪ੍ਰਤਿਭਾ ਨੂੰ ਭਰਤੀ ਕਰਨ ’ਤੇ ਅਧਾਰਤ ਹੈ, ਜਿਸਨੂੰ ਇੱਕ ਮਜ਼ਬੂਤ ਕੈਂਪਸ ਭਰਤੀ ਪ੍ਰਣਾਲੀ ਦਾ ਸਮਰਥਨ ਹਾਸਲ ਹੈ। ਟੀਸੀਐਸ ਨੇ ਦੁਹਰਾਇਆ ਕਿ ਪਹਿਲਾਂ ਕੀਤੇ ਗਏ ਐਲਾਨ ਅਨੁਸਾਰ, ਉਹ ਆਪਣੀ ਸਥਾਨਕ ਕਰਮਚਾਰੀ ਸ਼ਕਤੀ ਨੂੰ ਹੋਰ ਮਜ਼ਬੂਤ ਕਰਨ ਲਈ ਅਗਲੇ ਪੰਜ ਸਾਲਾਂ ਵਿੱਚ ਅਮਰੀਕਾ ਵਿੱਚ 15,000 ਹੋਰ ਲੋਕਾਂ ਨੂੰ ਭਰਤੀ ਕਰਨ ਦੀ ਯੋਜਨਾ ਰੱਖਦੀ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

## ਦਰਸ਼ਨ ਸਿੰਘ ਮੱਟੂ ਨੇ ਕੈਂਪ ਦੌਰਾਨ ਸਹਿਯੋਗ ਕਰਨ ਵਾਲਿਆਂ ਸੰਸਥਾਵਾਂ ਦਾ ਕੀਤਾ ਧੰਨਵਾਦ

**ਪੈਗਾਮ-ਏ-ਜਗਤ/ਗੜ੍ਹਸ਼ੰਕਰ 9 ਅਕਤੂਬਰ (ਹਰੀ ਕ੍ਰਿਸ਼ਨ ਗੰਗੜ)**

ਬੀਤੇ ਦਿਨੀਂ ਕਾਕਾ ਅਮਨਦੀਪ ਸਿੰਘ ਮੱਟੂ ਦੀ ਯਾਦ ਨੂੰ ਸਮਰਪਿਤ ਸ਼ਹੀਦ ਭਗਤ ਸਿੰਘ ਚੈਰੀਟੇਬਲ ਸੁਸਾਇਟੀ ਵਲੋਂ ਗੜ੍ਹਸ਼ੰਕਰ ਵਿਖੇ ਲਗਾਏ ਖ਼ੂਨਦਾਨ ਕੈਂਪ ਨੂੰ ਸਫਲ ਬਣਾਉਣ ਵਾਲਿਆਂ ਵੱਖ-ਵੱਖ ਸੰਸਥਾਵਾਂ ਦਾ ਅੱਜ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਸਬੰਧੀ ਅੱਜ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਦੀ ਲਵਲੀ ਸਵੀਟ ਸ਼ਾਪ ਗੜ੍ਹਸ਼ੰਕਰ ਵਿਖੇ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਹੇਠ ਹੋਈ। ਇਸ ਮੌਕੇ ਦਰਸ਼ਨ ਸਿੰਘ ਮੱਟੂ ਨੇ ਕਿਹਾ ਕਿ ਕਾਕਾ ਅਮਨਦੀਪ ਸਿੰਘ ਮੱਟੂ ਦੀ ਯਾਦ ਨੂੰ ਸਮਰਪਿਤ ਲਗਾਏ ਸਵੈਂ ਇਛੁੱਕ ਖ਼ੂਨਦਾਨ ਕੈਂਪ ਵਿੱਚ ਵੱਖ-ਵੱਖ ਸੰਸਥਾਵਾਂ ਵੱਲੋਂ ਕੀਤੇ ਸਹਿਯੋਗ ਸਦਕਾ ਇਹ ਕੈਂਪ ਬਹੁਤ ਹੀ ਸਫਲ ਰਿਹਾ। ਉਨ੍ਹਾਂ ਦੱਸਿਆ ਕਿ ਇਸ ਖ਼ੂਨਦਾਨ ਕੈਂਪ ਦੌਰਾਨ ਜਿਥੇ ਵੱਖ-ਵੱਖ ਧਰਮਾਂ ਦੇ ਲੋਕਾਂ ਵੱਲੋਂ ਖ਼ੂਨਦਾਨ ਕੀਤਾ ਗਿਆ। ਉਥੇ ਹੀ ਮੁਸਲਿਮ ਭਾਈਚਾਰੇ ਦੇ ਨੌਜਵਾਨਾਂ ਅਤੇ ਔਰਤਾਂ ਵਲੋਂ ਖ਼ੂਨਦਾਨ ਕਰਕੇ ਵਿਲੱਖਣ ਛਾਪ ਛੱਡੀ ਹੈ। ਇਸ ਮੌਕੇ ਦਰਸ਼ਨ ਸਿੰਘ ਮੱਟੂ, ਬੀਬੀ ਸੁਭਾਸ਼ ਮੱਟੂ, ਡਾਕਟਰ ਲਖਵਿੰਦਰ ਕੁਮਾਰ, ਹੈਪੀ ਸਾਧੋਵਾਲ, ਰਣਜੀਤ ਸਿੰਘ ਬੰਗਾ, ਪ੍ਰਿੰਸੀਪਲ ਬਿੱਕਰ ਸਿੰਘ, ਕੁਲਵਿੰਦਰ ਸੰਘਾ, ਭੁਪਿੰਦਰ ਰਾਣਾ, ਸੰਦੀਪ ਸ਼ਰਮਾ ਬੋੜਾ, ਰੌਕੀ ਮੋਇਲਾ, ਸ਼ਿੰਦਾ ਗੋਲੀਆ, ਰਾਕੇਸ਼ ਰਾਜਪੂਤ ਅਤੇ ਡਾਕਟਰ ਬਿੱਟੂ ਵਿਜ ਆਦਿ ਹਾਜ਼ਰ ਸਨ।



## ਅੰਤਰਰਾਸ਼ਟਰੀ ਸੀਨੀਅਰ ਸਿਟੀਜਨਜ਼ ਦਿਵਸ ਸਬੰਧੀ ਸਮਾਗਮ 23 ਨੂੰ

**ਪੈਗਾਮ-ਏ-ਜਗਤ ਨਵਾਂਸ਼ਹਿਰ (ਦੇਸ ਰਾਜ ਬਾਲੀ)**

ਸੀਨੀਅਰ ਸਿਟੀਜਨਜ਼ ਐਸੋਸੀਏਸ਼ਨ ਨਵਾਂਸ਼ਹਿਰ ਵਲੋਂ ਹਰ ਸਾਲ ਦੀ ਤਰ੍ਹਾਂ ਅੰਤਰਰਾਸ਼ਟਰੀ ਸੀਨੀਅਰ ਸਿਟੀਜਨਜ਼ ਦਿਵਸ ਦੇ ਸਬੰਧ ਵਿੱਚ ਸਾਲਾਨਾ ਸਮਾਗਮ 23 ਅਕਤੂਬਰ 2026 ਦਿਨ ਸ਼ੁੱਕਰਵਾਰ ਨੂੰ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਪ੍ਰਧਾਨ ਐਸ ਕੇ ਪੁਰੀ ਨੇ ਦੱਸਿਆ ਕਿ ਇਹ ਸਮਾਗਮ ਬਾਈ ਜੀ ਦੀ ਕੁਟੀਆ ਪੰਡੋਰਾ ਮੁਹੱਲਾ ਵਿਖੇ ਕਰਵਾਇਆ ਜਾਵੇਗਾ ਜਿਹੜਾ ਸਵੇਰੇ 10:30 ਵਜੇ ਤੋਂ ਸ਼ੁਰੂ ਹੋ ਜਾਵੇਗਾ। ਸਮਾਗਮ ਵਿੱਚ ਮਾਨਯੋਗ ਡਿਪਟੀ ਕਮਿਸ਼ਨਰ ਸ਼ਭਸ ਨਗਰ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਣਗੇ। ਪੁਲਿਸ , ਸਿਹਤ ਅਤੇ ਸਮਾਜਿਕ ਸੁਰੱਖਿਆ ਵਿਭਾਗਾਂ ਤੋਂ ਉੱਚ ਅਧਿਕਾਰੀ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕਰਨਗੇ। ਸਮਾਗਮ ਵਿੱਚ ਹਾਜ਼ਰ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਸਹਿਯੋਗ ਨਾਲ ਵੱਖ ਵੱਖ ਤਰ੍ਹਾਂ ਦੇ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ ਜਾਣਗੇ। ਐਸੋਸੀਏਸ਼ਨ ਵਲੋਂ ਸਮਾਗਮ ਵਿਚ ਸਭ ਦੇ ਲਈ ਦੁਪਹਿਰ ਦੇ ਖਾਣੇ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਪ੍ਰਧਾਨ ਪੁਰੀ ਵਲੋਂ ਐਸੋਸੀਏਸ਼ਨ ਦੇ ਸਤਿਕਾਰਯੋਗ ਸਮੂਹ ਮੈਂਬਰਾਂ ਨੂੰ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਸਮਾਗਮ ਵਿਚ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਜਨਰਲ ਸਕੱਤਰ ਸੁਖਦੇਵ ਸ਼ਰਮਾ , ਵਾਈਸ ਪ੍ਰਧਾਨ ਲਲਿਤ ਓਹਰੀ, ਸਕੱਤਰ ਹੁਸਨ ਲਾਲ ਬਾਲੀ, ਵਿੱਤ ਸਕੱਤਰ ਅਸ਼ੋਕ ਸ਼ਰਮਾ ਅਤੇ ਪ੍ਰੈੱਸ ਸਕੱਤਰ ਪ੍ਰਸ਼ੋਤਮ ਬੈਂਸ ਆਦਿ ਵੀ ਹਾਜ਼ਰ ਸਨ।



## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹੇ ਦੇ 19 ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਗਈ

- ਨਸ਼ਾ ਮੁਕਤੀ ਮੋਰਚੇ ਵੱਲੋਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਦਾ ਸੱਦਾ

**ਪੈਗਾਮ-ਏ-ਜਗਤ ਨਵਾਂਸ਼ਹਿਰ (ਦੇਸ ਰਾਜ ਬਾਲੀ)**

ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਿਆਂ ਖ਼?ਲਾਫ਼ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ 9 ਅਕਤੂਬਰ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ 19 ਪਿੰਡਾਂ ਵਿੱਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਇਸ ਮੁਹਿੰਮ ਦੌਰਾਨ ਵਿਲੇਜ ਡਿਫੈਂਸ ਕਮੇਟੀਆਂ ਨੇ ਸਰਗਰਮ ਭੂਮਿਕਾ ਨਿਭਾਉਂਦਿਆਂ ਪਿੰਡ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਅਤੇ ਸਮਾਜਿਕ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕੀਤਾ। ਇਹ ਜਾਗਰੂਕਤਾ ਮੁਹਿੰਮ ਪਿੰਡ ਮਹਿੰਦੀਪੁਰ, ਗੜ੍ਹੀ ਫਤਿਹ ਖਾਂ, ਚੱਕਦਾਨਾ, ਜਾਡਲਾ, ਜੱਬੋਵਾਲ, ਰੱਤੇਵਾਲ ਖੁਰਦ, ਸੂਰਾਪੁਰ, ਧੌਲ, ਬੇਲਾ ਤਾਜੋਵਾਲ, ਆਦੋਆਣਾ, ਜਲਾਲਪੁਰ, ਧਕਧਾਣਾ, ਥਾਨਵਾਲਾ, ਫਰਾਲਾ, ਸੰਧਵਾਂ, ਖੋਤਰਾਂ, ਨਾਗਰਾ, ਸਕੋਹਪੁਰ ਅਤੇ ਬਖਲੌਰ ਵਿੱਚ ਚਲਾਈ ਗਈ।

ਇਸ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਗਈ। ਨਾਲ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਨੂੰ ਖੇਡਾਂ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜਨ ਅਤੇ ਨਸ਼ਿਆਂ ਦੀ ਰੋਕਥਾਮ ਲਈ ਲੋਕਾਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਗਿਆ।

ਨਸ਼ਾ ਮੁਕਤੀ ਮੋਰਚਾ ਦੇ ਦੋਆਬਾ ਇੰਚਾਰਜ ਅਤਿਨ ਅਗਨੀਹੋਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਸਫ਼ਲ ਬਣਾਉਣ ਲਈ ਹਰ ਪਿੰਡ ਅਤੇ ਹਰ ਪਰਿਵਾਰ ਦੀ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਫੈਲਾਉਣ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਲਈ ਅੱਗੇ ਆਉਣ ਦੀ ਅਪੀਲ ਕੀਤੀ। ਜ਼ਿਲ੍ਹਾ ਕੋਆਰਡੀਨੇਟਰ ਦਿਨੇਸ਼ ਸੂਰੀ ਨੇ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਲਗਾਤਾਰ ਜਾਗਰੂਕਤਾ, ਪਰਿਵਾਰਕ ਸਹਿਯੋਗ ਅਤੇ ਸਮਾਜਿਕ ਏਕਤਾ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵੱਲ ਠੋਸ ਕਦਮ ਚੁੱਕੇ ਜਾ ਸਕਦੇ ਹਨ। ਜ਼ਿਲ੍ਹਾ ਵਾਈਸ ਕੋਆਰਡੀਨੇਟਰ ਬਲਜੀਤ ਰਾਮ ਨੇ ਕਿਹਾ ਕਿ ਨੌਜਵਾਨ ਦੇਸ਼ ਅਤੇ ਸਮਾਜ ਦਾ ਭਵਿੱਖ ਹਨ, ਇਸ ਲਈ ਉਨ੍ਹਾਂ ਨੂੰ ਨਸ਼ਿਆਂ ਤੋਂ ਬਚਾਉਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਲੋੜਵੰਦ ਵਿਅਕਤੀਆਂ ਨੂੰ ਇਲਾਜ ਤੇ ਮੁੜ ਵਸੇਬੇ ਲਈ ਪ੍ਰੇਰਿਤ ਕਰਨ। ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਹਿੱਸਾ ਬਣਨ ਅਤੇ ਪ੍ਰਸ਼ਾਸਨ, ਵਿਲੇਜ ਡਿਫੈਂਸ ਕਮੇਟੀਆਂ ਅਤੇ ਸਮਾਜਿਕ ਜਥੇਬੰਦੀਆਂ ਨਾਲ ਮਿਲ ਕੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ।



## ਖੇਤੀਬਾੜੀ ਵਿਭਾਗ ਵੱਲੋਂ ਹਾੜ੍ਹੀ 2026 ਦੀਆਂ ਫਸਲਾਂ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ 13 ਨੂੰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 09 ਅਕਤੂਬਰ (ਪੈਗਾਮ-ਏ-ਜਗਤ)**

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਹਾੜ੍ਹੀ 2026 ਦੀਆਂ ਫਸਲਾਂ ਬਾਰੇ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਪ੍ਰਦਾਨ ਕਰਨ ਲਈ ਇੱਕ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ। ਇਹ ਕੈਂਪ 13 ਅਕਤੂਬਰ 2026 ਨੂੰ ਕਿਸਾਨ ਵਿਕਾਸ ਚੈਂਬਰ, ਐਰੋਸਿਟੀ, ਬਲਾਕ-ਸੀ, ਏਅਰਪੋਰਟ ਚੌਂਕ, ਮੋਹਾਲੀ ਵਿੱਚ ਸਵੇਰੇ 9:00 ਵਜੇ ਤੋਂ ਸ਼ੁਰੂ ਹੋਵੇਗਾ। ਮੁੱਖ ਖੇਤੀਬਾੜੀ ਅਫਸਰ ਰਾਕੇਸ਼ ਸ਼ਰਮਾ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਜ਼ਿਲ੍ਹੇ ਦੇ ਲਗਭਗ 1200 ਕਿਸਾਨ/ ਕਿਸਾਨ ਬੀਬੀਆਂ ਇਸ ਸਿਖਲਾਈ ਸਮਾਗਮ ਵਿੱਚ ਭਾਗ ਲੈਣਗੇ, ਜਿੱਥੇ ਖੇਤੀਬਾੜੀ ਵਿਭਾਗ ਦੇ ਮਾਹਿਰ ਅਧਿਕਾਰੀਆਂ ਵੱਲੋਂ ਹਾੜ੍ਹੀ ਦੀਆਂ ਫਸਲਾਂ, ਨਵੀਆਂ ਤਕਨੀਕਾਂ, ਫਸਲਾਂ ਦੀ ਸਾਂਭ ਸੰਭਾਲ ਅਤੇ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੈਂਪ ਦਾ ਉਦਘਾਟਨ ਡਿਪਟੀ ਕਮਿਸ਼ਨਰ ਐੱਸ.ਏ.ਐੱਸ. ਨਗਰ ਵੱਲੋਂ ਕੀਤਾ ਜਾਵੇਗਾ। ਸਮਾਗਮ ਦੀ ਪ੍ਰਧਾਨਗੀ ਡਾਇਰੈਕਟਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਕਰਨਗੇ। ਇਸ ਮੌਕੇ 'ਤੇ ਮੁੱਖ ਮਹਿਮਾਨ ਵਜੋਂ ਸ੍ਰੀ ਕੁਲਵੰਤ ਸਿੰਘ, ਐਮ.ਐਲ.ਏ., ਹਲਕਾ ਮੋਹਾਲੀ, ਅਤੇ ਸ੍ਰੀ ਕੁਲਜੀਤ ਸਿੰਘ ਰੰਧਾਵਾ, ਐਮ.ਐਲ.ਏ., ਹਲਕਾ ਡੇਰਾਬੱਸੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਣਗੇ। ਖੇਤੀਬਾੜੀ ਵਿਭਾਗ ਵੱਲੋਂ ਸਭ ਕਿਸਾਨ ਭਰਾਵਾਂ ਅਤੇ ਬੀਬੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਸ ਕੈਂਪ ਦਾ ਲਾਭ ਲੈਣ।



**ਪੈਗਾਮ-ਏ-ਜਗਤ**

ਸਰਕਾਰੀ ਐਲੀਮੈਂਟਰ ਸਕੂਲ ਲੜਕੀਆ ਗੜ੍ਹਸ਼ੰਕਰ ਵਿਖੇ ਸਰਕਾਰ ਦੀਆ ਹਦਾਇਤਾ ਅਨੁਸਾਰ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ। ਇਸ ਮੌਕੇ ਤੇ ਸਕੂਲ ਮੁਖੀ ਬਲਬੀਰ ਕੌਰ 'ਤੇ ਸਕੂਲ ਸਟਾਫ ਵੱਲੋਂ ਮਾਪਿਆ ਨੂੰ ਸਰਕਾਰ ਦੇ ਕੀਤੇ ਕੰਮਾ ਬੇਰੇ ਜਾਣਕਾਰੀ ਦਿੱਤੀ ਗਈ। ਤਸਵੀਰ ਵਿੱਚ ਬੱਚਿਆ ਦੇ ਮਾਪੇ ਤੇ ਅਧਿਆਪਕ ਹੇਠ ਤਸਵੀਰ ਵਿੱਚ ਐਸ ਐਮ ਸੀ ਮੈਂਬਰ ਪਿੰਸੀਪਲ ਹਰੀ ਕ੍ਰਿਸ਼ਨ ਨੂੰ ਪ੍ਰਸ਼ੰਸ਼ਾ ਪੱਤਰ ਨਾਲ ਸਨਮਾਨਿਤ ਕਰਦੇ ਹੋਏ ਸਟਾਫ ਮੈਂਬਰ। (ਫੋਟੋ ਤੇ ਵੇਰਵੇ-ਹਰੀ ਕ੍ਰਿਸ਼ਨ ਗੰਗੜ, ਗੜ੍ਹਸ਼ੰਕਰ)

## ਬਸੀ ਗੁਲਾਮ ਹੁਸੈਨ ਵਿੱਚ 2100 ਕੁੰਡੀ ਸ਼ਿਵ-ਸ਼ਕਤੀ ਮਹਾਯੱਗ ਲਈ ਭੂਮੀ ਪੂਜਨ ਅਤੇ ਝੰਡਾ ਸਥਾਪਨਾ 11 ਅਕਤੂਬਰ ਨੂੰ

- ਮਹੰਤ ਸ੍ਰੀ ਉਦੈ ਗਿਰੀ ਜੀ ਦੀ ਹਾਜ਼ਰੀ ਵਿੱਚ ਹੋਵੇਗਾ ਧਾਰਮਿਕ ਪ੍ਰੋਗਰਾਮ, ਡਾ. ਹਰਸ਼ਵਿੰਦਰ ਸਿੰਘ ਪਠਾਨੀਆ ਨੇ ਦਿੱਤੀ ਜਾਣਕਾਰੀ

**ਪੈਗਾਮ-ਏ-ਜਗਤ ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਬਸੀ ਗੁਲਾਮ ਹੁਸੈਨ: ਬਸੀ ਗੁਲਾਮ ਹੁਸੈਨ ਵਿੱਚ 2100 ਕੁੰਡੀ ਸ਼ਿਵ-ਸ਼ਕਤੀ ਮਹਾਯੱਗ ਦੇ ਆਯੋਜਨ ਨੂੰ ਲੈ ਕੇ 11 ਅਕਤੂਬਰ 2026 ਨੂੰ ਯੱਗ ਸਥਾਨ 'ਤੇ ਸਵੇਰੇ ਸ਼ੁਭ ਮਹੂਰਤ ਵਿੱਚ 10 ਤੋਂ 11 ਵਜੇ ਤੱਕ ਭੂਮੀ ਪੂਜਨ ਅਤੇ ਝੰਡਾ ਸਥਾਪਨਾ ਦਾ ਧਾਰਮਿਕ ਪ੍ਰੋਗਰਾਮ ਆਯੋਜਿਤ ਕੀਤਾ ਜਾਵੇਗਾ। ਸਾਰਾ ਪ੍ਰੋਗਰਾਮ ਮਹੰਤ ਸ੍ਰੀ ਉਦੈ ਗਿਰੀ ਜੀ ਦੀ ਦੇਖ ਰੇਖ ਅਤੇ ਨਿਰਦੇਸ਼ਾਂ ਵਿੱਚ ਹੋਵੇਗਾ, ਵਿਧਾਇਕ ਬ੍ਰਹਮ ਸ਼ੰਕਰ ਜਿੰਪਾ, ਹਿੰਦੂਜਾ ਗਰੁੱਪ ਦੇ ਡਾ ਐਸ ਕੇ ਚੱਢਾ ਦੇ ਨਾਲ ਨਾਲ ਇਲਾਕੇ ਦੇ ਅਨੇਕਾਂ ਪਤਵੰਤੇ ਮਹਿਮਾਨ ਵਿਸ਼ੇਸ਼ ਤੌਰ 'ਤੇ ਇਸ ਦੁਰਲੱਭ ਪਲਾਂ ਦੇ ਗਵਾਹ ਬਣਨ ਲਈ ਹਾਜ਼ਰ ਰਹਿਣਗੇ। ਪ੍ਰੋਗਰਾਮ ਵਿੱਚ ਵਿਧੀ-ਵਿਧਾਨ ਨਾਲ ਪੂਜਾ-ਅਰਚਨਾ ਕਰ ਮਹਾਯੱਗ ਦੇ ਸਫਲ ਆਯੋਜਨ ਲਈ ਪ੍ਰਾਰਥਨਾ ਕੀਤੀ ਜਾਵੇਗੀ।

ਪ੍ਰੋਗਰਾਮ ਦੀ ਜਾਣਕਾਰੀ ਦਿੰਦਿਆਂ ਡਾ. ਹਰਸ਼ਵਿੰਦਰ ਸਿੰਘ ਪਠਾਨੀਆ ਨੇ ਦੱਸਿਆ ਕਿ 2100 ਕੁੰਡੀ ਸ਼ਿਵ-ਸ਼ਕਤੀ ਮਹਾਯੱਗ ਧਾਰਮਿਕ ਆਸਥਾ, ਅਧਿਆਤਮਿਕ ਚੇਤਨਾ ਅਤੇ ਸਮਾਜਿਕ ਸਦਭਾਵਨਾ ਦਾ ਪ੍ਰਤੀਕ ਹੈ। ਇਸ ਤਰ੍ਹਾਂ ਦੇ ਧਾਰਮਿਕ ਆਯੋਜਨ ਸਮਾਜ ਵਿੱਚ ਆਪਸੀ ਭਾਈਚਾਰੇ, ਸ਼ਾਂਤੀ ਅਤੇ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ ਅਤੇ ਸਾਡੀਆਂ ਪ੍ਰਾਚੀਨ ਧਾਰਮਿਕ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਦੱਸਿਆ ਕਿ ਭੂਮੀ ਪੂਜਨ ਅਤੇ ਝੰਡਾ ਸਥਾਪਨਾ ਦੇ ਨਾਲ ਮਹਾਯੱਗ ਦੀਆਂ ਤਿਆਰੀਆਂ ਨੂੰ ਧਾਰਮਿਕ ਰੂਪ ਨਾਲ ਅੱਗੇ ਵਧਾਇਆ ਜਾਵੇਗਾ। ਇਸ ਪਵਿੱਤਰ ਮੌਕੇ 'ਤੇ ਇਲਾਕੇ ਦੀ ਸੁੱਖ-ਖੁਸ਼ਹਾਲੀ, ਸ਼ਾਂਤੀ ਅਤੇ ਸਰਬ-ਕਲਿਆਣ ਦੀ ਕਾਮਨਾ ਕੀਤੀ ਜਾਵੇਗੀ। ਡਾ. ਹਰਸ਼ਵਿੰਦਰ ਸਿੰਘ ਪਠਾਨੀਆ ਨੇ ਸਮੂਹ ਸ਼ਰਧਾਲੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਧਾਰਮਿਕ ਆਯੋਜਨ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ 2100 ਕੁੰਡੀ ਸ਼ਿਵ-ਸ਼ਕਤੀ ਮਹਾਯੱਗ ਨੂੰ ਸਫਲ ਬਣਾਉਣ ਵਿੱਚ ਆਪਣਾ ਸਹਿਯੋਗ ਪ੍ਰਦਾਨ ਕਰਨ।

ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਆਯੋਜਨ ਸਮਾਜ ਨੂੰ ਅਧਿਆਤਮਿਕ ਤੌਰ 'ਤੇ ਜੋੜਨ ਦੇ ਨਾਲ-ਨਾਲ ਸੇਵਾ, ਸਦਭਾਵ ਅਤੇ ਮਾਨਵ ਕਲਿਆਣ ਦਾ ਸੁਨੇਹਾ ਵੀ ਦਿੰਦੇ ਹਨ।



## ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਛੇ ਰੋਜ਼ਾ ਰੁਜ਼ਗਾਰ ਯੋਗਤਾ ਅਤੇ ਹੁਨਰ ਵਿਕਾਸ ਸਿਖਲਾਈ ਵਰਕਸ਼ਾਪ ਲਗਾਈ

**ਪੈਗਾਮ-ਏ-ਜਗਤ ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਵਿਖੇ ਇੰਜ. ਸੁਖਮਿੰਦਰ ਸਿੰਘ ਸਕੱਤਰ ਸਿੱਖਿਆ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੇ ਨਿਰਦੇਸ਼ ਤਹਿਤ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਲੜਕੀਆਂ ਦੀ ਛੇ ਰੋਜ਼ਾ ਰੁਜ਼ਗਾਰ ਯੋਗਤਾ ਅਤੇ ਹੁਨਰ ਵਿਕਾਸ ਸਿਖਲਾਈ ਵਰਕਸ਼ਾਪ ਲਗਾਈ ਗਈ।

ਕਾਲਜ ਦੇ ਕੈਰੀਅਰ ਗਾਈਡੈਂਸ ਐਂਡ ਪਲੇਸਮੈਂਟ ਸੈੱਲ ਵਲੋਂ ਆਈ. ਕਿਯੂ. ਏ. ਸੀ. ਅਤੇ ਮਹਿੰਦਰਾ ਪ੍ਰਾਈਡ ਕਲਾਸਰੂਮ ਅਤੇ ਨੰਦੀ ਫਾਊਂਡੇਸ਼ਨ ਦੇ ਸਹਿਯੋਗ ਨਾਲ ਲਗਾਈ ਵਰਕਸ਼ਾਪ ਦੌਰਾਨ ਵਿਦਿਆਰਥਣਾਂ ਨੂੰ ਸਖਸ਼ੀਅਤ ਵਿਕਾਸ, ਸਾਫ਼ਟ ਸਕਿੱਲਜ਼, ਫੈਸਲਾ ਲੈਣ ਦੀ ਸਮਰੱਥਾ, ਲੀਡਰਸ਼ਿਪ, ਸਮੱਸਿਆ ਹੱਲ ਕਰਨ ਦੀ ਕਲਾ ਅਤੇ ਇੰਟਰਵਿਊ ਸਕਿੱਲਜ਼ ਸਬੰਧੀ ਵਿਹਾਰਕ ਸਿਖਲਾਈ ਦਿੱਤੀ ਗਈ। ਵਰਕਸ਼ਾਪ ਦੌਰਾਨ ਨੰਦੀ ਫਾਊਂਡੇਸ਼ਨ ਤੋਂ ਰਿਸੋਰਸ ਪਰਸਨ ਮੈਡਮ ਰਿਤਿਕਾ ਨੇ ਵਿਦਿਆਰਥਣਾਂ ਨੂੰ ਇੰਟਰਵਿਊ ਦੀ ਤਿਆਰੀ, ਉਚਿਤ ਪਹਿਰਾਵੇ, ਪੇਸ਼ੇਵਰ ਗਰੂਮਿੰਗ, ਸਵੈ-ਜਾਣ ਪਹਿਚਾਣ, ਪ੍ਰਭਾਵਸ਼ਾਲੀ ਸੰਚਾਰ ਅਤੇ ਆਤਮ-ਵਿਸ਼ਵਾਸ ਨਾਲ ਜਵਾਬ ਦੇਣ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਵਿਦਿਆਰਥਣਾਂ ਦੀ ਮੌਕ ਇੰਟਰਵਿਊ ਵੀ ਕਰਵਾਈ ਗਈ ਜਿਸ ਰਾਹੀਂ ਵਿਦਿਆਰਥਣਾਂ ਨੂੰ ਅਸਲ ਇੰਟਰਵਿਊ ਦਾ ਵਿਹਾਰਕ ਅਨੁਭਵ ਪ੍ਰਾਪਤ ਹੋਇਆ। ਇਸੇ ਤਰ੍ਹਾਂ ਵਿਦਿਆਰਥਣਾਂ ਨੂੰ ਆਪਣੀ ਸਮਰੱਥਾ ਪਛਾਨਣ, ਹੁਨਰ ਵਿਚ ਸੁਧਾਰ ਕਰਨ ਅਤੇ ਬੇਹੱਤਰ ਕੈਰੀਅਰ ਫੈਸਲੇ ਲੈਣ ਲਈ ਪ੍ਰੇਰਿਤ ਕੀਤਾ ਗਿਆ। ਸਮਾਪਤੀ ਮੌਕੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਕਿਹਾ ਕਿ ਅਜਿਹੀਆਂ ਵਰਕਸ਼ਾਪ ਲੜਕੀਆਂ ਦੀ ਬੇਹਤਰੀ ਅਤੇ ਸਸ਼ਕਤੀਕਰਨ ਲਈ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥਣਾਂ ਨੂੰ ਆਤਮ-ਵਿਸ਼ਵਾਸ, ਹੁਨਰ ਅਤੇ ਆਤਮ-ਨਿਰਭਰਤਾ ਪੈਦਾ ਕਰਨ ਵਿਚ ਸਹਾਇਕ ਹੁੰਦੇ ਹਨ ਅਤੇ ਉਨ੍ਹਾਂ ਨੂੰ ਨਿੱਜੀ ਅਤੇ ਪੇਸ਼ੇਵਰ ਜੀਵਨ ਵਿਚ ਅੱਗੇ ਵਧਣ ਲਈ ਤਿਆਰ ਕਰਦੇ ਹਨ। ਡਾ. ਗੁਰਪ੍ਰੀਤ ਸਿੰਘ ਕੋਆਰਡੀਨੇਟਰ ਕੈਰੀਅਰ ਗਾਈਡੈਂਸ ਐਂਡ ਪਲੇਸਮੈਂਟ ਸੈਲ ਨੇ ਧੰਨਵਾਦ ਕਰਦਿਆਂ ਕਾਲਜ ਵਲੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਅਜਿਹੀਆਂ ਵਰਕਸ਼ਾਪਾਂ ਲਗਾਉਣੀਆਂ ਇਕ ਨਿਰੰਤਰ ਪ੍ਰਕਿਰਿਆ ਬਣ ਚੁੱਕੀ ਹੈ। ਪ੍ਰੋ. ਕਿਰਨਜੋਤ ਕੌਰ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ। ਇਸ ਮੌਕੇ ਡਾ. ਕੁਲਦੀਪ ਕੌਰ ਕੋਆਰਡੀਨੇਟਰ ਆਈ.ਕਿਯੂ.ਏ.ਸੀ. ਸੈੱਲ, ਡਾ. ਮੁਕੇਸ਼ ਸ਼ਰਮਾ, ਪ੍ਰੋ. ਮਨਵੀਰ ਕੁਮਾਰ ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਰ ਹੋਏ।



## ਖਾਈ ਸਕੂਲ ਵਿੱਚ ਅਰਧ-ਸਾਲਾਨਾ ਪ੍ਰੀਖਿਆ ਨਤੀਜਾ ਘੋਸ਼ਿਤ, ਪੀਟੀਐਮ ਸਮਾਰੋਹ ਦਾ ਆਯੋਜਨ

**ਪੈਗਾਮ-ਏ-ਜਗਤ ਰਤੀਆ, 9 ਅਕਤੂਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**

ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ, ਖਾਈ ਵਿੱਚ ਅਰਧ-ਸਾਲਾਨਾ ਪ੍ਰੀਖਿਆ ਨਤੀਜਾ ਘੋਸ਼ਿਤ ਕਰਨ ਦੇ ਨਾਲ ਮਾਪੇ-ਅਧਿਆਪਕ ਮੀਟਿੰਗ (ਪੀਟੀਐਮ) ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਵਿਦਿਆਰਥਣਾਂ ਦੇ ਮਾਪਿਆਂ ਨੂੰ ਪ੍ਰੀਖਿਆ ਨਤੀਜੇ ਦੀ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਦੀ ਵਿਦਿਅਕ ਪ੍ਰਗਤੀ 'ਤੇ ਚਰਚਾ ਕੀਤੀ ਗਈ। ਵਿਦਿਆਲਿਆ ਦੇ ਪ੍ਰਿੰਸੀਪਲ ਅਬਨੀਸ਼ ਗਰਗ ਨੇ ਹਾਜ਼ਰ ਮਾਪਿਆਂ ਦਾ ਸਵਾਗਤ ਕਰਦਿਆਂ ਅਰਧ-ਸਾਲਾਨਾ ਪ੍ਰੀਖਿਆ ਨਤੀਜੇ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥਣਾਂ ਦੀਆਂ ਵਿਦਿਅਕ ਪ੍ਰਾਪਤੀਆਂ, ਨਿਯਮਤ ਅਧਿਐਨ ਅਤੇ ਸਰਵਪੱਖੀ ਵਿਕਾਸ ਵਿੱਚ ਵਿਦਿਆਲਿਆ ਅਤੇ ਮਾਪਿਆਂ ਦੀ ਸਾਂਝੀ ਭੂਮਿਕਾ ਨੂੰ ਮਹੱਤਵਪੂਰਨ ਦੱਸਿਆ। ਵਿਦਿਆਲਿਆ ਦੇ ਹੋਸਟਲ ਦੀ ਵਾਰਡਨ ਮੈਡਮ ਮਹੇਸ਼ੀ ਨੇ ਹੋਸਟਲ ਵਿੱਚ ਉਪਲਬਧ ਸਹੂਲਤਾਂ, ਵਿਵਸਥਾਵਾਂ ਅਤੇ ਵਿਦਿਆਰਥਣਾਂ ਦੀ ਦੇਖਭਾਲ ਸਬੰਧੀ ਮਾਪਿਆਂ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ 'ਤੇ ਮਾਪਿਆਂ ਨੇ ਵਿਦਿਆਲਿਆ ਵਿੱਚ ਉਪਲਬਧ ਵਿਦਿਅਕ ਅਤੇ ਹੋਸਟਲ ਸਬੰਧੀ ਵਿਵਸਥਾਵਾਂ 'ਤੇ ਖੁਸ਼ੀ ਜ਼ਾਹਰ ਕੀਤੀ। ਉਨ੍ਹਾਂ ਨੇ ਵਿਵਸਥਾਵਾਂ ਪ੍ਰਤੀ ਸੰਤੋਸ਼ ਜਤਾਉਂਦਿਆਂ ਵਿਦਿਆਲਿਆ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਸਮਾਰੋਹ ਵਿੱਚ ਸਾਹਿਤਕਾਰ ਡਾ. ਨੈਬ ਸਿੰਘ ਮੰਡੇਰ, ਬੁਲਾਰੇ ਕੰਵਰਜੀਤ ਸਿੰਘ, ਬਨਵਾਰੀ ਲਾਲ, ਸੋਨੂੰ ਗਰਗ, ਘਣਸ਼ਿਆਮ ਨਾਪਾ, ਸ਼ੀਨੂੰ ਰਾਣੀ, ਸਰਿਤਾ, ਸੀਮਾਬੰਤੀ, ਨੀਸ਼ੂ ਰਾਣੀ ਅਤੇ ਅਮਨਪ੍ਰੀਤ ਕੌਰ ਸਮੇਤ ਹੋਰ ਹਾਜ਼ਰ ਰਹੇ।



## ਵਜ੍ਰ ਕੋਰ ਨੇ ਡਰੋਨ ਯੁੱਧ ਸਮਰੱਥਾਵਾਂ ਨੂੰ ਦਿੱਤੀ ਨਵੀਂ ਮਜ਼ਬੂਤੀ, ਆਰਪੀਟੀਓ ਸਿਖਲਾਈ ਦਾ ਪਹਿਲਾ ਬੈਚ ਸਫਲਤਾਪੂਰਵਕ ਮੁਕੰਮਲ

**ਪੈਗਾਮ-ਏ-ਜਗਤ ਜਲੰਧਰ (ਦਲਜੀਤ ਅਜਨੋਹਾ)**

ਆਧੁਨਿਕ ਜੰਗ ਦੇ ਮੈਦਾਨ ਦੀਆਂ ਬਦਲਦੀਆਂ ਚੁਣੌਤੀਆਂ ਦੇ ਮੱਦੇਨਜ਼ਰ ਆਪਣੀਆਂ ਤਕਨਾਲੋਜੀ-ਆਧਾਰਿਤ ਯੁੱਧ ਸਮਰੱਥਾਵਾਂ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਵਜ੍ਰ ਕੋਰ ਨੇ ਇੱਕ ਮਹੱਤਵਪੂਰਨ ਪ੍ਰਾਪਤੀ ਹਾਸਲ ਕੀਤੀ ਹੈ। ਕੋਰ ਦੇ ਡਰੋਨ ਆਪਰੇਟਰਾਂ ਦੇ ਪਹਿਲੇ ਬੈਚ ਨੇ ਰਿਮੋਟ ਪਾਇਲਟ ਟ੍ਰੇਨਿੰਗ ਆਰਗੇਨਾਈਜ਼ੇਸ਼ਨ ਅਧੀਨ ਆਪਣੀ ਸਿਖਲਾਈ ਸਫਲਤਾਪੂਰਵਕ ਪੂਰੀ ਕਰ ਲਈ ਹੈ। ਇਹ ਪ੍ਰਾਪਤੀ ਤਕਨੀਕੀ ਤੌਰ 'ਤੇ ਨਿਪੁੰਨ, ਸੰਚਾਲਨ ਪੱਖੋਂ ਸਮਰੱਥ ਅਤੇ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਸੈਨਿਕ ਬਲ ਦੇ ਨਿਰਮਾਣ ਵੱਲ ਵਜ?ਰ ਕੋਰ ਦੇ ਨਿਰੰਤਰ ਯਤਨਾਂ ਵਿੱਚ ਇੱਕ ਅਹਿਮ ਕਦਮ ਹੈ।

ਲੈਫਟੀਨੈਂਟ ਜਨਰਲ ਅਮਿਤ ਕਬਥਿਆਲ, ਯੁੱਧ ਸੇਵਾ ਮੈਡਲ, ਸੈਨਾ ਮੈਡਲ ਅਤੇ ਬਾਰ, ਜਨਰਲ ਆਫ਼?ਸਰ ਕਮਾਂਡਿੰਗ, ਵਜ?ਰ ਕੋਰ। ਨੇ ਸਿਖਲਾਈ ਸਫਲਤਾਪੂਰਵਕ ਪੂਰੀ ਕਰਨ ਵਾਲੇ ਡਰੋਨ ਆਪਰੇਟਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਸਮਰਪਣ, ਅਨੁਸ਼ਾਸਨ ਅਤੇ ਪੇਸ਼ੇਵਰ ਮੁਹਾਰਤ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਆਧੁਨਿਕ ਸੈਨਿਕ ਕਾਰਵਾਈਆਂ ਵਿੱਚ ਮਨੁੱਖ ਰਹਿਤ ਹਵਾਈ ਪ੍ਰਣਾਲੀਆਂ ਦੀ ਵਧ ਰਹੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਤਕਨੀਕੀ ਕੁਸ਼ਲਤਾ, ਨਵੀਨਤਾ ਅਤੇ ਬਦਲਦੀਆਂ ਯੁੱਧਕ ਸਥਿਤੀਆਂ ਅਨੁਸਾਰ ਆਪਣੇ ਆਪ ਨੂੰ ਲਗਾਤਾਰ ਵਿਕਸਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਿਖਲਾਈ ਪ੍ਰਾਪਤ ਆਪਰੇਟਰਾਂ ਨੂੰ ਹਾਸਲ ਕੀਤੇ ਹੁਨਰ ਦੀ ਪ੍ਰਭਾਵਸ਼ਾਲੀ ਵਰਤੋਂ ਕਰਕੇ ਕੋਰ ਦੀਆਂ ਯੁੱਧ ਸਮਰੱਥਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਪ੍ਰੇਰਿਤ ਕੀਤਾ।

ਆਰਪੀਟੀਓ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਅਜਿਹੇ ਹੁਨਰਮੰਦ ਅਤੇ ਸਮਰੱਥ ਡਰੋਨ ਆਪਰੇਟਰ ਤਿਆਰ ਕਰਨਾ ਹੈ, ਜਿਨ੍ਹਾਂ ਕੋਲ ਮਨੁੱਖ ਰਹਿਤ ਹਵਾਈ ਪ੍ਰਣਾਲੀਆਂ ਦੇ ਸੰਚਾਲਨ ਲਈ ਲੋੜੀਂਦਾ ਤਕਨੀਕੀ ਗਿਆਨ ਅਤੇ ਵਿਹਾਰਕ ਮੁਹਾਰਤ ਹੋਵੇ। ਸਿਖਲਾਈ ਦੌਰਾਨ ਡਰੋਨ ਸੰਚਾਲਨ, ਉਡਾਣ ਨਾਲ ਸਬੰਧਤ ਪ੍ਰਕਿਰਿਆਵਾਂ, ਸੁਰੱਖਿਆ ਮਾਪਦੰਡਾਂ ਅਤੇ ਮਨੁੱਖ ਰਹਿਤ ਹਵਾਈ ਪਲੇਟਫਾਰਮਾਂ ਦੀ ਪ੍ਰਭਾਵਸ਼ਾਲੀ ਵਰਤੋਂ ਨਾਲ ਜੁੜੇ ਮਹੱਤਵਪੂਰਨ ਪਹਿਲੂਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਇਹ ਸਿਖਲਾਈ ਨਿਗਰਾਨੀ, ਟੋਹੀ ਅਤੇ ਜੰਗ ਦੇ ਮੈਦਾਨ ਦੀ ਸਥਿਤੀ ਬਾਰੇ ਬਿਹਤਰ ਜਾਣਕਾਰੀ ਪ੍ਰਾਪਤ ਕਰਨ ਲਈ ਇੱਕ ਮਜ਼ਬੂਤ ਆਧਾਰ ਪ੍ਰਦਾਨ ਕਰਦੀ ਹੈ।

ਆਧੁਨਿਕ ਯੁੱਧ ਵਿੱਚ ਡਰੋਨ ਅਤੇ ਮਨੁੱਖ ਰਹਿਤ ਹਵਾਈ ਪ੍ਰਣਾਲੀਆਂ ਦੀ ਭੂਮਿਕਾ ਲਗਾਤਾਰ ਵਧ ਰਹੀ ਹੈ। ਅਜਿਹੇ ਵਿੱਚ ਸਿਖਲਾਈ ਪ੍ਰਾਪਤ ਆਪਰੇਟਰਾਂ ਦੀ ਉਪਲਬਧਤਾ ਸੰਚਾਲਨ ਸਮਰੱਥਾ ਵਧਾਉਣ ਲਈ ਬੇਹੱਦ ਮਹੱਤਵਪੂਰਨ ਹੈ। ਇਨ੍ਹਾਂ ਸਮਰੱਥਾਵਾਂ ਦੇ ਵਿਕਾਸ ਨਾਲ ਜੰਗ ਦੇ ਮੈਦਾਨ ਦੀ ਬਿਹਤਰ ਨਿਗਰਾਨੀ, ਤੇਜ਼ੀ ਨਾਲ ਫ਼ੈਸਲੇ ਲੈਣ ਦੀ ਸਮਰੱਥਾ ਅਤੇ ਉੱਭਰਦੀਆਂ ਸੰਚਾਲਨ ਚੁਣੌਤੀਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣਾ ਕਰਨ ਦੀ ਯੋਗਤਾ ਨੂੰ ਹੋਰ ਮਜ਼ਬੂਤੀ ਮਿਲੇਗੀ। ਪਹਿਲੇ ਬੈਚ ਦੀ ਸਫਲ ਸਿਖਲਾਈ ਸਿਰਫ਼ ਇੱਕ ਸਿਖਲਾਈ ਪ੍ਰਾਪਤੀ ਹੀ ਨਹੀਂ, ਸਗੋਂ ਵਜ?ਰ ਕੋਰ ਦੀ ਤਕਨੀਕੀ ਆਤਮਨਿਰਭਰਤਾ, ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਡਰੋਨ ਸੰਚਾਲਨ ਨਾਲ ਸਬੰਧਤ ਵਿਸ਼ੇਸ਼ ਮੁਹਾਰਤ ਵਿਕਸਤ ਕਰਨ ਦੀ ਵਚਨਬੱਧਤਾ ਦਾ ਪ੍ਰਤੀਕ ਵੀ ਹੈ। ਇਹ ਪਹਿਲ ਉੱਭਰਦੀਆਂ ਤਕਨਾਲੋਜੀਆਂ ਨੂੰ ਸੈਨਿਕ ਸਿਖਲਾਈ ਅਤੇ ਸੰਚਾਲਨ ਸਮਰੱਥਾਵਾਂ ਦੇ ਵਿਕਾਸ ਵਿੱਚ ਸ਼ਾਮਲ ਕਰਨ ਲਈ ਕੋਰ ਦੇ ਲਗਾਤਾਰ ਯਤਨਾਂ ਨੂੰ ਦਰਸਾਉਂਦੀ ਹੈ।

ਵਜ?ਰ ਕੋਰ ਯਥਾਰਥਪੂਰਨ ਸਿਖਲਾਈ, ਆਧੁਨਿਕ ਤਕਨਾਲੋਜੀਆਂ ਨੂੰ ਅਪਣਾਉਣ ਅਤੇ ਵਿਸ਼ੇਸ਼ ਸੈਨਿਕ ਹੁਨਰਾਂ ਦੇ ਵਿਕਾਸ ਨੂੰ ਨਿਰੰਤਰ ਤਰਜੀਹ ਦੇ ਰਹੀ ਹੈ, ਤਾਂ ਜੋ ਬਦਲਦੇ ਜੰਗੀ ਮਾਹੌਲ ਵਿੱਚ ਫ਼ੈਸਲਾਕੁੰਨ ਬੜ੍ਹਤ ਬਣਾਈ ਰੱਖੀ ਜਾ ਸਕੇ। ਆਰਪੀਟੀਓ ਸਿਖਲਾਈ ਪ੍ਰੋਗਰਾਮ ਇਸੇ ਦੂਰਅੰਦੇਸ਼ੀ ਸੋਚ ਦਾ ਇੱਕ ਮਹੱਤਵਪੂਰਨ ਹਿੱਸਾ ਹੈ, ਜੋ ਸੈਨਿਕਾਂ ਨੂੰ ਨਵੀਆਂ ਤਕਨਾਲੋਜੀਆਂ ਦੀ ਪ੍ਰਭਾਵਸ਼ਾਲੀ ਵਰਤੋਂ ਕਰਨ ਅਤੇ ਭਵਿੱਖ ਦੀਆਂ ਯੁੱਧਕ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦਾ ਹੈ। ਤਕਨਾਲੋਜੀ ਵਿੱਚ ਮੁਹਾਰਤ। ਯੁੱਧ ਸਮਰੱਥਾ ਵਿੱਚ ਬੜ੍ਹਤ। ਭਵਿੱਖ ਦੇ ਜੰਗੀ ਮੈਦਾਨ ਲਈ ਪੂਰੀ ਤਿਆਰੀ।




## ਜ਼ੋਨਲ ਯੁਵਕ ਮੇਲੇ ਵਿੱਚ ਸਿੱਖ ਨੈਸ਼ਨਲ ਕਾਲਜ ਬੰਗਾ ਦਾ ਸ਼ਾਨਦਾਰ ਪ੍ਰਦਰਸ਼ਨ

**ਪੈਗਾਮ-ਏ-ਜਗਤ ਨਵਾਂਸ਼ਹਿਰ (ਦੇਸ ਰਾਜ ਬਾਲੀ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਕਰਵਾਏ ਗਏ ਡੀ-ਜੋਨ ਦੇ ਜ਼ੋਨਲ ਯੁਵਕ ਮੇਲੇ ਵਿੱਚ ਸਿੱਖ ਨੈਸ਼ਨਲ ਕਾਲਜ ਬੰਗਾ ਨੇ ਆਪਣੀ ਸ਼ਾਨਦਾਰ ਕਲਾ-ਸੱਭਿਆਚਾਰਕ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਲਗਾਤਾਰ ਛੇਵੀਂ ਵਾਰ ਓਵਰਆਲ ਚੈਂਪੀਅਨਸ਼ਿਪ ਦੀ ਟਰਾਫੀ ਆਪਣੇ ਨਾਮ ਕਰਕੇ ਇਤਿਹਾਸਕ ਪ੍ਰਾਪਤੀ ਦਰਜ ਕੀਤੀ। ਕਾਲਜ ਨੇ ਵੱਖ-ਵੱਖ ਕਲਾਤਮਕ, ਸੰਗੀਤਕ, ਰੰਗਮੰਚ ਅਤੇ ਸਾਹਿਤਕ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 100 ਅੰਕ ਹਾਸਲ ਕੀਤੇ।

ਇਹ ਮਾਣਮੱਤੀ ਪ੍ਰਾਪਤੀ ਕਾਲਜ ਦੇ ਪ੍ਰਿੰਸੀਪਲ ਡਾ. ਇੰਦੂ ਰੱਤੀ ਦੀ ਅਗਵਾਈ ਹੇਠ ਸੰਭਵ ਹੋਈ। ਵਿਦਿਆਰਥੀਆਂ ਨੇ ਡੀਨ ਸੱਭਿਆਚਾਰਕ ਮਾਮਲੇ ਡਾ. ਗੁਰਵਿੰਦਰ ਸਿੰਘ ਅਤੇ ਸਹਾਇਕ ਡੀਨ/ਲਾਇਬ੍ਰੇਰੀਅਨ ਮਨਮੰਤ ਸਿੰਘ ਦੀ ਪ੍ਰੇਰਨਾ ਹੇਠ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ।

ਕੋਮਲ ਕਲਾਵਾਂ ਦੇ ਮੁਕਾਬਲਿਆਂ ਵਿੱਚ ਕੋਲਾਜ, ਫੁਲਕਾਰੀ ਅਤੇ ਪੇਂਟਿੰਗ ਨੇ ਪਹਿਲਾ ਸਥਾਨ, ਕਾਰਟੂਨਿੰਗ ਅਤੇ ਪੋਸਟਰ ਮੇਕਿੰਗ ਨੇ ਦੂਜਾ ਸਥਾਨ, ਜਦਕਿ ਕਲੇਅ ਮਾਡਲਿੰਗ ਨੇ ਤੀਜਾ ਸਥਾਨ ਹਾਸਲ ਕੀਤਾ।

ਸੰਗੀਤ ਦੇ ਮੁਕਾਬਲਿਆਂ ਵਿੱਚ ਕਲਾਸੀਕਲ ਵੋਕਲ ਸੋਲੋ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਗਰੁੱਪ ਸੌਂਗ, ਸ਼ਬਦ/ਭਜਨ, ਗੀਤ, ਗ਼ਜ਼ਲ ਅਤੇ ਵੈਸਟਰਨ ਗਰੁੱਪ ਸੌਂਗ ਨੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਕਵਿਸ਼ਰੀ, ਵੈਸਟਰਨ ਵੋਕਲ ਸੋਲੋ ਅਤੇ ਵੈਸਟਰਨ ਇੰਸਟਰੂਮੈਂਟਲ ਸੋਲੋ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਥੀਏਟਰ ਦੇ ਮੁਕਾਬਲਿਆਂ ਵਿੱਚ ਸਕਿੱਟ ਨੇ ਪਹਿਲਾ ਸਥਾਨ, ਮਾਈਮ ਨੇ ਦੂਜਾ ਸਥਾਨ ਅਤੇ ਮਿਮਿਕਰੀ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਸਾਹਿਤਕ ਮੁਕਾਬਲਿਆਂ ਵਿੱਚ ਪੰਜਾਬੀ ਅਤੇ ਅੰਗਰੇਜ਼ੀ ਭਾਸ਼ਣ ਨੇ ਪਹਿਲਾ ਸਥਾਨ ਹਾਸਲ ਕੀਤਾ। ਪੰਜਾਬੀ ਅਤੇ ਅੰਗਰੇਜ਼ੀ ਵਾਦ-ਵਿਵਾਦ ਵਿੱਚ ਵੀ ਕਾਲਜ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਕਵਿਤਾ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਦੇ ਸਦਕਾ ਸਿੱਖ ਨੈਸ਼ਨਲ ਕਾਲਜ ਬੰਗਾ ਨੇ 100 ਅੰਕ ਹਾਸਲ ਕਰਕੇ ਲਗਾਤਾਰ ਛੇਵੀਂ ਵਾਰ ਡੀ-ਜੋਨ ਦੇ ਜ਼ੋਨਲ ਯੁਵਕ ਮੇਲੇ ਦੀ ਓਵਰਆਲ ਚੈਂਪੀਅਨਸ਼ਿਪ ਜਿੱਤ ਲਈ। ਇਹ ਪ੍ਰਾਪਤੀ ਕਾਲਜ ਦੀ ਕਲਾ, ਸਾਹਿਤ, ਸੰਗੀਤ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਲਗਾਤਾਰ ਉੱਤਮ ਪ੍ਰਦਰਸ਼ਨ ਦੀ ਗਵਾਹੀ ਭਰਦੀ ਹੈ। ਇਸ ਇਤਿਹਾਸਕ ਜਿੱਤ 'ਤੇ ਪ੍ਰਿੰਸੀਪਲ ਡਾ. ਇੰਦੂ ਰੱਤੀ ਨੇ ਸਮੂਹ ਵਿਦਿਆਰਥੀਆਂ, ਡੀਨ ਕਲਚਰਲ ਡਾ. ਗੁਰਵਿੰਦਰ ਸਿੰਘ, ਸਹਾਇਕ ਡੀਨ/ਲਾਇਬ੍ਰੇਰੀਅਨ ਮਨਮੰਤ ਸਿੰਘ ਅਤੇ ਪ੍ਰੋ. ਦਿਲ ਨਿਵਾਜ਼ (ਇੰਚਾਰਜ ਕੋਮਲ ਕਲਾਵਾਂ),ਪ੍ਰੋ. ਮਨਮੰਤ ਸਿੰਘ (ਇੰਚਾਰਜ ਸੰਗੀਤ) ਪ੍ਰੋ. ਮੁਨੀਸ਼ ਸੰਧੀਰ (ਇੰਚਾਰਜ ਰੰਗਮੰਚ), ਡਾ. ਨਿਰਮਲਜੀਤ ਕੌਰ (ਇੰਚਾਰਜ ਸਾਹਿਤਕ) ਸਮੂਹ ਸਟਾਫ਼ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਜਿੱਤ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਯੋਗ ਅਗਵਾਈ ਅਤੇ ਕਾਲਜ ਦੀ ਕਲਾ ਤੇ ਸੱਭਿਆਚਾਰ ਪ੍ਰਤੀ ਵਚਨਬੱਧਤਾ ਦਾ ਨਤੀਜਾ ਹੈ।




"ਪੈਗਾਮ-ਏ-ਜਗਤ"
NEWS & WEB CHANNEL
HEAD OFFICE
F 388, Industrial Area, Sector 74, Sahibzada Ajit Singh Nagar, Punjab 160071
CONTACT : +91 9878862733, 9872340701
ਛੋਟਾ ਇਸ਼ਤਿਹਾਰ ਵੱਡਾ ਵਪਾਰ
"ਪੈਗਾਮ-ਏ-ਜਗਤ" ਵਿੱਚ ਕਿਸੇ ਵੀ ਤਰ੍ਹਾਂ ਦਾ ਕਲਾਸੀਫਾਈਡ ਜੋਤਿਸ਼, ਵਪਾਰ, ਨਾਮ ਪਰਿਵਰਤਨ, ਵਿਆਹ ਸੰਬੰਧੀ ਇਸ਼ਤਿਹਾਰ ਆਦਿ ਲਈ ਘਰ ਬੈਠੇ ਬੁਕਿੰਗ ਕਰੋ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

# ਵੈਟਨਰੀ ਯੂਨੀਵਰਸਿਟੀ ਵੱਲੋਂ ਔਰਤਾਂ ਦੀ ਸਿਹਤ ਅਤੇ ਕੈਂਸਰ ਬਾਰੇ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

**ਲੁਧਿਆਣਾ 09 ਅਕਤੂਬਰ (ਪੈ.ਗਾਮ-ਏ-ਜਗਤ)**

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਦੇ ਵਿਦਿਆਰਥੀ ਭਲਾਈ ਨਿਰਦੇਸ਼ਾਲੇ ਨੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ (ਵੈਟਨਰੀ ਯੂਨੀਵਰਸਿਟੀ ਯੂਨਿਟ) ਅਤੇ ਕੈਨ ਫਾਈਟ ਕੈਂਸਰ (ਸੀ.ਐਫ.ਸੀ.) ਸੁਸਾਇਟੀ, ਲੁਧਿਆਣਾ ਦੇ ਸਹਿਯੋਗ ਨਾਲ ਔਰਤਾਂ ਦੀ ਸਿਹਤ ਅਤੇ ਕੈਂਸਰ ਬਾਰੇ ਜਾਗਰੂਕਤਾ ਲਈ ਇੱਕ ਰੋਜ਼ਾ ਪ੍ਰੋਗਰਾਮ ਅਤੇ ਵਿਚਾਰ-ਚਰਚਾ ਸੈਸ਼ਨ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਕੈਂਸਰ ਦੀ ਰੋਕਥਾਮ, ਸ਼ੁਰੂਆਤੀ ਪੜਾਅ 'ਤੇ ਪਛਾਣ ਅਤੇ ਰਾਹਤ-ਕੇਂਦਰੀ ਦੇਖਭਾਲ ਬਾਰੇ ਜਾਗਰੂਕਤਾ ਦੇਣਾ ਸੀ। ਇਸ ਪ੍ਰੋਗਰਾਮ ਵਿੱਚ ਲਗਭਗ 150 ਵਿਦਿਆਰਥਣਾਂ, ਮਹਿਲਾ ਅਧਿਆਪਕਾਵਾਂ ਅਤੇ ਸਟਾਫ ਮੈਂਬਰਾਂ ਨੇ ਭਾਗ ਲਿਆ।

ਡਾ. ਜਤਿੰਦਰ ਪਾਲ ਗਿੱਲ, ਉਪ-ਕੁਲਪਤੀ ਅਤੇ ਉਨ੍ਹਾਂ ਦੀ ਧਰਮ ਪਤਨੀ ਸ਼੍ਰੀਮਤੀ ਪਵਨਜੀਤ ਕੌਰ ਗਿੱਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਾ. ਗਿੱਲ ਨੇ ਬਿਮਾਰੀ ਤੋਂ ਬਚਾਅ ਲਈ ਸਿਹਤ ਸੰਭਾਲ, ਕੈਂਸਰ ਬਾਰੇ ਜਾਗਰੂਕਤਾ ਅਤੇ ਬਿਮਾਰੀ ਦੀ ਸ਼ੁਰੂਆਤੀ ਪਛਾਣ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਔਰਤਾਂ ਦੀ ਸਿਹਤ ਅਤੇ ਭਲਾਈ ਨੂੰ ਉਤਸ਼ਾਹਿਤ ਕਰਨ ਲਈ ਪ੍ਰਬੰਧਕਾਂ ਅਤੇ ਡਾਕਟਰੀ ਮਾਹਿਰਾਂ ਦੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ।



ਤਕਨੀਕੀ ਸੈਸ਼ਨਾਂ ਦੌਰਾਨ, ਕਲਾਉਡਨਾਈਨ ਹਸਪਤਾਲ, ਲੁਧਿਆਣਾ ਦੀ ਇਸਤਰੀ ਰੋਗ ਮਾਹਰ ਡਾ. ਕਨੂਪ੍ਰਿਆ ਜੈਨ ਨੇ ਔਰਤਾਂ ਵਿੱਚ ਆਮ ਕੈਂਸਰ-ਰੋਕਥਾਮ ਅਤੇ ਸ਼ੁਰੂਆਤੀ ਪਛਾਣ ਵਿਸ਼ੇ 'ਤੇ ਜਾਣਕਾਰੀ ਭਰਪੂਰ ਭਾਸ਼ਣ ਦਿੱਤਾ ਅਤੇ ਜਾਗਰੂਕਤਾ ਦੇ ਨਾਲ-ਨਾਲ ਸਮੇਂ ਸਿਰ ਡਾਕਟਰੀ ਸਹਾਇਤਾ ਦੇ ਮਹੱਤਵ ਨੂੰ ਉਜਾਗਰ ਕੀਤਾ। ਦਇਆਨੰਦ ਮੈਡੀਕਲ ਕਾਲਜ ਅਤੇ ਹਸਪਤਾਲ, ਲੁਧਿਆਣਾ ਦੇ ਕੈਂਸਰ ਮਾਹਰ ਡਾ. ਕੁਨਾਲ ਜੈਨ ਨੇ ਰਾਹਤ-ਕੇਂਦਰੀ ਦੇਖਭਾਲ (ਪੈਲੀਏਟਿਵ ਕੇਅਰ) ਅਤੇ ਕੈਂਸਰ ਦੇ ਮਰੀਜ਼ਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਵਿੱਚ ਇਸਦੀ ਮਹੱਤਤਾ ਬਾਰੇ ਚਰਚਾ ਕੀਤੀ। ਸੁਸਾਇਟੀ ਦੇ ਸਕੱਤਰ ਸ਼੍ਰੀ ਜਗਜੀਤ ਸੂਦ ਨੇ ਸੰਸਥਾ, ਇਸ ਦੀਆਂ ਗਤੀਵਿਧੀਆਂ ਅਤੇ ਕੈਂਸਰ ਦੇ ਔਖੇ ਪੜਾਵਾਂ ਦੌਰਾਨ ਮਰੀਜ਼ਾਂ ਦੀ ਸਹਾਇਤਾ ਲਈ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ। ਸ਼੍ਰੀਮਤੀ ਪਵਨਜੀਤ ਕੌਰ ਗਿੱਲ ਨੇ ਕੈਂਸਰ ਨਾਲ ਜੁੜੇ ਆਪਣੇ ਨਿੱਜੀ ਤਜਰਬੇ ਅਤੇ ਇਸ ਦੇ ਪ੍ਰਭਾਵਾਂ ਤੋਂ ਉਭਰਨ ਵਿੱਚ ਪਰਿਵਾਰਕ ਸਹਿਯੋਗ ਦੀ ਅਹਿਮੀਅਤ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਔਰਤਾਂ ਦੀ ਸਿਹਤ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਜਾਗਰੂਕਤਾ ਅਤੇ ਸਮੂਹਿਕ ਯਤਨਾਂ ਦੀ ਮਹੱਤਤਾ ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਔਰਤਾਂ ਨੂੰ ਆਪਣੀ ਸਿਹਤ ਨੂੰ ਪਹਿਲ ਦੇਣ, ਸਮੇਂ ਸਿਰ ਡਾਕਟਰੀ ਸਲਾਹ ਲੈਣ ਅਤੇ ਜਾਗਰੂਕਤਾ ਮੁਹਿੰਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।

ਡਾ. ਜਸਪਾਲ ਸਿੰਘ ਹੁੰਦਲ, ਨਿਰਦੇਸ਼ਕ ਵਿਦਿਆਰਥੀ ਭਲਾਈ ਨੇ ਕਿਹਾ ਕਿ ਔਰਤਾਂ ਦੀ ਸਿਹਤ ਸਮਾਜ ਦਾ ਬਹੁਤ ਵਿਸ਼ੇਸ਼ ਪਹਿਲੂ ਹੈ ਕਿਉਂਕਿ ਔਰਤਾਂ ਦੀ ਤੰਦਰੁਸਤੀ ਨਾਲ ਹੀ ਪਰਿਵਾਰ ਅਤੇ ਸਮਾਜਿਕ ਜੀਵਨ ਸੁਚਾਰੂ ਢੰਗ ਨਾਲ ਚਲ ਸਕਦਾ ਹੈ। ਉਨ੍ਹਾਂ ਕਿਹਾ ਕਿ ਵੈਟਨਰੀ ਯੂਨੀਵਰਸਿਟੀ ਇਸ ਅਹਿਮੀਅਤ ਨੂੰ ਸਮਝਦੀ ਹੈ ਇਸ ਲਈ ਅਜਿਹੇ ਉਪਰਾਲੇ ਕੀਤੇ ਜਾਂਦੇ ਹਨ।

ਇਸ ਪ੍ਰੋਗਰਾਮ ਦਾ ਆਯੋਜਨ ਡਾ. ਵਨੀਤ ਇੰਦਰ ਕੌਰ, ਡਾ. ਨਿਧੀ ਸ਼ਰਮਾ ਅਤੇ ਡਾ. ਸਰਬਜੀਤ ਕੌਰ ਦੇ ਸਾਂਝੇ ਯਤਨਾਂ ਸਦਕਾ ਕੀਤਾ ਗਿਆ। ਇਹ ਉਪਰਾਲਾ ਯੂਨੀਵਰਸਿਟੀ ਦੀ ਸਿਹਤ ਜਾਗਰੂਕਤਾ, ਸਮਾਜਿਕ ਜ਼ਿੰਮੇਵਾਰੀ ਅਤੇ ਆਪਣੇ ਵਿਦਿਆਰਥੀਆਂ ਤੇ ਸਟਾਫ ਦੀ ਸਮੁੱਚੀ ਭਲਾਈ ਨੂੰ ਸੁਦ੍ਰਿੜ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਸਵੱਛਤਾ ਪੰਦਰ੍ਹਵਾੜਾ ਤਹਿਤ ਰੇਲਵੇ ਨੇ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ

**ਪੈਗ਼ਾਮ-ਏ-ਜਗਤ/ਅੰਬਾਲਾ, 9 ਅਕਤੂਬਰ (ਆਰ.ਸਿੰਘ)**

*ਭਾਰਤੀ ਰੇਲਵੇ ਦੁਆਰਾ ਮਨਾਏ ਜਾ ਰਹੇ 'ਸਵੱਛਤਾ ਪਖਵਾੜਾ' ਦੇ ਹਿੱਸੇ ਵਜੋਂ ਉੱਤਰੀ ਰੇਲਵੇ ਦੀ ਅੰਬਾਲਾ ਡਿਵੀਜ਼ਨ ਨੇ ਡਿਵੀਜ਼ਨ ਦੇ ਵੱਖ-ਵੱਖ ਰੇਲਵੇ ਸਟੇਸ਼ਨਾਂ, ਰੇਲਵੇ ਅਹਾਤਿਆਂ ਅਤੇ ਪਟੜੀਆਂ 'ਤੇ ਇੱਕ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ। ਇਸ ਦੌਰਾਨ ਸਫ਼ਾਈ ਨੂੰ ਉਤਸ਼ਾਹਿਤ ਕਰਨ ਲਈ ਰੇਲਵੇ ਪਟੜੀਆਂ ਦੀ ਵਿਸ਼ੇਸ਼ ਅਤੇ ਤੀਬਰ ਸਫ਼ਾਈ ਕੀਤੀ ਗਈ। ਤਿੰਨ ਦਿਨਾਂ ਮੁਹਿੰਮ ਦੌਰਾਨ ਸਫ਼ਾਈ ਕਰਮਚਾਰੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਸਟੇਸ਼ਨਾਂ ਦੀਆਂ ਮੁੱਖ ਪਟੜੀਆਂ, ਪਲੇਟਫ਼ਾਰਮਾਂ ਦੇ ਨੇੜੇ ਪਟੜੀਆਂ ਅਤੇ ਯਾਰਡ ਖੇਤਰਾਂ ਦੀ ਵਿਆਪਕ ਸਫ਼ਾਈ ਕੀਤੀ। ਪਲਾਸਟਿਕ ਦਾ ਕੂੜਾ, ਠੋਸ ਰਹਿੰਦ-ਖੂੰਹਦ ਅਤੇ ਹੋਰ ਮਲਬੇ ਨੂੰ ਪਟੜੀਆਂ ਤੋਂ ਹਟਾ ਦਿੱਤਾ ਗਿਆ ਜਿਸ ਨਾਲ ਰੇਲਵੇ ਅਹਾਤੇ ਸਾਫ਼ ਅਤੇ ਚੰਗੀ ਤਰ੍ਹਾਂ ਸੰਭਾਲੇ ਗਏ। ਅੰਬਾਲਾ ਡਿਵੀਜ਼ਨ ਦੇ ਸੀਨੀਅਰ ਅਧਿਕਾਰੀਆਂ ਨੇ ਇਸ ਸਫ਼ਾਈ ਮੁਹਿੰਮ ਵਿੱਚ ਮੁੱਖ ਭੂਮਿਕਾ ਨਿਭਾਉਣ ਵਾਲੇ ਸਫ਼ਾਈ ਕਰਮਚਾਰੀਆਂ ਦੇ ਸਮਰਪਣ, ਸਖ਼ਤ ਮਿਹਨਤ ਅਤੇ ਸ਼ਾਨਦਾਰ ਯੋਗਦਾਨ ਦੀ ਸ਼ਲਾਘਾ ਕੀਤੀ। ਅਧਿਕਾਰੀਆਂ ਨੇ ਕਿਹਾ ਕਿ ਯਾਤਰੀਆਂ ਨੂੰ ਬਿਹਤਰ ਅਤੇ ਸੁਹਾਵਣਾ ਯਾਤਰਾ ਅਨੁਭਵ ਪ੍ਰਦਾਨ ਕਰਨ ਅਤੇ ਰੇਲਵੇ ਅਹਾਤਿਆਂ ਦੀ ਸੁਰੱਖਿਆ ਦੇ ਮਾਪਦੰਡਾਂ ਨੂੰ ਬਣਾਈ ਰੱਖਣ ਲਈ ਸਫ਼ਾਈ ਬਹੁਤ ਮਹੱਤਵਪੂਰਨ ਹੈ। ਸਫ਼ਾਈ ਮੁਹਿੰਮ ਰਾਹੀਂ ਰੇਲਵੇ ÷ਸਵੱਛ ਰੇਲ, ਸਵੱਛ ਭਾਰਤ, ਵਿਕਸਤ ਭਾਰਤ÷ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਨਿਰੰਤਰ ਯਤਨਸ਼ੀਲ ਹੈ। ਅੰਬਾਲਾ ਡਿਵੀਜ਼ਨ ਨੇ ਯਾਤਰੀਆਂ ਅਤੇ ਜਨਤਾ ਨੂੰ ਸਟੇਸ਼ਨਾਂ, ਪਲੇਟਫ਼ਾਰਮਾਂ ਅਤੇ ਪਟੜੀਆਂ 'ਤੇ ਕੂੜਾ ਸੁੱਟਣ ਤੋਂ ਬਚਣ, ਡਸਟਬਿਨ ਦੀ ਵਰਤੋਂ ਕਰਨ ਅਤੇ ਰੇਲਵੇ ਅਹਾਤਿਆਂ ਨੂੰ ਸਾਫ਼ ਰੱਖਣ ਵਿੱਚ ਸਰਗਰਮੀ ਨਾਲ ਸਹਿਯੋਗ ਕਰਨ ਦੀ ਅਪੀਲ ਕੀਤੀ ਗਈ। ਡਵੀਜ਼ਨਲ ਰੇਲਵੇ ਮੈਨੇਜਰ ਵਿਨੋਦ ਭਾਟੀਆ ਨੇ ਕਿਹਾ ਕਿ ਸਫ਼ਾਈ ਸਿਰਫ਼ ਰੇਲਵੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ ਹੈ ਸਗੋਂ ਰੇਲ ਯਾਤਰੀਆਂ ਅਤੇ ਜਨਤਾ ਦੀ ਸਮੂਹਿਕ ਜ਼ਿੰਮੇਵਾਰੀ ਵੀ ਹੈ। ਸਾਰਿਆਂ ਦੇ ਸਹਿਯੋਗ ਨਾਲ ਹੀ ਰੇਲਵੇ ਅਹਾਤਿਆਂ ਨੂੰ ਸਾਫ਼, ਸੁੰਦਰ ਅਤੇ ਸੁਰੱਖਿਅਤ ਰੱਖਿਆ ਜਾ ਸਕਦਾ ਹੈ।*

# ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: 173 ਮੱਥੁਰਾ ਕਾਲੋਨੀ ਪਟਿਆਲਾ ਦੇ ਸੰਸਥਾਪਕ ਸਤਨਾਮ ਹਸੀਜਾ ਦੀ ਸੰਸਥਾ ਨੇ ਮਨਾਇਆ ਮਾਸਿਕ ਤਰਸੋਦੀ



**ਪਟਿਆਲਾ, 9 ਅਕਤੂਬਰ (ਪੈ.ਗਾਮ-ਏ-ਜਗਤ)**

ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: 173 ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਦੇ ਪ੍ਰਾਗਨ ਵਿੱਚ ਸੁਧਾਰ ਸਭਾ ਅਤੇ ਭਗਤਾਂ ਦੇ ਸਹਿਯੋਗ ਨਾਲ ਹਰੇਕ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਮਾਸਿਕ ਤਰੋਸਦੀ ਦਾ ਤਿਊਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਸੁਧਾਰ ਸਭਾ ਵੱਲੋਂ ਤੰਦੂਰੀ ਰੋਟੀ, ਦਾਲ, ਮਿਕਸ ਵੈਜ, ਚਾਵਲ ਅਤੇ ਖੀਰ ਦਾ ਲੰਗਰ ਭੋਲੇ ਬਾਬਾ ਨੂੰ ਭੋਗ ਲਗਵਾ ਕੇ ਭਗਤਾਂ ਵਿੱਚ ਵੰਡਿਆ ਗਿਆ। ਇਹ ਲੰਗਰ ਪ੍ਰਭੂ ਇੱਛਾ ਤੱਕ ਚਲਿਆ। ਸਭਾ ਦੇ ਸੰਸਥਾਪਕ ਸਤਨਾਮ ਹਸੀਜਾ ਨੇ ਦੱਸਿਆ ਕਿ ਸਰਾਦਾਂ ਵਿੱਚ ਲੰਗਰ ਚਲਾਉਣਾ ਬਹੁਤ ਅੱਛਾ ਹੁੰਦਾ ਹੈ। ਇਸ ਨਾਲ ਸਾਡੇ ਦੇਵਤੇ ਪਿੱਤਰ ਖੁਸ਼ ਹੋ ਜਾਦੇ ਹਨ ਅਤੇ ਨਾਲੇ ਉਨ੍ਹਾਂ ਦੱਸਿਆ ਕਿ ਸਰਾਦਾ ਵਿੱਚ ਗਊਆਂ ਨੂੰ ਗੁੜ ਅਤੇ ਹਰਾ ਚਾਰਾ ਦੇਣ ਨਾਲ ਸਿੱਧੇ ਪਿੱਤਰਾਂ ਦਾ ਘਰ ਵਿੱਚ ਵਾਸ ਹੁੰਦਾ ਹੈ। ਇਸ ਮੌਕੇ ਸੁਧਾਰ ਸਭਾ ਦੇ ਸਾਰੇ ਮੈਂਬਰ ਮੌਜੂਦ ਸਨ।

# ਲੁਧਿਆਣਾ ਦੇ ਬ੍ਰੇਨ ਸਟ੍ਰੋਕ ਮਰੀਜ਼ ਨੂੰ ਲਿਵਾਸਾ ਹਸਪਤਾਲ ਵਿੱਚ ਸਫਲ ਮਕੈਨੀਕਲ ਥ੍ਰੋਮਬੈਕਟੋਮੀ ਰਾਹੀਂ ਮਿਲਿਆ ਨਵਾਂ ਜੀਵਨ

**ਲੁਧਿਆਣਾ, 9 ਅਕਤੂਬਰ (ਪੈ.ਗਾਮ-ਏ-ਜਗਤ)**

ਲੁਧਿਆਣਾ ਦੇ 56 ਸਾਲਾ ਬ੍ਰੇਨ ਸਟ੍ਰੋਕ ਦੇ ਮਰੀਜ਼ ਨੂੰ ਲਿਵਾਸਾ ਹਸਪਤਾਲ, ਮੋਹਾਲੀ ਵਿੱਚ ਸਫਲ ਮਕੈਨੀਕਲ ਥ?ਰੋਮਬੈਕਟੋਮੀ ਰਾਹੀਂ ਨਵਾਂ ਜੀਵਨ ਮਿਲਿਆ। ਇਸ ਆਧੁਨਿਕ ਪ੍ਰਕਿਰਿਆ ਦੀ ਮਦਦ ਨਾਲ ਮਰੀਜ਼ ਨੂੰ ਜਾਨਲੇਵਾ ਨਿਊਰੋਲੋਜੀਕਲ ਐਮਰਜੈਂਸੀ ਵਿੱਚੋਂ ਉਭਰਨ ਵਿੱਚ ਮਦਦ ਮਿਲੀ।



ਸ਼ੁੱਕਰਵਾਰ ਨੂੰ ਲੁਧਿਆਣਾ ਦੇ ਇੱਕ ਹੋਟਲ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਲਿਵਾਸਾ ਹਸਪਤਾਲ, ਮੋਹਾਲੀ ਦੇ ਡਾਇਰੈਕਟਰ, ਨਿਊਰੋ ਅਤੇ ਸਪਾਈਨ ਸਰਜਨ ਅਤੇ ਨਿਊਰੋ-ਇੰਟਰਵੈਂਸ਼ਨ ਵਿਭਾਗ ਦੇ ਮੁਖੀ ਡਾ. ਵਿਨੀਤ ਸੱਗਰ ਨੇ ਦੱਸਿਆ ਕਿ ਸਮੇਂ ਸਿਰ ਇਲਾਜ ਅਤੇ ਸਟ੍ਰੋਕ ਦੇ ਆਧੁਨਿਕ ਇਲਾਜ ਵਿੱਚ ਹੋਈ ਤਰੱਕੀ ਨਾਲ ਮਰੀਜ਼ਾਂ ਦੀਆਂ ਜਾਨਾਂ ਬਚਾਈਆਂ ਜਾ ਸਕਦੀਆਂ ਹਨ।

ਮਰੀਜ਼ ਨੂੰ ਸਟ੍ਰੋਕ ਦੇ ਲੱਛਣ ਦਿਖਾਈ ਦੇਣ ਤੋਂ ਬਾਅਦ ਲਿਵਾਸਾ ਹਸਪਤਾਲ ਲਿਆਂਦਾ ਗਿਆ ਸੀ। ਵਿਸਥਾਰਪੂਰਵਕ ਇਮੇਜਿੰਗ ਜਾਂਚ ਦੌਰਾਨ ਦਿਮਾਗ ਨੂੰ ਖੂਨ ਦੀ ਸਪਲਾਈ ਕਰਨ ਵਾਲੀ ਇੱਕ ਮੁੱਖ ਖੂਨ ਦੀ ਨਾੜੀ ਵਿੱਚ ਰੁਕਾਵਟ ਦਾ ਪਤਾ ਲੱਗਿਆ। ਸਟ੍ਰੋਕ ਦੀ ਗੰਭੀਰਤਾ ਅਤੇ ਮਰੀਜ਼ ਦੀ ਡਾਕਟਰੀ ਹਾਲਤ ਨੂੰ ਧਿਆਨ ਵਿੱਚ ਰੱਖਦਿਆਂ ਡਾਕਟਰਾਂ ਦੀ ਟੀਮ ਨੇ ਮਕੈਨੀਕਲ ਥ੍ਰੋਮਬੈਕਟੋਮੀ ਕਰਨ ਦਾ ਫੈਸਲਾ ਕੀਤਾ।

ਇਸ ਪ੍ਰਕਿਰਿਆ ਦੌਰਾਨ ਇੱਕ ਵਿਸ਼ੇਸ਼ ਯੰਤਰ ਨੂੰ ਖੂਨ ਦੀਆਂ ਨਾੜੀਆਂ ਰਾਹੀਂ ਰੁਕਾਵਟ ਵਾਲੀ ਥਾਂ ਤੱਕ ਪਹੁੰਚਾਇਆ ਜਾਂਦਾ ਹੈ ਅਤੇ ਦਿਮਾਗ ਵਿੱਚ ਖੂਨ ਦੇ ਵਹਾਅ ਨੂੰ ਰੋਕਣ ਵਾਲੇ ਖੂਨ ਦੇ ਥੱਕੇ ਨੂੰ ਬਾਹਰ ਕੱਢਿਆ ਜਾਂਦਾ ਹੈ। ਡਾ. ਸੱਗਰ ਨੇ ਅੱਗੇ ਕਿਹਾ ਕਿ ਵੱਡੀਆਂ ਖੂਨ ਦੀਆਂ ਨਾੜੀਆਂ ਵਿੱਚ ਰੁਕਾਵਟ ਕਾਰਨ ਹੋਣ ਵਾਲੇ ਸਟ੍ਰੋਕ ਦੇ ਚੁਣੇ ਹੋਏ ਮਰੀਜ਼ਾਂ ਦੇ ਇਲਾਜ ਵਿੱਚ ਮਕੈਨੀਕਲ ਥ?ਰੋਮਬੈਕਟੋਮੀ ਨੇ ਮਹੱਤਵਪੂਰਨ ਬਦਲਾਅ ਲਿਆਂਦਾ ਹੈ। ਉਨ੍ਹਾਂ ਕਿਹਾ, "ਸਟ੍ਰੋਕ ਇੱਕ ਮੈਡੀਕਲ ਐਮਰਜੈਂਸੀ ਹੈ, ਜਿਸ ਵਿੱਚ ਹਰ ਮਿੰਟ ਬਹੁਤ ਮਹੱਤਵਪੂਰਨ ਹੁੰਦਾ ਹੈ। ਇਸ ਦੇ ਲੱਛਣਾਂ ਦੀ ਸਮੇਂ ਸਿਰ ਪਛਾਣ, ਤੁਰੰਤ ਇਮੇਜਿੰਗ ਜਾਂਚ ਅਤੇ ਢੁਕਵੀਆਂ ਸਹੂਲਤਾਂ ਨਾਲ ਲੈਸ ਸਟ੍ਰੋਕ ਸੈਂਟਰ ਵਿੱਚ ਜਲਦੀ ਭੇਜਣ ਨਾਲ ਮਰੀਜ਼ ਦੇ ਇਲਾਜ ਦੇ ਨਤੀਜਿਆਂ 'ਤੇ ਮਹੱਤਵਪੂਰਨ ਅਸਰ ਪੈ ਸਕਦਾ ਹੈ। ਡਾ. ਸੱਗਰ ਨੇ 'ਨਮਸਤੇ' ਪ੍ਰੋਟੋਕੋਲ ਬਾਰੇ ਵੀ ਜਾਣਕਾਰੀ ਦਿੱਤੀ। ਇਹ ਇੱਕ ਸੌਖਾ ਅਤੇ ਵਿਹਾਰਕ ਤਰੀਕਾ ਹੈ, ਜਿਸ ਦੀ ਮਦਦ ਨਾਲ ਪਰਿਵਾਰਕ ਮੈਂਬਰ ਅਤੇ ਆਸ-ਪਾਸ ਮੌਜੂਦ ਲੋਕ ਸਟ੍ਰੋਕ ਦੇ ਸੰਭਾਵਿਤ ਲੱਛਣਾਂ ਦੀ ਜਲਦੀ ਪਛਾਣ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਪ੍ਰੋਟੋਕੋਲ ਤਹਿਤ ਮਰੀਜ਼ ਨੂੰ ਦੋਵੇਂ ਹੱਥ ਜੋੜਨ ਜਾਂ ਚੁੱਕਣ, ਮੁਸਕਰਾਉਣ ਅਤੇ ਬੋਲਣ, ਖੱਬੇ ਅਤੇ ਸੱਜੇ ਪਾਸੇ ਦੇਖਣ ਅਤੇ ਖੜ੍ਹੇ ਹੋਣ ਲਈ ਕਿਹਾ ਜਾਂਦਾ ਹੈ। ਜੇਕਰ ਮਰੀਜ਼ ਨੂੰ ਇਨ੍ਹਾਂ ਵਿੱਚੋਂ ਕੋਈ ਵੀ ਕੰਮ ਕਰਨ ਵਿੱਚ ਮੁਸ਼ਕਲ ਆਉਂਦੀ ਹੈ, ਜਿਵੇਂ ਕਿ ਇੱਕ ਬਾਂਹ ਦਾ ਹੇਠਾਂ ਡਿੱਗਣਾ, ਚਿਹਰੇ ਦਾ ਇੱਕ ਪਾਸੇ ਝੁਕ ਜਾਣਾ, ਬੋਲਣ ਵਿੱਚ ਲੜਖੜਾਹਟ, ਅੱਖਾਂ ਦੀ ਅਸਧਾਰਨ ਹਿਲਜੁਲ ਜਾਂ ਸਰੀਰ ਦਾ ਸੰਤੁਲਨ ਵਿਗੜਨਾ, ਤਾਂ ਇਸ ਨੂੰ ਸਟ੍ਰੋਕ ਦੀ ਚੇਤਾਵਨੀ ਮੰਨਣਾ ਚਾਹੀਦਾ ਹੈ ਅਤੇ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ।

# ਸਰਕਾਰੀ ਪ੍ਰਾਇਮਰੀ ਸਕੂਲ ਮੰਗਵਾਲ ਵਿਖੇ 'ਮੈਗਾ ਪੀ.ਟੀ.ਐਮ.' ਸਫਲਤਾਪੂਰਕ ਸੰਪੰਨ

**ਸੰਗਰੂਰ, 9 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਮੰਗਵਾਲ ਵਿਖੇ 'ਮੈਗਾ ਪੀ.ਟੀ.ਐਮ.' (ਮਾਪੇ ਅਧਿਆਪਕ ਮਿਲਣੀ) ਦਾ ਬਹੁਤ ਹੀ ਉਤਸ਼ਾਹਪੂਰਨ ਰਹੀ। ਇਸ ਮੌਕੇ ਸਕੂਲ ਦੇ ਸਟਾਫ਼ ਅਤੇ ਬੱਚਿਆਂ ਦੇ ਮਾਤਾ-ਪਿਤਾ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਸਕੂਲ ਹੈੱਡ ਟੀਚਰ ਸ. ਜਗਦੀਸ਼ ਸਿੰਘ ਗੱਗੜਪੁਰ ਨੇ ਦੱਸਿਆ ਕਿ ਇਸ ਮਿਲਣੀ ਦੌਰਾਨ ਅਧਿਆਪਕਾਂ ਅਤੇ ਮਾਪਿਆਂ ਨੇ ਆਪਸੀ ਵਿਚਾਰ-ਚਰਚਾ ਕਰਦਿਆਂ ਬੱਚਿਆਂ ਦੇ ਸਰਵਪੱਖੀ ਵਿਕਾਸ (ਪੜ੍ਹਾਈ, ਸਿਹਤ ਅਤੇ ਸਦਾਚਾਰਕ ਗੁਣਾਂ) ਉੱਤੇ ਵਿਸ਼ੇਸ਼ ਜ਼ੋਰ ਦਿੱਤਾ। ਇਸ ਦੇ ਨਾਲ ਹੀ, ਪੰਜਾਬ ਸਰਕਾਰ ਵੱਲੋਂ 'ਸਿੱਖਿਆ ਕ੍ਰਾਂਤੀ' ਦੇ ਮੋਟੋ ਤਹਿਤ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਆਧੁਨਿਕ ਸਹੂਲਤਾਂ, ਜਿਵੇਂ ਕਿ ਸਮਾਰਟ ਕਲਾਸਰੂਮ, ਮਿਆਰੀ ਸਿੱਖਿਆ, ਵਜ਼ੀਫ਼ੇ ਅਤੇ ਹੋਰ ਭਲਾਈ ਯੋਜਨਾਵਾਂ ਬਾਰੇ ਮਾਪਿਆਂ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਮਾਪਿਆਂ ਨੇ ਸਕੂਲ ਵਿੱਚ ਚੱਲ ਰਹੇ ਵਿਦਿਅਕ ਕਾਰਜਾਂ ਅਤੇ ਬੱਚਿਆਂ ਦੀ ਪ੍ਰਗਤੀ 'ਤੇ ਤਸੱਲੀ ਪ੍ਰਗਟ ਕਰਦਿਆਂ ਸਰਕਾਰ ਅਤੇ ਸਕੂਲ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।



ਹੈੱਡ ਟੀਚਰ ਨੇ ਕਿਹਾ ਕਿ ਪੂਰਾ ਸਕੂਲ ਸਟਾਫ ਬੱਚਿਆਂ ਦੇ ਬਿਹਤਰ ਭਵਿੱਖ ਲਈ ਹਮੇਸ਼ਾ ਕੰਮ ਕਰਦਾ ਰਹਿੰਦਾ ਹੈ।

# ਸੀ.ਐਮ.ਸੀ. ਲੁਧਿਆਣਾ ਦੀ ਮਾਹਿਰਾਂ ਦੀ ਟੀਮ ਨੇ ਫਿਲਾਡੇਲਫੀਆ ਹਸਪਤਾਲ ਅੰਬਾਲਾ ਸ਼ਹਿਰ ਦਾ ਕੀਤਾ ਦੌਰਾ

**ਪੈ.ਗਾਮ-ਏ-ਜਗਤ**
**ਅੰਬਾਲਾ, 9 ਅਕਤੂਬਰ (ਆਰ.ਸਿੰਘ)**

ਕ੍ਰਿਸਚੀਅਨ ਮੈਡੀਕਲ ਕਾਲਜ (ਸੀਐਮਸੀ), ਲੁਧਿਆਣਾ ਦੇ ਮਾਹਿਰ ਮੁਲਾਂਕਣਕਾਰਾਂ ਦੀ ਇੱਕ ਟੀਮ ਨੇ ਡਾ. ਵਿਲੀਅਮ ਭੱਟੀ ਦੀ ਅਗਵਾਈ ਵਿੱਚ 1883 ਵਿੱਚ ਸਥਾਪਿਤ ਫਿਲਾਡੇਲਫੀਆ ਮਿਸ਼ਨ ਹਸਪਤਾਲ ਅੰਬਾਲਾ ਸਿਟੀ ਦਾ ਅੱਜ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਉਦੇਸ਼ ਸਿਹਤ ਸੰਭਾਲ ਸੇਵਾਵਾਂ ਦੀ ਗੁਣਵੱਤਾ ਨੂੰ ਹੋਰ ਵਧਾਉਣਾ, ਮਰੀਜ਼ਾਂ ਦੀ ਸੁਰੱਖਿਆ ਦੇ ਮਿਆਰਾਂ ਨੂੰ ਮਜ਼ਬੂਤ ਕਰਨਾ, ਡਾਕਟਰੀ ਸੇਵਾਵਾਂ ਵਿੱਚ ਨਿਰੰਤਰ ਸੁਧਾਰ ਨੂੰ ਉਤਸ਼ਾਹਿਤ ਕਰਨਾ ਅਤੇ NABH ਪੱਧਰ 6 ਮਾਨਤਾ ਵੱਲ ਹਸਪਤਾਲ ਦੀ ਗੁਣਵੱਤਾ ਵਧਾਉਣਾ ਸੀ। ਇਹ ਪਹਿਲ ਕਲੀਨੀਕਲ ਉੱਤਮਤਾ, ਮਰੀਜ਼-ਕੇਂਦਰਿਤ ਦੇਖਭਾਲ, ਲਾਗ ਨਿਯੰਤਰਨ, ਸੁਰੱਖਿਆ ਮਾਪਦੰਡਾਂ ਅਤੇ ਸੰਗਠਨਾਤਮਕ ਅਭਿਆਸਾਂ ਵਿੱਚ ਨਿਰੰਤਰ ਸੁਧਾਰ 'ਤੇ ਕੇਂਦਰਿਤ ਹੈ। ਇਸ ਮੌਕੇ 'ਤੇ ਡਾ. ਸੁਨੀਲ ਕੁਮਾਰ ਸਾਦਿਕ ਡਾਇਰੈਕਟਰ, ਫਿਲਾਡੇਲਫੀਆ ਹਸਪਤਾਲ ਨੇ ਮਾਹਿਰਾਂ ਦੀ ਟੀਮ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਗੁਣਵੱਤਾ ਵਾਲੀਆਂ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨਾ ਹਸਪਤਾਲ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਹੈ। ਉਨ੍ਹਾਂ ਕਿਹਾ ਕਿ ਅਜਿਹੀ ਮਾਹਿਰ ਮਾਰਗ ਦਰਸ਼ਨ ਹਸਪਤਾਲ ਦੇ ਕੰਮ-ਕਾਜ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦੀ ਹੈ ਅਤੇ ਮਰੀਜ਼ਾਂ ਨੂੰ ਸੁਰੱਖਿਅਤ, ਭਰੋਸੇਮੰਦ ਅਤੇ ਬਿਹਤਰ ਇਲਾਜ ਪ੍ਰਦਾਨ ਕਰਦੀ ਹੈ। ਹਸਪਤਾਲ ਦੇ ਪ੍ਰਸ਼ਾਸਕ ਅਮਿਤ ਕਪੂਰ ਨੇ ਵੀ ਇਸ ਸਹਿਯੋਗ ਦੀ ਪ੍ਰਸ਼ੰਸਾ ਕੀਤੀ ਅਤੇ ਇਸ ਦੀ ਮਹੱਤਤਾ ਅਤੇ ਹਰੇਕ ਵਿਭਾਗ ਤੇ ਕਰਮਚਾਰੀਆਂ ਦੀ ਸਰਗਰਮ ਭਾਗੀਦਾਰੀ ਦੀ ਲੋੜ ਤੇ ਜ਼ੋਰ ਦਿੱਤਾ। ਇਸ ਮੌਕੇ ਤੇ ਹਸਪਤਾਲ ਦੇ ਡਾਇਰੈਕਟਰ ਡਾ. ਸੁਨੀਲ ਕੁਮਾਰ ਸਾਦਿਕ, ਪ੍ਰਸ਼ਾਸਕ ਅਮਿਤ ਕਪੂਰ, ਡਾਕਟਰ, ਨਰਸਿੰਗ ਸਟਾਫ, ਗੁਣਵੱਤਾ ਵਿਭਾਗ ਅਤੇ ਗੁਣਵੱਤਾ ਵਿਭਾਗ ਦੇ ਮੈਂਬਰ, ਜਿਨ੍ਹਾਂ ਵਿੱਚ ਡਾ. ਐਸ.ਐਮ. ਸ਼ਰਮਾ, ਡਾ. ਕਿਰਨ ਚਾਨਨ, ਡਾ. ਅਖਿਲ ਸੋਨੀ, ਡਾ. ਜੋਸ਼ੂਆ ਚੇਤਨ, ਡਾ. ਰਜਤ ਲਾਜ਼ਰਸ, ਸ਼੍ਰੀਮਤੀ ਸੰਗੀਤਾ ਕੁਮਾਰੀ ਅਤੇ ਸ਼੍ਰੀਮਤੀ ਸੁਖਬਿੰਦਰ ਕੌਰ ਸ਼ਾਮਲ ਸਨ, ਮੌਜੂਦ ਰਹੇ।



# ਪੰਜਾਬ ਐੱਫ.ਸੀ. ਨੇ ਆਈ.ਐੱਸ.ਐੱਲ. 2026-27 ਸੀਜ਼ਨ ਲਈ ਟੀਮ ਦਾ ਐਲਾਨ ਕੀਤਾ, ਅਕੈਡਮੀ ਦੇ 10 ਖਿਡਾਰੀਆਂ ਨੂੰ ਮਿਲੀ ਜਗ੍ਹਾ

**ਚੰਡੀਗੜ੍ਹ, 9 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਐੱਫ.ਸੀ. ਨੇ ਇੰਡੀਅਨ ਸੁਪਰ ਲੀਗ (ਆਈ.ਐੱਸ.ਐੱਲ.) 2026-27 ਸੀਜ਼ਨ ਲਈ ਆਪਣੀ 27 ਮੈਂਬਰੀ ਟੀਮ ਦਾ ਐਲਾਨ ਕਰ ਦਿੱਤਾ ਹੈ। ਟੀਮ ਵਿੱਚ ਤਜਰਬੇਕਾਰ ਖਿਡਾਰੀਆਂ ਦੇ ਨਾਲ ਅਕੈਡਮੀ ਤੋਂ ਉੱਭਰੇ 10 ਖਿਡਾਰੀਆਂ ਨੂੰ ਸ਼ਾਮਲ ਕੀਤਾ ਗਿਆ ਹੈ, ਜੋ ਘਰੇਲੂ ਪ੍ਰਤਿਭਾ ਨੂੰ ਨਿਖਾਰਨ ਪ੍ਰਤੀ ਕਲੱਬ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸ਼ੇਰ ਆਪਣੀ ਆਈ.ਐੱਸ.ਐੱਲ. ਮੁਹਿੰਮ ਦੀ ਸ਼ੁਰੂਆਤ ਬੁੱਧਵਾਰ, 14 ਅਕਤੂਬਰ ਨੂੰ ਨਵੀਂ ਦਿੱਲੀ ਦੇ ਜਵਾਹਰਲਾਲ ਨਹਿਰੂ ਸਟੇਡੀਅਮ ਵਿੱਚ ਓਡੀਸ਼ਾ ਐੱਫ.ਸੀ. ਵਿਰੁੱਧ ਘਰੇਲੂ ਮੈਚ ਨਾਲ ਕਰਨਗੇ।



ਮਜ਼ਬੂਤ ਭਾਰਤੀ ਖਿਡਾਰੀਆਂ ਅਤੇ ਸੋਚ-ਸਮਝ ਕੇ ਸ਼ਾਮਲ ਕੀਤੇ ਗਏ ਨਵੇਂ ਖਿਡਾਰੀਆਂ ਦੇ ਸੁਮੇਲ ਨਾਲ ਪੰਜਾਬ ਐੱਫ.ਸੀ. ਆਪਣੇ ਚੌਥੇ ਆਈ.ਐੱਸ.ਐੱਲ. ਸੀਜ਼ਨ ਲਈ ਤਿਆਰ ਹੈ। ਟੀਮ ਦੀ ਚੋਣ ਇਸ ਤਰ੍ਹਾਂ ਕੀਤੀ ਗਈ ਹੈ ਕਿ ਉਹ ਮੁਕਾਬਲੇ ਵਿੱਚ ਮਜ਼ਬੂਤੀ ਨਾਲ ਉਤਰਨ ਦੇ ਨਾਲ-ਨਾਲ ਖਿਡਾਰੀਆਂ ਦੇ ਵਿਕਾਸ ਪ੍ਰਤੀ ਕਲੱਬ ਦੀ ਵਚਨਬੱਧਤਾ ਨੂੰ ਵੀ ਕਾਇਮ ਰੱਖੇ।

ਕਲੱਬ ਨਾਲ ਆਪਣੇ ਪਹਿਲੇ ਸੀਜ਼ਨ ਵਿੱਚ ਮੁੱਖ ਕੋਚ ਪਾਵਲੋਸ ਡਰਮਿਟਜ਼ਾਕਿਸ ਨੇ ਅਜਿਹੀ ਟੀਮ ਚੁਣੀ ਹੈ, ਜਿਸ ਵਿੱਚ ਪੁਰਾਣੇ ਖਿਡਾਰੀਆਂ ਦੀ ਨਿਰੰਤਰਤਾ ਦੇ ਨਾਲ ਹਰ ਵਿਭਾਗ ਵਿੱਚ ਨਵੇਂ ਵਿਕਲਪ ਵੀ ਮੌਜੂਦ ਹਨ। ਪਿਛਲੇ ਸੀਜ਼ਨ ਦੀ ਆਈ.ਐੱਸ.ਐੱਲ. ਟੀਮ ਦੇ 14 ਖਿਡਾਰੀਆਂ ਨੂੰ ਬਰਕਰਾਰ ਰੱਖਿਆ ਗਿਆ ਹੈ। ਇਨ੍ਹਾਂ ਵਿੱਚ ਭਾਰਤੀ ਰਾਸ਼ਟਰੀ ਟੀਮ ਦੇ ਖਿਡਾਰੀ ਬਿਜੋਏ ਵਰਗੀਜ਼, ਰਿੱਕੀ ਸ਼ਾਬੋਂਗ, ਮੁਹੰਮਦ ਉਵੈਸ, ਨਿਖਿਲ ਪ੍ਰਭੂ ਅਤੇ ਮੁਹੰਮਦ ਸੁਹੇਲ ਐੱਫ਼ ਦੇ ਨਾਲ ਅਰਸ਼ਦੀਪ ਸਿੰਘ, ਖੈਮਿੰਥਾਂਗ ਲੁੰਗਡਿਮ ਅਤੇ ਲਿਓਨ ਆਗਸਟੀਨ ਸ਼ਾਮਲ ਹਨ।

ਪੈਟ੍ਰਿਕ ਬਹਾਨਾਕ, ਮਿਕੇਲ ਮਾਲਸਾ, ਡਿਏਗੋ ਰਾਪੋਸੋ, ਅਲਫ?ਰੇਡ ਪਲਾਨਾਸ ਮੋਯਾ ਅਤੇ ਰਾਫੇਲ ਮੇਸੀ ਬੌਲੀ ਟੀਮ ਵਿੱਚ ਸ਼ਾਮਲ ਵਿਦੇਸ਼ੀ ਖਿਡਾਰੀ ਹਨ। ਟੀਮ ਵਿੱਚ ਨਵੇਂ ਭਾਰਤੀ ਖਿਡਾਰੀਆਂ ਮੁਹੰਮਦ ਇਨਾਮ ਅਤੇ ਗੁਰਕੀਰਤ ਸਿੰਘ ਨੂੰ ਵੀ ਜਗ੍ਹਾ ਦਿੱਤੀ ਗਈ ਹੈ।

ਟੀਮ ਵਿੱਚ ਅਕੈਡਮੀ ਤੋਂ ਉੱਭਰੇ 10 ਖਿਡਾਰੀ ਸ਼ਾਮਲ ਹਨ, ਜੋ ਪਿਛਲੇ ਸੀਜ਼ਨ ਦੇ ਮੁਕਾਬਲੇ ਤਿੰਨ ਵੱਧ ਹਨ। ਉਮਰ ਵਰਗ ਦੀਆਂ ਲੀਗਾਂ ਅਤੇ ਹਾਲ ਹੀ ਵਿੱਚ ਸਮਾਪਤ ਹੋਏ ਆਈ.ਐੱਫ.ਏ. ਸ਼ੀਲਡ ਵਿੱਚ ਉਨ੍ਹਾਂ ਦੇ ਪ੍ਰਦਰਸ਼ਨ ਦੇ ਆਧਾਰ 'ਤੇ ਇਨ੍ਹਾਂ ਖਿਡਾਰੀਆਂ ਨੂੰ ਟੀਮ ਵਿੱਚ ਜਗ?ਹਾ ਮਿਲੀ ਹੈ। ਆਈ.ਐੱਫ.ਏ. ਸ਼ੀਲਡ ਵਿੱਚ ਸ਼ੇਰਾਂ ਨੇ ਸੈਮੀਫਾਈਨਲ ਤੱਕ ਦਾ ਸਫ਼ਰ ਤੈਅ ਕੀਤਾ ਸੀ।

ਪਿਛਲੇ ਸੀਜ਼ਨ ਦੀ ਟੀਮ ਦਾ ਹਿੱਸਾ ਰਹੇ ਗੋਲਕੀਪਰ ਆਯੁਸ਼ ਦੇਸ਼ਵਾਲ, ਮਿਡਫੀਲਡਰ ਮੰਗਲੇਨਥਾਂਗ ਕਿਪਗੇਨ ਅਤੇ ਫਾਰਵਰਡ ਮੁਹੰਮਦ ਸੁਹੇਲ ਐੱਫ਼ ਅਤੇ ਵਿਸ਼ਾਲ ਯਾਦਵ ਦੇ ਨਾਲ ਇਸ ਵਾਰ ਡਿਫੈਂਡਰ ਨਗਾਰਿਨ ਸ਼ਾਈਜ਼ਾ, ਸੋਹੇਲ ਖਾਨ ਅਤੇ ਕਰਿਸ਼ ਸੋਰਮ, ਮਿਡਫੀਲਡਰ ਬਿਸ਼ੂ ਸ਼ਰਮਾ ਅਤੇ ਲੈਸ਼ਰਾਮ ਰਿਸ਼ੀਕਾਂਤਾ ਮੀਤੇਈ, ਅਤੇ ਫਾਰਵਰਡ ਕੋਸਮ ਸਨਾਥੋਈ ਸਿੰਘ ਨੂੰ ਵੀ ਟੀਮ ਵਿੱਚ ਸ਼ਾਮਲ ਕੀਤਾ ਗਿਆ ਹੈ।

ਨਵੇਂ ਸੀਜ਼ਨ ਤੋਂ ਪਹਿਲਾਂ ਮੁੱਖ ਕੋਚ ਪਾਵਲੋਸ ਡਰਮਿਟਜ਼ਾਕਿਸ ਨੇ ਟੀਮ 'ਤੇ ਭਰੋਸਾ ਜਤਾਉਂਦਿਆਂ ਕਿਹਾ, "ਇਹ ਟੀਮ ਇਸ ਸਪੱਸ਼ਟ ਸੋਚ ਨਾਲ ਤਿਆਰ ਕੀਤੀ ਗਈ ਹੈ ਕਿ ਅਸੀਂ ਕਿਸ ਤਰ੍ਹਾਂ ਦੀ ਫੁੱਟਬਾਲ ਖੇਡਣਾ ਚਾਹੁੰਦੇ ਹਾਂ। ਟੀਮ ਵਿੱਚ ਸੰਤੁਲਨ ਨੂੰ ਲੈ ਕੇ ਮੈਂ ਬਹੁਤ ਖੁਸ਼ ਹਾਂ। ਸਾਡੇ ਕੋਲ ਹਰ ਵਿਭਾਗ ਵਿੱਚ ਤਜਰਬੇਕਾਰ ਖਿਡਾਰੀ ਹਨ, ਅਜਿਹੇ ਖਿਡਾਰੀ ਹਨ ਜੋ ਇਸ ਕਲੱਬ ਅਤੇ ਲੀਗ ਨੂੰ ਚੰਗੀ ਤਰ੍ਹਾਂ ਜਾਣਦੇ ਹਨ, ਅਤੇ ਸਾਡੀ ਅਕੈਡਮੀ ਦੇ 10 ਨੌਜਵਾਨ ਖਿਡਾਰੀ ਹਨ, ਜਿਨ੍ਹਾਂ ਨੇ ਹਰ ਰੋਜ਼ ਆਪਣੀ ਮਿਹਨਤ ਨਾਲ ਟੀਮ ਵਿੱਚ ਜਗ?ਹਾ ਬਣਾਈ ਹੈ।

"ਆਈ.ਐੱਸ.ਐੱਲ. ਦਾ ਕਾਰਜਕ੍ਰਮ ਕਾਫ਼ੀ ਚੁਣੌਤੀਪੂਰਨ ਹੁੰਦਾ ਹੈ ਅਤੇ ਇਸ ਟੀਮ ਦੇ ਹਰ ਖਿਡਾਰੀ ਦੀ ਆਪਣੀ ਭੂਮਿਕਾ ਹੋਵੇਗੀ। ਖਿਡਾਰੀਆਂ ਨੇ ਚੰਗੀ ਤਿਆਰੀ ਕੀਤੀ ਹੈ, ਡ?ਰੈਸਿੰਗ ਰੂਮ ਵਿੱਚ ਕੁਝ ਕਰ ਦਿਖਾਉਣ ਦਾ ਜਜ਼ਬਾ ਹੈ ਅਤੇ ਅਸੀਂ ਮੁਹਿੰਮ ਦੀ ਸ਼ੁਰੂਆਤ ਕਰਨ ਲਈ ਤਿਆਰ ਹਾਂ। ਮੁੱਖ ਕੋਚ ਨੂੰ ਸਹਾਇਕ ਕੋਚ ਜਾਰਜਿਓਸ ਐਂਜਲਿਡਿਸ ਅਤੇ ਭਾਰਤੀ ਸਹਾਇਕ ਕੋਚ ਸ਼ੰਕਰਲਾਲ ਚੱਕਰਵਰਤੀ ਦਾ ਸਹਿਯੋਗ ਮਿਲੇਗਾ। ਉਨ੍ਹਾਂ ਦੇ ਨਾਲ ਕ੍ਰਿਸਟੋਸ ਵੋਰਗਿਆਟਜ਼ਿਡਿਸ ਤਾਕਤ ਅਤੇ ਸਰੀਰਕ ਤੰਦਰੁਸਤੀ ਕੋਚ, ਜਦਕਿ ਵਿਨੈ ਸਿੰਘ ਗੋਲਕੀਪਿੰਗ ਕੋਚ ਦੀ ਭੂਮਿਕਾ ਨਿਭਾਉਣਗੇ।

ਪਿਛਲੇ ਸੀਜ਼ਨ ਦੇ ਤਿੰਨੇ ਗੋਲਕੀਪਰਾਂ ਨੂੰ ਟੀਮ ਵਿੱਚ ਬਰਕਰਾਰ ਰੱਖਿਆ ਗਿਆ ਹੈ। ਤਜਰਬੇਕਾਰ ਅਰਸ਼ਦੀਪ ਸਿੰਘ ਗੋਲਕੀਪਿੰਗ ਵਿਭਾਗ ਦੀ ਅਗਵਾਈ ਕਰਨਗੇ, ਜਦਕਿ ਨੌਜਵਾਨ ਮੁਹੀਤ ਸ਼ਾਬਿਰ ਅਤੇ ਆਯੁਸ਼ ਦੇਸ਼ਵਾਲ ਵੀ ਟੀਮ ਦਾ ਹਿੱਸਾ ਹੋਣਗੇ।

# ਐਸਏ ਜੈਨ ਵਿਜੇ ਵੱਲਭ ਸਕੂਲ ਦੀ ਟੀਮ ਨੇ ਸਮੂਹ ਗਾਣ ਮੁਕਾਬਲਾ ਜਿੱਤਿਆ

**ਪੈ.ਗਾਮ-ਏ-ਜਗਤ/ਅੰਬਾਲਾ 9 ਅਕਤੂਬਰ (ਆਰ.ਸਿੰਘ)**

ਭਾਰਤ ਵਿਕਾਸ ਪ੍ਰੀਸ਼ਦ ਮਹਾਂਰਿਸ਼ੀ ਦਯਾਨੰਦ ਸ਼ਾਖਾ ਅੰਬਾਲਾ ਸ਼ਹਿਰ ਨੇ ਸਰਪ੍ਰਸਤ ਪ੍ਰਦੀਪ ਗੋਇਲ, ਸਹਿ-ਸਰਪ੍ਰਸਤ ਦੀਪਕ ਰਾਏ ਆਨੰਦ ਅਤੇ ਵਿਵੇਕ ਗੁਪਤਾ ਅਤੇ ਪ੍ਰਧਾਨ ਚਮਨ ਅਗਰਵਾਲ ਦੀ ਅਗਵਾਈ ਹੇਠ ਸ਼ਹਿਰ ਦੀ ਘਾਸ ਮੰਡੀ ਸਥਿਤ ਸ਼੍ਰੀ ਰਾਧੇ ਲਾਲ ਗੀਤਾ ਵਿੱਦਿਆ ਮੰਦਰ ਵਿਖੇ ÷ਚੇਤਨਾ ਕੇ ਸਵਰ÷ ਕਿਤਾਬ ਵਿਚਲੇ ਹਿੰਦੀ ਅਤੇ ਸੰਸਕ੍ਰਿਤ ਗੀਤਾਂ ਦੇ ਗਾਇਣ 'ਤੇ ਅਧਾਰਿਤ ਇੱਕ ਸ਼ਾਖਾ-ਪੱਧਰੀ ਰਾਸ਼ਟਰੀ ਸਮੂਹ ਗਾਣ ਮੁਕਾਬਲਾ ਆਯੋਜਿਤ ਕੀਤਾ। ਇਸ ਮੁਕਾਬਲੇ ਵਿੱਚ ਕੁੱਲ ਛੇ ਟੀਮਾਂ ਨੇ ਹਿੱਸਾ ਲਿਆ। ਗੁਰੂ ਨੀਰਜਾ ਚੌਰਸੀਆ, ਡਾ. ਮਨਜੀਤ ਕੌਰ ਅਤੇ ਪੁਨੀਤ ਕੌਰ ਨੇ ਜੱਜਾਂ ਵਜੋਂ ਸੇਵਾ ਨਿਭਾਈ ਜਿਨ੍ਹਾਂ ਦਾ ਸਵਾਗਤ ਅੰਗ-ਵਸਤਰਾਂ ਨਾਲ ਕੀਤਾ ਗਿਆ।



ਮੁਕਾਬਲੇ ਤੋਂ ਪਹਿਲਾਂ ਭਾਗੀਦਾਰਾਂ ਨੂੰ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੁਕਾਬਲੇ ਵਿਚ ਐਸਏ ਜੈਨ ਵਿਜੇ ਵੱਲਭ ਸਕੂਲ ਦੀ ਟੀਮ ਨੇ ਪਹਿਲਾ ਸਥਾਨ, ਐਸਏ ਜੈਨ ਸੀਨੀਅਰ ਸੈਕੰਡਰੀ ਸਕੂਲ ਨੇ ਦੂਜਾ ਅਤੇ ਮਹਾਰਾਜਾ ਅਗਰਸੇਨ ਪਬਲਿਕ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੀਡੀਆ ਇੰਚਾਰਜ ਰਾਕੇਸ਼ ਮੱਕੜ ਨੇ ਦੱਸਿਆ ਕਿ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਟੀਮ ਰਾਜ ਪੱਧਰੀ ਮੁਕਾਬਲੇ ਵਿੱਚ ਸ਼ਾਖਾ ਦੀ ਨੁਮਾਇੰਦਗੀ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਬਰਾਂਚ ਸਕੱਤਰ ਅੰਕੁਰ ਗੋਇਲ, ਵਿੱਤ ਸਕੱਤਰ ਅਮਿਤ ਚਾਨਣਾ, ਸਭਿਆਚਾਰ ਕੋਆਰਡੀਨੇਟਰ ਮਨੋਜ ਗਰਗ, ਸਾਬਕਾ ਪ੍ਰਧਾਨ ਅਜੇ ਅਗਰਵਾਲ ਅਤੇ ਰਾਕੇਸ਼ ਜਿੰਦਲ, ਮਹਿਲਾ ਮੁਖੀ ਮੰਜੂ ਅਗਰਵਾਲ, ਪ੍ਰੋਜੈਕਟ ਮੁਖੀ ਪ੍ਰਿਅੰਕਾ ਅਗਰਵਾਲ ਅਤੇ ਹੋਰ ਮੌਜੂਦ ਸਨ। ਬਰਾਂਚ ਨੇ ਸਕੂਲ ਦੇ ਪ੍ਰਿੰਸੀਪਲ ਅਨਿਲ ਸ਼ਰਮਾ ਅਤੇ ਪ੍ਰਬੰਧਕ ਕਮੇਟੀ ਦਾ ਮੁਕਾਬਲਾ ਕਰਵਾਉਣ ਲਈ ਧੰਨਵਾਦ ਕੀਤਾ।

# ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਨੂੰ ਮਿਲੇਗੀ 1200 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ : ਲਕਸ਼ਿਤ ਸਰੀਨ

**ਪੈ.ਗਾਮ-ਏ-ਜਗਤ**
**ਹਾਂਸੀ (ਦਿਨਕਰ ਗਾਵੜੀ)**

ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਰੋਕ ਲਗਾਉਣ ਅਤੇ ਕਿਸਾਨਾਂ ਨੂੰ ਫਸਲ ਰਹਿੰਦ-ਖੂੰਹਦ ਪ੍ਰਬੰਧਨ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਸਕੱਤਰੇਤ ਦੇ ਵੀਸੀ ਸਭਾ ਹਾਲ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਨਗਰ ਕਮਿਸ਼ਨਰ ਲਕਸ਼ਿਤ ਸਰੀਨ ਦੀ ਪ੍ਰਧਾਨਗੀ ਵਿੱਚ ਮੀਟਿੰਗ ਹੋਈ। ਮੀਟਿੰਗ ਵਿੱਚ ਐਸਡੀਐਮ ਰਾਜੇਸ਼ ਖੋਥ, ਨਾਰਨੌਂਦ ਦੇ ਐਸਡੀਐਮ ਵਿਕਾਸ ਯਾਦਵ, ਡੀਡੀਪੀਓ ਸੰਦੀਪ ਭਾਰਦਵਾਜ, ਐਸਡੀਓ ਡਾ. ਰਵਿੰਦਰ, ਖੰਡ ਵਿਕਾਸ ਅਤੇ ਪੰਚਾਇਤ ਅਧਿਕਾਰੀ ਅਸ਼ੋਕ ਮਹਿਰਾ, ਰਾਜ ਸਿੰਘ ਸਮੇਤ ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਗ੍ਰਾਮ ਸਕੱਤਰ ਹਾਜ਼ਰ ਰਹੇ।

ਲਕਸ਼ਿਤ ਸਰੀਨ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਹਵਾ ਪ੍ਰਦੂਸ਼ਣ ਵਧਦਾ ਹੈ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਪ੍ਰਭਾਵਿਤ ਹੁੰਦੀ ਹੈ। ਇਸ ਨਾਲ ਮਿੱਟੀ ਵਿੱਚ ਮੌਜੂਦ ਲਾਭਕਾਰੀ ਸੂਖਮ ਜੀਵ ਨਸ਼ਟ ਹੁੰਦੇ ਹਨ ਅਤੇ ਫਸਲਾਂ ਦੀ ਉਤਪਾਦਕਤਾ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਪਰਾਲੀ ਦੇ ਧੂੰਏਂ ਨਾਲ ਲੋਕਾਂ ਦੀ ਸਿਹਤ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ। ਇਸ ਲਈ ਕਿਸਾਨਾਂ ਨੂੰ ਪਰਾਲੀ ਸਾੜਨ ਦੀ ਬਜਾਏ ਉਪਲਬਧ ਖੇਤੀ ਯੰਤਰਾਂ ਅਤੇ ਵਿਗਿਆਨਕ ਤਰੀਕਿਆਂ ਨਾਲ ਫਸਲ ਰਹਿੰਦ-ਖੂੰਹਦ ਦਾ ਪ੍ਰਬੰਧਨ ਕਰਨਾ ਚਾਹੀਦਾ ਹੈ।

**• ਪਿੰਡ-ਪਿੰਡ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਨਿਰਦੇਸ਼**

ਉਨ੍ਹਾਂ ਨੇ ਦੱਸਿਆ ਕਿ ਪਰਾਲੀ ਨਹੀਂ ਸਾੜਨ ਵਾਲੇ ਯੋਗ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਲਈ 1200 ਰੁਪਏ ਪ੍ਰਤੀ ਏਕੜ ਦੀ ਰਾਸ਼ੀ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ। ਅਧਿਕਾਰੀਆਂ, ਸਰਪੰਚਾਂ ਅਤੇ ਗ੍ਰਾਮ ਸਕੱਤਰਾਂ ਨੂੰ ਨਿਰਦੇਸ਼ ਦਿੱਤੇ ਗਏ ਕਿ ਉਹ ਇਸ ਯੋਜਨਾ ਦੀ ਜਾਣਕਾਰੀ ਵੱਧ ਤੋਂ ਵੱਧ ਕਿਸਾਨਾਂ ਤੱਕ ਪਹੁੰਚਾਉਣ ਅਤੇ ਪਿੰਡਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਚਲਾਉਣ।

ਮੀਟਿੰਗ ਵਿੱਚ ਦੱਸਿਆ ਗਿਆ ਕਿ ਪਰਾਲੀ ਪ੍ਰਬੰਧਨ ਲਈ ਐਕਸ-ਸੀਟੂ ਅਤੇ ਇਨ-ਸੀਟੂ ਤਰੀਕੇ ਅਪਣਾਏ ਜਾ ਸਕਦੇ ਹਨ। ਐਕਸ-ਸੀਟੂ ਪ੍ਰਬੰਧਨ ਤਹਿਤ ਡੰਡਲਰ ਜਾਂ ਬੇਲਰ ਮਸ਼ੀਨ ਨਾਲ ਪਰਾਲੀ ਦੀਆਂ ਗੱਠਾਂ ਬਣਾ ਕੇ ਉਸ ਨੂੰ ਲਾਭਦਾਇਕ ਥਾਵਾਂ ਤੱਕ ਪਹੁੰਚਾਇਆ ਜਾ ਸਕਦਾ ਹੈ। ਇਸ ਦਾ ਇਸਤੇਮਾਲ ਗਊਸ਼ਾਲਾਵਾਂ, ਕੰਪੋਸਟ ਇਕਾਈਆਂ ਅਤੇ ਹੋਰ ਕੰਮਾਂ ਵਿੱਚ ਕੀਤਾ ਜਾ ਸਕਦਾ ਹੈ। ਇਨ-ਸੀਟੂ ਪ੍ਰਬੰਧਨ ਤਹਿਤ ਪਰਾਲੀ ਨੂੰ ਖੇਤ ਵਿੱਚ ਮਿਲਾ ਕੇ ਮਿੱਟੀ ਦੀ ਗੁਣਵੱਤਾ ਬਣਾਈ ਰੱਖਣ ਵਿੱਚ ਮਦਦ ਮਿਲਦੀ ਹੈ। ਸੁਪਰ ਸੀਡਰ ਅਤੇ ਸਟ੍ਰਾ ਮੈਨੇਜਮੈਂਟ ਸਿਸਟਮ ਯੁਕਤ ਕੰਬਾਈਨ ਹਾਰਵੈਸਟਰ ਵਰਗੀਆਂ ਮਸ਼ੀਨਾਂ ਨਾਲ ਵੀ ਫਸਲ ਰਹਿੰਦ-ਖੂੰਹਦ ਦਾ ਢੁਕਵਾਂ ਪ੍ਰਬੰਧਨ ਕੀਤਾ ਜਾ ਸਕਦਾ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਪਰਾਲੀ ਸਾੜਨ 'ਤੇ ਨਿਰਧਾਰਤ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾ ਸਕਦੀ ਹੈ। ਲਕਸ਼ਿਤ ਸਰੀਨ ਨੇ ਪੰਚਾਇਤ ਪ੍ਰਤੀਨਿਧਾਂ ਨੂੰ ਕਿਸਾਨਾਂ ਨੂੰ ਉਪਲਬਧ ਖੇਤੀ ਯੰਤਰਾਂ, ਸਰਕਾਰੀ ਯੋਜਨਾਵਾਂ ਅਤੇ ਪਰਾਲੀ ਦੇ ਵਿਕਲਪਕ ਉਪਯੋਗਾਂ ਦੀ ਜਾਣਕਾਰੀ ਦੇਣ ਦੀ ਅਪੀਲ ਕੀਤੀ। ਪਰਾਲੀ ਪ੍ਰਬੰਧਨ ਨਾਲ ਸਬੰਧਤ ਜਾਣਕਾਰੀ ਅਤੇ ਸਹਾਇਤਾ ਲਈ ਕਿਸਾਨ ਹੈਲਪਲਾਈਨ ਨੰਬਰ 1800-180-1663 'ਤੇ ਸੰਪਰਕ ਕਰ ਸਕਦੇ ਹਨ।

# ਅੰਤਰਰਾਸ਼ਟਰੀ ਬਾਲੜੀ ਦਿਵਸ ਮੌਕੇ ਧਰਮਸ਼ਾਲ ਮਹੰਤਾਂ ਸਕੂਲ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਇਆ

## ਬਾਲੜੀਆਂ ਦੇ ਹੱਕਾਂ, ਸਾਈਬਰ ਸੁਰੱਖਿਆ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਕੀਤਾ ਜਾਗਰੂਕ

**ਊਨਾ, 9 ਅਕਤੂਬਰ (ਪੈ.ਗਾਮ-ਏ-ਜਗਤ)**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਵੱਲੋਂ ਅੰਤਰਰਾਸ਼ਟਰੀ ਬਾਲੜੀ ਦਿਵਸ ਦੇ ਮੌਕੇ 'ਤੇ ਅੰਬ ਵਿਕਾਸ ਖੰਡ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਧਰਮਸ਼ਾਲ ਮਹੰਤਾਂ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਦੀ ਸਕੱਤਰ ਸ਼ਿਖਾ ਲਖਨਪਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।



ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਬਾਲੜੀਆਂ ਦੇ ਕਾਨੂੰਨੀ ਹੱਕਾਂ, ਸਿੱਖਿਆ, ਸੁਰੱਖਿਆ, ਸਾਈਬਰ ਅਪਰਾਧਾਂ ਤੋਂ ਬਚਾਅ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਦੀ ਉਪਲਬਧਤਾ ਬਾਰੇ ਜਾਗਰੂਕ ਕਰਨਾ ਸੀ। ਇਸ ਦੌਰਾਨ ਵਿਦਿਆਰਥੀਆਂ ਨੂੰ ਬਾਲੜੀਆਂ ਦੇ ਹੱਕਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਆਪਣੇ ਹੱਕਾਂ ਪ੍ਰਤੀ ਸੁਚੇਤ ਰਹਿਣ ਤੇ ਕਿਸੇ ਵੀ ਤਰ੍ਹਾਂ ਦੇ ਸ਼ੋਸ਼ਣ ਜਾਂ ਸਾਈਬਰ ਅਪਰਾਧ ਦੀ ਸਥਿਤੀ ਵਿੱਚ ਢੁਕਵੀਂ ਕਾਨੂੰਨੀ ਸਹਾਇਤਾ ਲੈਣ ਲਈ ਪ੍ਰੇਰਿਤ ਕੀਤਾ ਗਿਆ।

ਸਕੱਤਰ ਸ਼ਿਖਾ ਲਖਨਪਾਲ ਨੇ ਬਾਲੜੀਆਂ ਦੀ ਸਿੱਖਿਆ, ਸੁਰੱਖਿਆ ਅਤੇ ਸਸ਼ਕਤੀਕਰਨ ਦੀ ਮਹੱਤਤਾ ਉੱਤੇ ਚਾਨਣਾ ਪਾਉਂਦਿਆਂ ਕਿਹਾ ਕਿ ਸਮਾਜ ਦੇ ਸਰਬਪੱਖੀ ਵਿਕਾਸ ਲਈ ਬਾਲੜੀਆਂ ਨੂੰ ਬਰਾਬਰ ਮੌਕੇ ਦੇਣਾ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਯਕੀਨੀ ਬਣਾਉਣਾ ਜ਼ਰੂਰੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਾਈਬਰ ਅਪਰਾਧਾਂ ਪ੍ਰਤੀ ਸੁਚੇਤ ਰਹਿਣ ਅਤੇ ਡਿਜੀਟਲ ਸਾਧਨਾਂ ਦੀ ਸੁਰੱਖਿਅਤ ਤੇ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਬਾਰੇ ਵੀ ਜਾਗਰੂਕ ਕੀਤਾ। ਪ੍ਰੋਗਰਾਮ ਦੌਰਾਨ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਨਾਲ ਸਬੰਧਤ ਨਿਯਮਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਦੇ ਨਾਲ ਹੀ, ਬਾਲੜੀਆਂ ਦਾ ਸਤਿਕਾਰ ਕਰਨ, ਬਰਾਬਰੀ ਯਕੀਨੀ ਬਣਾਉਣ, ਸੁਰੱਖਿਅਤ ਮਾਹੌਲ ਪ੍ਰਦਾਨ ਕਰਨ ਅਤੇ ਉਨ੍ਹਾਂ ਦੇ ਸਰਬਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਦਾ ਸੁਨੇਹਾ ਦਿੱਤਾ ਗਿਆ।

# ਵਿਧਾਇਕ ਕੁਲਜੀਤ ਰੰਧਾਵਾ ਵੱਲੋਂ ਡੇਰਾਬੱਸੀ, ਲਾਲੜੂ ਅਤੇ ਲੋਹਗੜ੍ਹ ਦੇ ਸਰਕਾਰੀ ਸਕੂਲਾਂ ਵਿੱਚ ਮੈਗਾ ਮਾਪੇ-ਅਧਿਆਪਕ ਮਿਲਣੀਆਂ ਵਿੱਚ ਸ਼ਿਰਕਤ

## ਵਿਦਿਆਰਥੀਆਂ ਦੀ ਪੜ੍ਹਾਈ ਅਤੇ ਪ੍ਰਗਤੀ ਬਾਰੇ ਮਾਪਿਆਂ ਤੇ ਅਧਿਆਪਕਾਂ ਨਾਲ ਕੀਤੀ ਚਰਚਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ 9 ਅਕਤੂਬਰ (ਪੈ.ਗਾਮ-ਏ-ਜਗਤ)**

ਵਿਧਾਨ ਸਭਾ ਹਲਕਾ ਡੇਰਾਬੱਸੀ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਹਲਕੇ ਦੇ ਤਿੰਨ ਸਰਕਾਰੀ ਸਕੂਲਾਂ ਵਿੱਚ ਕਰਵਾਈਆਂ ਗਈਆਂ ਮੈਗਾ ਮਾਪੇ-ਅਧਿਆਪਕ ਮਿਲਣੀਆਂ ਵਿੱਚ ਸ਼ਿਰਕਤ ਕੀਤੀ। ਇਸ ਦੌਰਾਨ ਉਨ੍ਹਾਂ ਸਕੂਲ ਆਫ਼ ਐਮੀਨੈਂਸ, ਡੇਰਾਬੱਸੀ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਲਾਲੜੂ ਅਤੇ ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਲੋਹਗੜ੍ਹ ਵਿਖੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ।

ਮਿਲਣੀਆਂ ਦੌਰਾਨ ਵਿਦਿਆਰਥੀਆਂ ਦੀ ਪੜ੍ਹਾਈ, ਵਿਦਿਅਕ ਕਾਰਗੁਜ਼ਾਰੀ ਅਤੇ ਸਮੁੱਚੀ ਪ੍ਰਗਤੀ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਅਤੇ ਵਿਦਿਆਰਥੀਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ। ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਦੀ ਪੜ੍ਹਾਈ ਅਤੇ ਰੋਜ਼ਾਨਾ ਦੀਆਂ ਗਤੀਵਿਧੀਆਂ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਅਧਿਆਪਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਮਾਪਿਆਂ ਅਤੇ ਅਧਿਆਪਕਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਸਹਿਯੋਗ ਬਹੁਤ ਜ਼ਰੂਰੀ ਹੈ। ਇਸ ਮੌਕੇ ਮਾਪਿਆਂ ਨੂੰ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪ੍ਰੇਰਿਤ ਕੀਤਾ ਗਿਆ। ਬੱਚਿਆਂ ਦੇ ਵਿਹਾਰ, ਸੰਗਤ ਅਤੇ ਗਤੀਵਿਧੀਆਂ ਪ੍ਰਤੀ ਸੁਚੇਤ ਰਹਿਣ ਦੇ ਨਾਲ-ਨਾਲ ਉਨ੍ਹਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਤੇ ਉਸਾਰੂ ਗਤੀਵਿਧੀਆਂ ਵੱਲ ਪ੍ਰੇਰਿਤ ਕਰਨ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਗਿਆ। ਵਿਧਾਇਕ ਨੇ ਕਿਹਾ ਕਿ ਬੱਚਿਆਂ ਦਾ ਸੁਨਹਿਰੀ ਭਵਿੱਖ ਸੁਰੱਖਿਅਤ ਬਣਾਉਣ, ਉਨ੍ਹਾਂ ਨੂੰ ਮਿਆਰੀ ਸਿੱਖਿਆ ਦੇਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਰਕਾਰ, ਸਕੂਲਾਂ ਅਤੇ ਮਾਪਿਆਂ ਦਾ ਸਾਂਝਾ ਯੋਗਦਾਨ ਲਾਜ਼ਮੀ ਹੈ।



# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਕੁਲਵੰਤ ਸਿੰਘ ਨੇ ਖਾਟੂਸ਼ਾਮ ਤੇ ਸਾਲਾਸਰ ਲਈ ਬੱਸ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ 9 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਵਿਧਾਇਕ ਕੁਲਵੰਤ ਸਿੰਘ ਨੇ ਅਾਂਸਲ, ਸੈਕਟਰ-114, ਮੋਹਾਲੀ ਤੋਂ ਸੀਨੀਅਰ ਨਾਗਰਿਕ ਸ਼ਰਧਾਲੂਆਂ ਨੂੰ ਖਾਟੂਸ਼ਾਮ ਅਤੇ ਸਾਲਾਸਰ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

- **ਸੀਨੀਅਰ ਨਾਗਰਿਕਾਂ ਦੀ ਸਹੂਲਤ ਲਈ ਪੰਜਾਬ ਸਰਕਾਰ ਵੱਲੋਂ ਯਾਤਰਾ, ਰਹਿਣ-ਸਹਿਣ ਅਤੇ ਖਾਣ-ਪੀਣ ਦੇ ਕੀਤੇ ਜਾਂਦੇ ਹਨ ਪ੍ਰਬੰਧ**

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਤੀਰਥ ਯਾਤਰਾ ਲਈ ਰਵਾਨਾ ਹੋ ਰਹੇ ਸ਼ਰਧਾਲੂਆਂ ਦੇ ਚਿਹਰਿਆਂ 'ਤੇ ਖੁਸ਼ੀ ਅਤੇ ਉਤਸ਼ਾਹ ਸਪੱਸ਼ਟ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੀਨੀਅਰ ਨਾਗਰਿਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲੇ ਦੀ ਲੋਕਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਮੰਗ ਅਤੇ ਉਨ੍ਹਾਂ ਵੱਲੋਂ ਦਿਖਾਏ ਜਾ ਰਹੇ ਉਤਸ਼ਾਹ ਨੂੰ ਦੇਖਦਿਆਂ ਇਸ ਯੋਜਨਾ ਤਹਿਤ ਯਾਤਰਾ ਦਾ ਸਿਲਸਿਲਾ ਲਗਾਤਾਰ ਜਾਰੀ ਰੱਖਿਆ ਜਾਵੇਗਾ।



ਸ਼ਰਧਾਲੂਆਂ ਦੀ ਗਿਣਤੀ ਅਤੇ ਲੋੜ ਅਨੁਸਾਰ ਬੱਸਾਂ ਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੀਨੀਅਰ ਨਾਗਰਿਕਾਂ ਨੂੰ ਘਰਾਂ ਤੋਂ ਬੱਸਾਂ ਵਿੱਚ ਬਿਠਾਉਣ ਸਮੇਤ ਉਨ੍ਹਾਂ ਦੇ ਆਉਣ-ਜਾਣ, ਰਹਿਣ-ਸਹਿਣ ਅਤੇ ਖਾਣ-ਪੀਣ ਦੇ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤੇ ਜਾਂਦੇ ਹਨ।

ਵਿਧਾਇਕ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਪਹਿਲਾਂ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ, ਰਾਮ ਤੀਰਥ ਵਾਲਮੀਕਿ ਮੰਦਰ, ਵਾਹਗਾ ਸਰਹੱਦ ਅਤੇ ਜਲ੍ਹਿਆਂਵਾਲਾ ਬਾਗ ਦੇ ਦਰਸ਼ਨਾਂ ਲਈ ਲਿਜਾਇਆ ਜਾ ਰਿਹਾ ਸੀ। ਹੁਣ ਇਸ ਦੇ ਨਾਲ ਖਾਟੂਸ਼ਾਮ, ਸਾਲਾਸਰ, ਵਰਿੰਦਾਵਨ ਅਤੇ ਹਰਿਦੁਆਰ ਵਰਗੇ ਧਾਰਮਿਕ ਸਥਾਨਾਂ ਲਈ ਵੀ ਬੱਸਾਂ ਰਵਾਨਾ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਜਦੋਂ ਸ਼ਰਧਾਲੂ ਯਾਤਰਾ ਤੋਂ ਵਾਪਸ ਪਰਤ ਕੇ ਆਪਣੇ ਪਰਿਵਾਰਾਂ ਅਤੇ ਰਿਸ਼ਤੇਦਾਰਾਂ ਨਾਲ ਆਪਣੇ ਅਨੁਭਵ ਸਾਂਝੇ ਕਰਦੇ ਹਨ ਤਾਂ ਹੋਰ ਲੋਕਾਂ ਵਿੱਚ ਵੀ ਇਸ ਯਾਤਰਾ ਲਈ ਉਤਸ਼ਾਹ ਵਧਦਾ ਹੈ। ਇਸੇ ਕਾਰਨ ਯੋਜਨਾ ਤਹਿਤ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਵਿੱਚ ਵਾਧਾ ਹੋ ਰਿਹਾ ਹੈ।

ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਗਾਰੰਟੀਆਂ ਨੂੰ ਪੂਰਾ ਕਰਨ ਦੇ ਨਾਲ-ਨਾਲ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਕੰਮ ਕਰ ਰਹੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਸਮਾਣਾ, ਖੁਸ਼ਵੀਰ ਕੌਰ, ਸੁਖਵਿੰਦਰ ਕੌਰ ਭੁੱਲਰ, ਤਰਲੋਚਨ ਸਿੰਘ ਤੋਚੀ (ਬਲਾਕ ਪ੍ਰਧਾਨ), ਦਲਜੀਤ ਸਿੰਘ (ਪ੍ਰਧਾਨ, ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ), ਭੁਪਿੰਦਰ ਸਿੰਘ ਸੈਣੀ (ਸਾਬਕਾ ਪ੍ਰਧਾਨ), ਪਾਲ ਸਿੰਘ ਰੱਤੂ (ਸਾਬਕਾ ਮੀਤ ਪ੍ਰਧਾਨ), ਅਮਰਜੀਤ ਸਿੰਘ ਸਿੱਧੂ, ਬਲਜੀਤ ਸਿੰਘ ਹੈਪੀ, ਪ੍ਰਗਟ ਸਿੰਘ ਰਾਏਪੁਰ ਕਲਾਂ ਅਤੇ ਗਗਨ ਮੋਹਾਲੀ ਸਮੇਤ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਰਾਜ ਕੁਮਾਰ ਭਟਨਾਗਰ ਬਣੇ ਤਰਕਸ਼ੀਲ ਸੁਸਾਇਟੀ ਇਕਾਈ ਚੰਡੀਗੜ੍ਹ ਦੇ ਮੁਖੀ

**ਚੰਡੀਗੜ੍ਹ, 9 ਅਕਤੂਬਰ (ਪੈ.ਗਾਮ-ਏ-ਜਗਤ)**

ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਦੀ ਇਕਾਈ ਚੰਡੀਗੜ੍ਹ ਦੀ ਮੀਟਿੰਗ ਚੰਡੀਗੜ੍ਹ ਜੋਨ ਮੁਖੀ ਅਜੀਤ ਪ੍ਰਦੇਸੀ ਜੀ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ, ਜਿਸ ਵਿੱਚ ਕੁੱਝ ਅਹਿਮ ਮੁੱਦਿਆਂ 'ਤੇ ਡੂੰਘਾਈ ਨਾਲ ਵਿਚਾਰ ਚਰਚਾ ਕੀਤੀ ਗਈ।

ਚੰਡੀਗੜ੍ਹ ਇਕਾਈ ਦੇ ਮੀਡੀਆ ਇੰਚਾਰਜ ਪ੍ਰੇਮ ਸਿੰਘ ਨੇ ਪ੍ਰੈੱਸ ਦੇ ਨਾਮ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸਾਥੀ ਅਵਤਾਰ ਸਿੰਘ ਜਿਹੜੇ ਕਿ ਇਕਾਈ ਮੁਖੀ ਵੱਜੋਂ ਆਪਣੀ ਡਿਊਟੀ ਨਿਭਾ ਰਹੇ ਸਨ ਪਰ ਉਹਨਾ ਨੇ ਨਿੱਜੀ ਕਾਰਨਾ ਕਰਕੇ ਮੁਖੀ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਜਿਹੜਾ ਕਿ ਮੀਟਿੰਗ ਵਿੱਚ ਪ੍ਰਵਾਨ ਕਰ ਲਿਆ ਗਿਆ ਪਰ ਉਹ ਇਕਾਈ ਵਿੱਚ ਮੈਂਬਰ ਵਜੋਂ ਕੰਮ ਕਰਦੇ ਰਹਿਣਗੇ। ਉਹਨਾ ਦੀ ਥਾਂ ਰਾਜ ਕੁਮਾਰ ਭਟਨਾਗਰ ਨੂੰ ਸਰਬ-ਸੰਮਤੀ ਨਾਲ ਨਵਾਂ ਕਾਰਜਕਾਰੀ ਇਕਾਈ ਮੁਖੀ ਬਣਾਇਆ ਗਿਆ। ਰਾਜ ਕੁਮਾਰ ਲੰਮੇ ਸਮੇਂ ਤੋਂ ਤਰਕਸ਼ੀਲ ਲਹਿਰ ਨਾਲ ਜੁੜੇ ਹੋਏ ਹਨ ਅਤੇ ਆਪਣੀ ਅਗਾਂਹ ਵਧੂ ਅਤੇ ਵਿਗਿਆਨਕ ਸੋਚ ਸਦਕਾ ਲੋਕਾਂ ਨੂੰ ਜਾਗ੍ਰਿਤ ਕਰ ਰਹੇ ਹਨ। ਮੀਟਿੰਗ ਵਿੱਚ ਪ੍ਰਦੇਸੀ ਜੀ ਦੇ ਉਚੇਚੇ ਤੌਰ ਤੇ ਸ਼ਾਮਲ ਹੋਣ ਤੋਂ ਇਲਾਵਾ ਸਾਥੀ ਜੋਗਾ ਸਿੰਘ, ਭਜਨ ਦਾਸ, ਕ੍ਰਿਸ਼ਨ ਰਾਹੀ, ਦਲਬੀਰ ਸਿੰਘ, ਗੁਰਦਾਸ ਅਟਵਾਲ, ਗਿਆਨ ਚੰਦ, ਜਸਵੀਰ ਸਿੰਘ, ਰਾਜ ਕੁਮਾਰ ਭਟਨਾਗਰ ਅਤੇ ਓਮ ਪ੍ਰਕਾਸ਼ ਬੰਸਲ ਹਾਜਰ ਸਨ। ਆਖ਼ਿਰ ਵਿੱਚ ਇਕਾਈ ਵਲੋਂ ਪ੍ਰਦੇਸ਼ੀ ਜੀ ਦਾ ਧੰਨਵਾਦ ਕੀਤਾ ਗਿਆ।



# ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਪਿੰਡ ਘੋਗਾ, ਘੋਗਾ ਖੇੜੀ ਅਤੇ ਮਾਛੀਪੁਰ ਵਿਖੇ ਦਿਖਾਈ ਗਈ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ 09 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਉਪਰਾਲੇ ਤਹਿਤ ਖਰੜ ਬਲਾਕ ਦੇ ਪਿੰਡ ਘੋਗਾ, ਘੋਗਾ ਖੇੜੀ ਅਤੇ ਮਾਛੀਪੁਰ ਵਿਖੇ ਐਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫਿਲਮ ਦਿਖਾਈ ਗਈ। ਇਸ ਦਾ ਉਦੇਸ਼ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀ ਵਿਚਾਰਧਾਰਾ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ।

- **ਸ੍ਰੀ ਗੁਰੂ ਰਵੀਦਾਸ ਜੀ ਦੀਆਂ ਸਿੱਖਿਆਵਾਂ ਸਮਾਜ ਵਿੱਚ ਬਰਾਬਰਤਾ, ਭਾਈਚਾਰੇ ਅਤੇ ਸਦਭਾਵਨਾ ਦਾ ਸੰਦੇਸ਼ ਦਿੰਦੀਆਂ ਹਨ: ਡਿਪਟੀ ਕਮਿਸ਼ਨਰ**



ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੇ ਹਮੇਸ਼ਾ ਸਮਾਨਤਾ, ਆਪਸੀ ਸਤਿਕਾਰ, ਮਿਹਨਤ, ਪ੍ਰੇਮ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਹੱਤਵ ਦਿੱਤਾ। ਉਨ੍ਹਾਂ ਦੀ ਵਿਚਾਰਧਾਰਾ ਸਾਨੂੰ ਜਾਤ-ਪਾਤ ਅਤੇ ਸਮਾਜਿਕ ਵਖਰੇਵਿਆਂ ਤੋਂ ਉੱਪਰ ਉੱਠ ਕੇ ਸਾਰੇ ਮਨੁੱਖਾਂ ਨਾਲ ਬਰਾਬਰੀ ਅਤੇ ਸਤਿਕਾਰ ਵਾਲਾ ਵਿਹਾਰ ਕਰਨ ਦੀ ਪ੍ਰੇਰਨਾ ਦਿੰਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਡਾਕੂਮੈਂਟਰੀ ਪਿੰਡਾਂ ਵਿੱਚ ਦਿਖਾਉਣ ਦਾ ਉਪਰਾਲਾ ਸ਼ਲਾਘਾਯੋਗ ਹੈ। ਇਸ ਰਾਹੀਂ ਪਿੰਡਾਂ ਦੇ ਲੋਕਾਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਦਿੱਤੇ ਗਏ ਅਧਿਆਤਮਕ ਤੇ ਸਮਾਜਿਕ ਸੰਦੇਸ਼ ਬਾਰੇ ਜਾਣਨ ਦਾ ਮੌਕਾ ਮਿਲ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਅਤੇ ਇਨ੍ਹਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਸਾਂਝ, ਸਦਭਾਵਨਾ ਅਤੇ ਏਕਤਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪੰਜਾਬ ਸਰਕਾਰ ਦਾ ਇਹ ਉਪਰਾਲਾ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਵੱਲੋਂ ਦਰਸਾਏ ਮਨੁੱਖਤਾ, ਬਰਾਬਰਤਾ ਅਤੇ ਸਮਾਜਿਕ ਨਿਆਂ ਦੇ ਮਾਰਗ ਨੂੰ ਲੋਕਾਂ ਤੱਕ ਪਹੁੰਚਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

# ਮੰਡੀਆਂ ਵਿੱਚ ਝੋਨੇ ਦੀ ਆਮਦ ਤੇ ਖਰੀਦ ਦੇ ਕਾਰਜ ਸੁਚੱਜੇ ਢੰਗ ਨਾਲ ਜਾਰੀ : ਹਰਚੰਦ ਸਿੰਘ ਬਰਸਟ

**ਐਸ.ਏ.ਐਸ. ਨਗਰ, 09 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਉਣੀ ਖਰੀਦ ਸੀਜ਼ਨ 2026-27 ਦੇ ਮੱਦੇਨਜ਼ਰ ਸੂਬੇ ਦੀਆਂ ਸਮੂਹ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਫ਼ਸਲ ਦੀ ਖਰੀਦ ਦੌਰਾਨ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਅਤੇ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਖਰੀਦ ਕਾਰਜਾਂ ਦਾ ਜਾਇਜ਼ਾ ਲੈਣ ਉਪਰੰਤ ਕੀਤਾ ਗਿਆ।



- **ਪੰਜਾਬ ਵਿੱਚ ਗੁਦਾਮ ਵਿੱਚ ਪਿਆ ਅਨਾਜ ਜਲਦੀ ਚੁੱਕੇ ਕੇਂਦਰ ਸਰਕਾਰ : ਬਰਸਟ**
- **ਹੁਣ ਤੱਕ ਸੂਬੇ ਦੀਆਂ ਮੰਡੀਆਂ ਵਿੱਚ 14.86 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਅਤੇ 13.90 ਲੱਖ ਮੀਟ੍ਰਿਕ ਟਨ ਫਸਲ ਦੀ ਹੋਈ ਖਰੀਦ**

ਉਨ੍ਹਾਂ ਕਿਹਾ ਕਿ ਦੂਜੇ ਪਾਸੇ, ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਦੇ ਗੁਦਾਮਾਂ ਵਿੱਚ ਪਏ ਅਨਾਜ ਦੀ ਸ਼ਿਫਟਿੰਗ ਨਾ ਕੀਤੇ ਜਾਣ ਕਾਰਨ ਨਵੀਂ ਫ਼ਸਲ ਦੀ ਸਟੋਰੇਜ ਨੂੰ ਲੈ ਕੇ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਝੋਨੇ ਦੇ ਖਰੀਦ ਸੀਜ਼ਨ ਦੌਰਾਨ ਵੱਡੀ ਮਾਤਰਾ ਵਿੱਚ ਫ਼ਸਲ ਮੰਡੀਆਂ ਵਿੱਚ ਪਹੁੰਚਦੀ ਹੈ, ਜਿਸ ਦੀ ਖਰੀਦ ਤੋਂ ਬਾਅਦ ਉਸ ਦੀ ਸਾਂਭ-ਸੰਭਾਲ ਅਤੇ ਸਟੋਰੇਜ ਲਈ ਲੋੜੀਂਦੀ ਜਗ੍ਹਾ ਉਪਲਬਧ ਹੋਣਾ ਬੇਹੱਦ ਜ਼ਰੂਰੀ ਹੈ। ਜੇਕਰ ਗੁਦਾਮਾਂ ਵਿੱਚ ਪਹਿਲਾਂ ਤੋਂ ਪਏ ਅਨਾਜ ਨੂੰ ਨਹੀਂ ਚੁੱਕਿਆ ਜਾਵੇਗਾ, ਤਾਂ ਨਵੀਂ ਫ਼ਸਲ ਦੇ ਭੰਡਾਰਨ ਸਬੰਧੀ ਚੁਣੌਤੀਆਂ ਵਧ ਸਕਦੀਆਂ ਹਨ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਗੁਦਾਮਾਂ ਵਿੱਚ ਪਏ ਅਨਾਜ ਨੂੰ ਜਲਦ ਤੋਂ ਜਲਦ ਚੁੱਕਿਆ ਜਾਵੇ।

ਸ. ਬਰਸਟ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਦੀ ਫ਼ਸਲ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ ਅਤੇ ਮੰਡੀਆਂ ਵਿੱਚ ਖਰੀਦ ਕਾਰਜਾਂ ਦੀ ਨਿਰੰਤਰ ਸਮੀਖਿਆ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਵੀਰਵਾਰ ਤੱਕ ਸੂਬੇ ਦੀਆਂ ਮੰਡੀਆਂ ਵਿੱਚ 14.86 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚ 13.90 ਲੱਖ ਮੀਟ੍ਰਿਕ ਟਨ ਦੀ ਖਰੀਦ ਹੋ ਚੁੱਕੀ ਹੈ, ਜਦਕਿ 13.70 ਲੱਖ ਮੀਟ੍ਰਿਕ ਟਨ ਝੋਨੇ ਦੀ ਸਰਕਾਰੀ ਪੱਧਰ ਤੇ ਖਰੀਦ ਹੋਈ ਹੈ। ਇਸਦੇ ਤਹਿਤ ਪਨਗ੍ਰੇਨ ਵੱਲੋਂ 5,61,824 ਮੀਟ੍ਰਿਕ ਟਨ, ਐਫ.ਸੀ.ਆਈ. ਵੱਲੋਂ 1,542 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 3,94,764 ਮੀਟ੍ਰਿਕ ਟਨ, ਪਨਸਪ ਵੱਲੋਂ 2,49,075 ਮੀਟ੍ਰਿਕ ਟਨ, ਵੇਅਰ ਹਾਊਸ ਵੱਲੋਂ 1,63,013 ਮੀਟ੍ਰਿਕ ਟਨ ਝੋਨੇ ਦੀ ਫ਼ਸਲ ਦੀ ਖਰੀਦ ਕੀਤੀ ਗਈ ਹੈ ਅਤੇ 2.37 ਲੱਖ ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋਈ ਹੈ। ਬੀਤੇ ਵੀਰਵਾਰ ਨੂੰ 2,78,291 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਦਕਿ 2,76,234 ਮੀਟ੍ਰਿਕ ਟਨ ਦੀ ਖਰੀਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ 1886 ਮੰਡੀਆਂ ਘੋਸ਼ਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਯੋਗ ਪਾਣੀ, ਬਾਥਰੂਮਾਂ, ਛਾਂ ਅਤੇ ਬੈਠਣ ਆਦਿ ਦੇ ਪੁਖਤਾਂ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ, ਆੜ੍ਹਤੀਆਂ, ਮਜਦੂਰਾਂ ਸਮੇਤ ਕਿਸੇ ਨੂੰ ਕੋਈ ਵੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸਦੇ ਨਾਲ ਹੀ ਫਸਲ ਦੀ ਆਮਦ ਨੂੰ ਦੇਖਦਿਆਂ ਹੋਇਆ 93 ਆਰਜੀ ਖਰੀਦ ਕੇਂਦਰ ਵੀ ਬਣਾਏ ਗਏ ਹਨ। ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ। ਕੰਟਰੋਲ ਰੂਮ ਦੇ ਟੈਲੀਫੋਨ ਨੰ. 0172-5101649 ਅਤੇ 0172-5101704 ਤੇ ਸੰਪਰਕ ਕੀਤਾ ਜਾ ਸਕਦਾ ਹੈ, ਤਾਂ ਜੋ ਕਿਸਾਨਾਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਲਾਂ ਦਾ ਜਲਦ ਤੋਂ ਜਲਦ ਨਿਪਟਾਰਾ ਕੀਤਾ ਜਾ ਸਕੇ।

# ਤਿਉਹਾਰਾਂ ਨੂੰ ਮੁੱਖ ਰੱਖਦਿਆਂ ਮੋਹਾਲੀ ਪੁਲਿਸ ਵੱਲੋਂ ਨਿਵੇਕਲੀ ਪਹਿਲ, ਦੁਕਾਨਦਾਰਾਂ ਅਤੇ ਮਾਰਕੀਟ ਐਸੋਸੀਏਸ਼ਨ ਦੇ ਆਗੂਆਂ ਨਾਲ ਕੀਤਾ ਵਿਚਾਰ-ਵਟਾਂਦਰਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 9 ਅਕਤੂਬਰ (ਪੈ.ਗਾਮ-ਏ-ਜਗਤ)**

ਡੀਜੀਪੀ ਪੰਜਾਬ ਅਤੇ ਡੀ ਆਈ ਜੀ ਰੋਪੜ ਰੇਂਜ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਐਸਐਸਪੀਐਸਏਐਸ ਨਗਰ ਵਰੁਣ ਸ਼ਰਮਾ, ਆਈ ਪੀ ਐਸ ਡੀ ਅਗਵਾਈ ਵਿੱਚ ਮੋਹਾਲੀ ਪੁਲਿਸ ਵੱਲੋਂ ਤਿਉਹਾਰਾਂ ਦੇ ਮੱਦੇਨਜ਼ਰ ਲੋਕਾਂ ਦੀ ਸੁਰੱਖਿਆ, ਸੁਚਾਰੂ ਟ੍ਰੈਫਿਕ ਪ੍ਰਬੰਧ ਅਤੇ ਬਾਜ਼ਾਰਾਂ ਵਿੱਚ ਸੁਖਾਵੇਂ ਮਾਹੌਲ ਨੂੰ ਯਕੀਨੀ ਬਣਾਉਣ ਲਈ ਨਿਵੇਕਲੀ ਪਹਿਲ ਕੀਤੀ ਗਈ।

ਇਸ ਤਹਿਤ ਐਸ ਪੀ ਸਿਟੀ ਮੋਹਾਲੀ ਦਿਲਪ੍ਰੀਤ ਸਿੰਘ ਵੱਲੋਂ ਦੁਕਾਨਦਾਰਾਂ ਅਤੇ ਮਾਰਕੀਟ ਐਸੋਸੀਏਸ਼ਨ ਦੇ ਆਗੂਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਸੁਣੇ ਗਏ। ਇਸ ਮੌਕੇ ਬਾਜ਼ਾਰਾਂ ਵਿੱਚ ਸੁਰੱਖਿਆ ਪ੍ਰਬੰਧਾਂ, ਪਾਰਕਿੰਗ, ਟ੍ਰੈਫਿਕ, ਭੀੜ-ਭਾੜ ਅਤੇ ਹੋਰ ਜਨਤਕ ਸੁਵਿਧਾਵਾਂ ਨਾਲ ਸਬੰਧਤ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਐਸਪੀ ਸਿਟੀ ਮੋਹਾਲੀ ਵੱਲੋਂ ਦੁਕਾਨਦਾਰਾਂ ਨੂੰ ਭਰੋਸਾ ਦਿਵਾਇਆ ਗਿਆ ਕਿ ਤਿਉਹਾਰਾਂ ਦੌਰਾਨ ਆਮ ਲੋਕਾਂ ਅਤੇ ਵਪਾਰੀਆਂ ਦੀ ਸੁਰੱਖਿਆ ਲਈ ਮੋਹਾਲੀ ਪੁਲਿਸ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ।

ਨਾਲ ਹੀ ਦੁਕਾਨਦਾਰਾਂ ਵੱਲੋਂ ਸਾਹਮਣੇ ਲਿਆਂਦੀਆਂ ਜਾਇਜ਼ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਜਾਣਗੇ। ਮੋਹਾਲੀ ਪੁਲਿਸ ਵੱਲੋਂ ਲੋਕਾਂ ਅਤੇ ਵਪਾਰੀਆਂ ਨਾਲ ਬਿਹਤਰ ਤਾਲਮੇਲ ਰਾਹੀਂ ਤਿਉਹਾਰਾਂ ਦੌਰਾਨ ਸੁਰੱਖਿਅਤ ਅਤੇ ਸੁਖਾਵਾਂ ਮਾਹੌਲ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ।



# ਰਾਜਕੀ ਆਈਟੀਆਈ ਹਾਂਸੀ ਵਿੱਚ ਸੇਵਾ ਫਰਸਟ ਇਨੋਵੇਸ਼ਨ ਚੈਲੇਂਜ ਅਤੇ ਕਰੀਅਰ ਕਾਉਂਸਲਿੰਗ ਸੈਸ਼ਨ ਆਯੋਜਿਤ

## 400 ਤੋਂ ਵੱਧ ਵਿਦਿਆਰਥੀਆਂ ਨੇ ਲਿਆ ਹਿੱਸਾ

**ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)**

ਰਾਜਕੀ ਉਦਯੋਗਿਕ ਸਿਖਲਾਈ ਸੰਸਥਾਨ, ਹਾਂਸੀ ਵਿੱਚ ਸੇਵਾ ਸੰਕਲਪ ਅਭਿਆਨ ਦੇ ਤਹਿਤ ਸੇਵਾ ਫਰਸਟ ਇਨੋਵੇਸ਼ਨ ਚੈਲੇਂਜ ਅਤੇ ਕਰੀਅਰ ਕਾਉਂਸਲਿੰਗ ਸੈਸ਼ਨ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਵਿੱਚ ਹੁਨਰ ਵਿਕਾਸ ਅਤੇ ਉੱਦਮਸ਼ੀਲਤਾ ਮੰਤਰਾਲਾ, ਭਾਰਤ ਸਰਕਾਰ ਦੀ ਰਾਸ਼ਟਰੀ ਸਲਾਹਕਾਰ ਮੈਂਬਰ ਡਾ. ਨੇਹਾ ਧਵਨ ਮੁੱਖ ਮਹਿਮਾਨ ਰਹੇ। ਪ੍ਰੋਗਰਾਮ ਦੀ ਪ੍ਰਧਾਨਗੀ ਸੰਸਥਾਨ ਦੇ ਪ੍ਰਿੰਸੀਪਲ ਭੂਪ ਸਿੰਘ ਨੇ ਕੀਤੀ। ਇਸ ਮੌਕੇ 'ਤੇ ਉਪ-ਪ੍ਰਿੰਸੀਪਲ ਅਨੁਜ ਕੁਮਾਰ ਅਤੇ ਅਪ੍ਰੈਂਟਿਸਸ਼ਿਪ ਅਤੇ ਪਲੇਸਮੈਂਟ ਅਧਿਕਾਰੀ ਜਿਤੇਂਦਰ ਕੁਮਾਰ ਵੀ ਹਾਜ਼ਰ ਰਹੇ। ਪ੍ਰੋਗਰਾਮ ਵਿੱਚ 400 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ। ਡਾ. ਨੇਹਾ ਧਵਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਨਵਾਚਾਰ, ਨਵੀਆਂ ਤਕਨੀਕਾਂ ਅਤੇ ਉੱਦਮਸ਼ੀਲਤਾ ਦੇ ਵਧਦੇ ਮੌਕਿਆਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਆਲੇ-ਦੁਆਲੇ ਦੀਆਂ ਸਮੱਸਿਆਵਾਂ ਦੀ ਪਛਾਣ ਕਰ ਉਨ੍ਹਾਂ ਦੇ ਵਿਹਾਰਕ ਅਤੇ ਰਚਨਾਤਮਕ ਹੱਲ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀ ਆਪਣੇ ਤਕਨੀਕੀ ਗਿਆਨ, ਹੁਨਰ ਅਤੇ ਰਚਨਾਤਮਕ ਸੋਚ ਦੇ ਰਾਹੀਂ ਸਮਾਜ ਅਤੇ ਰਾਸ਼ਟਰ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਦੇ ਸਕਦੇ ਹਨ।



ਉਨ੍ਹਾਂ ਨੇ ਦੇਸ਼ ਵਿੱਚ ਨਵਾਚਾਰ, ਸਟਾਰਟਅੱਪ ਸੱਭਿਆਚਾਰ, ਹੁਨਰ ਵਿਕਾਸ ਅਤੇ ਆਤਮ-ਨਿਰਭਰਤਾ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਦੀ ਜਾਣਕਾਰੀ ਦਿੰਦਿਆਂ ਕੇਂਦਰ ਅਤੇ ਹਰਿਆਣਾ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਪਹਿਲਾਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੇਵਾ ਫਰਸਟ ਇਨੋਵੇਸ਼ਨ ਚੈਲੇਂਜ ਦੇ ਰਾਹੀਂ ਆਪਣੇ ਨਵੇਂ ਵਿਚਾਰਾਂ ਅਤੇ ਤਕਨੀਕੀ ਪ੍ਰੋਜੈਕਟਾਂ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ। ਕਰੀਅਰ ਕਾਉਂਸਲਿੰਗ ਸੈਸ਼ਨ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਰੁਚੀ, ਯੋਗਤਾ ਅਤੇ ਹੁਨਰ ਅਨੁਸਾਰ ਕਰੀਅਰ ਚੁਣਨ ਅਤੇ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਮੌਕਿਆਂ ਦਾ ਲਾਭ ਉਠਾਉਣ ਦੀ ਸਲਾਹ ਦਿੱਤੀ। ਪ੍ਰਿੰਸੀਪਲ ਭੂਪ ਸਿੰਘ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ, ਆਤਮ-ਵਿਸ਼ਵਾਸ, ਨਵਾਚਾਰ ਅਤੇ ਉੱਦਮਸ਼ੀਲਤਾ ਦੀ ਭਾਵਨਾ ਵਿਕਸਿਤ ਕਰਨ ਵਿੱਚ ਸਹਾਇਕ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਤਕਨੀਕੀ ਸਿਖਲਾਈ ਦਾ ਉਪਯੋਗ ਨਵੇਂ ਵਿਚਾਰਾਂ ਨੂੰ ਵਿਕਸਿਤ ਕਰਨ ਅਤੇ ਸਮਾਜਿਕ ਸਮੱਸਿਆਵਾਂ ਦੇ ਹੱਲ ਲਈ ਕਰਨ ਦਾ ਸੱਦਾ ਦਿੱਤਾ। ਉਪ-ਪ੍ਰਿੰਸੀਪਲ ਅਨੁਜ ਕੁਮਾਰ ਅਤੇ ਅਪ੍ਰੈਂਟਿਸਸ਼ਿਪ ਅਤੇ ਪਲੇਸਮੈਂਟ ਅਧਿਕਾਰੀ ਜਿਤੇਂਦਰ ਕੁਮਾਰ ਨੇ ਵੀ ਵਿਦਿਆਰਥੀਆਂ ਨੂੰ ਹੁਨਰ ਵਿਕਾਸ, ਕਰੀਅਰ ਨਿਰਮਾਣ ਅਤੇ ਰੁਜ਼ਗਾਰ ਦੇ ਨਵੇਂ ਮੌਕਿਆਂ ਪ੍ਰਤੀ ਜਾਗਰੂਕ ਰਹਿਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਨਵਾਚਾਰ ਅਤੇ ਉੱਦਮਸ਼ੀਲਤਾ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਦੇ ਭਵਿੱਖ ਦੇ ਕਰੀਅਰ ਨੂੰ ਸਹੀ ਦਿਸ਼ਾ ਪ੍ਰਦਾਨ ਕਰਨਾ ਰਿਹਾ।

# 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' : ਸਿਵਲ ਸਰਜਨ ਵਲੋਂ ਪੁਲਸ ਚੌਕੀ ਦੀ ਚੈਕਿੰਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 9 ਅਕਤੂਬਰ, (ਪੈ.ਗਾਮ-ਏ-ਜਗਤ)**

ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਲਈ ਵਿੱਢੀ ਗਈ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਅੱਜ ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਵਿੱਚ ਸਿਹਤ ਵਿਭਾਗ ਦੀ ਟੀਮ ਵੱਲੋਂ ਫੇਜ਼ 6 ਸਿਵਲ ਹਸਪਤਾਲ ਵਿਚ ਪੈਂਦੀ ਪੁਲਿਸ ਚੌਕੀ ਦੀ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਸਟਾਫ਼ ਨੂੰ ਡੇਂਗੂ ਪ੍ਰਤੀ ਜਾਗਰੂਕ ਕੀਤਾ ਗਿਆ।

ਇਸ ਚੈਕਿੰਗ ਦੌਰਾਨ ਸਿਹਤ ਵਿਭਾਗ ਦੀ ਵਿਸ਼ੇਸ਼ ਟੀਮ, ਜਿਸ ਵਿੱਚ ਡਾ ਪ੍ਰਮਿੰਦਰਜੀਤ ਸਿੰਘ ਐਸ ਐਮ ਓ ,ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਵੀ ਹਾਜ਼ਰ ਸਨ, ਵੱਲੋਂ ਥਾਣੇ ਦੇ ਵੱਖ-ਵੱਖ ਹਿੱਸਿਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਟੀਮ ਨੇ ਥਾਣਾ ਕੰਪਲੈਕਸ ਅੰਦਰ ਪਾਣੀ ਦੇ ਜਮ?ਹਾਂ ਹੋਣ ਵਾਲੀਆਂ ਸੰਭਾਵੀ ਥਾਵਾਂ, ਜਿਵੇਂ ਕੂਲਰਾਂ, ਗਮਲਿਆਂ, ਕਬਾੜ ਅਤੇ ਖੁੱਲ੍ਹੇ ਟੈਂਕਾਂ ਦਾ ਨਿਰੀਖਣ ਕੀਤਾ। ਡਾ. ਸੰਗੀਤਾ ਜੈਨ ਨੇ ਇਸ ਮੌਕੇ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ਼ ਅਤੇ ਖੜ੍ਹੇ ਪਾਣੀ ਵਿੱਚ ਪਲਦਾ ਹੈ, ਇਸ ਲਈ ਸਾਨੂੰ ਸਾਰਿਆਂ ਨੂੰ ਆਪਣੇ ਆਲੇ-ਦੁਆਲੇ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ। ਉਨ੍ਹਾਂ ਪੁਲਸ ਮੁਲਾਜ਼ਮਾਂ ਅਤੇ ਹਾਜ਼ਰ ਸਟਾਫ਼ ਨੂੰ ਅਪੀਲ ਕੀਤੀ ਕਿ ਹਰ ਸ਼ੁੱਕਰਵਾਰ ਨੂੰ 'ਡਰਾਈ ਡੇ' ਵਜੋਂ ਮਨਾਇਆ ਜਾਵੇ ਅਤੇ ਸਾਰੀਆਂ ਅਜਿਹੀਆਂ ਥਾਵਾਂ ਨੂੰ ਸਾਫ਼ ਤੇ ਸੁੱਕਾ ਰੱਖਿਆ ਜਾਵੇ ਜਿਥੇ ਮੱਛਰਾਂ ਦੇ ਪਲਣ ਦਾ ਖ਼ਤਰਾ ਹੋਵੇ।

ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਨੇ ਵੀ ਡੇਂਗੂ ਦੇ ਲੱਛਣਾਂ ਅਤੇ ਇਸ ਤੋਂ ਬਚਾਅ ਦੇ ਤਰੀਕਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਿਹਤ ਵਿਭਾਗ ਦੀ ਟੀਮ ਵੱਲੋਂ ਚੌਕੀ ਸਟਾਫ਼ ਨੂੰ ਸਿਹਤ ਸਲਾਹਾਂ ਦੀ ਪਾਲਣਾ ਕਰਨ ਅਤੇ ਡੇਂਗੂ ਵਿਰੁੱਧ ਇਸ ਲੜਾਈ ਵਿੱਚ ਪ੍ਰਸ਼ਾਸਨ ਦਾ ਸਾਥ ਦੇਣ ਦੀ ਅਪੀਲ ਕੀਤੀ ਗਈ।



# ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਹਰੇੜੀ ਵਿਖੇ 166.98 ਲੱਖ ਰੁਪਏ ਦੀ ਲਾਗਤ ਵਾਲੇ ਸਿੰਚਾਈ ਪ੍ਰੋਜੈਕਟ ਦਾ ਨੀਂਹ ਪੱਥਰ

**ਸੰਗਰੂਰ, 9 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਲਈ ਪਾਣੀ ਦੇ ਬਦਲਵੇਂ ਸਰੋਤ ਵਿਕਸਿਤ ਕਰਨ ਅਤੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਪਿੰਡ ਹਰੇੜੀ ਵਿਖੇ ਇੱਕ ਮਹੱਤਵਪੂਰਨ ਸਿੰਚਾਈ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ। ਇਸ ਪ੍ਰੋਜੈਕਟ ਰਾਹੀਂ ਸੰਗਰੂਰ ਦੇ 4 ਐੱਮ.ਐੱਲ.ਡੀ. ਸਮਰੱਥਾ ਵਾਲੇ ਸੀਵਰੇਜ ਟਰੀਟਮੈਂਟ ਪਲਾਂਟ ਦੇ ਸੋਧੇ ਹੋਏ ਪਾਣੀ ਨੂੰ ਜ਼ਮੀਨਦੋਜ਼ ਪਾਈਪਾਂ ਰਾਹੀਂ ਖੇਤਾਂ ਤੱਕ ਪਹੁੰਚਾ ਕੇ ਸਿੰਚਾਈ ਲਈ ਵਰਤਿਆ ਜਾਵੇਗਾ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੱਸਿਆ ਕਿ ਪ੍ਰੋਜੈਕਟ ਦੀ ਉਸਾਰੀ 'ਤੇ ਕੁੱਲ 166.98 ਲੱਖ ਰੁਪਏ ਖ਼ਰਚ ਕੀਤੇ ਜਾਣਗੇ ਅਤੇ ਇਹ ਸਮੁੱਚੀ ਰਾਸ਼ੀ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਪ੍ਰੋਜੈਕਟ ਤਹਿਤ ਕਰੀਬ 121 ਹੈਕਟੇਅਰ ਰਕਬੇ ਨੂੰ ਸਿੰਚਾਈ ਦੀ ਸਹੂਲਤ ਮਿਲੇਗੀ ਅਤੇ 52 ਕਿਸਾਨ ਪਰਿਵਾਰਾਂ ਨੂੰ ਸਿੱਧਾ ਲਾਭ ਪਹੁੰਚੇਗਾ। ਵਿਧਾਇਕ ਨੇ ਕਿਹਾ ਕਿ ਸੋਧੇ ਹੋਏ ਪਾਣੀ ਦੀ ਖੇਤੀਬਾੜੀ ਲਈ ਵਰਤੋਂ ਨਾਲ ਕਿਸਾਨਾਂ ਨੂੰ ਸਿੰਚਾਈ ਦਾ ਇੱਕ ਵਾਧੂ ਸਰੋਤ ਉਪਲਬਧ ਹੋਵੇਗਾ। ਇਸ ਨਾਲ ਫ਼ਸਲਾਂ ਦੀ ਪੈਦਾਵਾਰ ਵਿੱਚ ਵਾਧੇ ਦੀ ਸੰਭਾਵਨਾ ਦੇ ਨਾਲ-ਨਾਲ ਧਰਤੀ ਹੇਠਲੇ ਪਾਣੀ ਦੀ 20 ਤੋਂ 30 ਫ਼ੀਸਦੀ ਤੱਕ ਬੱਚਤ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਪਾਣੀ ਦੀ ਹਰ ਬੂੰਦ ਦੀ ਸੁਚੱਜੀ ਵਰਤੋਂ ਯਕੀਨੀ ਬਣਾਉਣਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇਸ ਅਨਮੋਲ ਕੁਦਰਤੀ ਸਰੋਤ ਨੂੰ ਸੰਭਾਲਣਾ ਸਾਂਝੀ ਜ਼ਿੰਮੇਵਾਰੀ ਹੈ। ਪਿੰਡ ਵਿਖੇ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਬਿਹਤਰ ਸਿੰਚਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।

# ਘਰ-ਦੁਕਾਨ ਦੀ ਸੁਰੱਖਿਆ ਵਿੱਚ ਲਾਪਰਵਾਹੀ ਨਾ ਵਰਤੋ ਅਤੇ ਸ਼ੱਕੀ ਗਤੀਵਿਧੀਆਂ 'ਤੇ ਰੱਖੋ ਨਜ਼ਰ : ਐਸਪੀ ਵਿਨੋਦ ਕੁਮਾਰ

**ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)**

ਪੁਲਿਸ ਸੁਪਰਡੈਂਟ ਹਾਂਸੀ ਵਿਨੋਦ ਕੁਮਾਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਘਰਾਂ, ਦੁਕਾਨਾਂ ਅਤੇ ਹੋਰ ਵਪਾਰਕ ਅਦਾਰਿਆਂ ਦੀ ਸੁਰੱਖਿਆ ਨੂੰ ਲੈ ਕੇ ਸੁਚੇਤ ਰਹਿਣ। ਥੋੜ੍ਹੀ ਜਿਹੀ ਲਾਪਰਵਾਹੀ ਚੋਰਾਂ ਨੂੰ ਵਾਰਦਾਤ ਦਾ ਮੌਕਾ ਦੇ ਸਕਦੀ ਹੈ, ਇਸ ਲਈ ਸਮੇਂ ਸਿਰ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕਰਨਾ ਬਹੁਤ ਜ਼ਰੂਰੀ ਹੈ।

- **ਹਾਂਸੀ ਪੁਲਿਸ ਦੀ ਐਡਵਾਈਜ਼ਰੀ, ਚੋਰੀ ਦੀਆਂ ਘਟਨਾਵਾਂ ਤੋਂ ਬਚਣ ਲਈ ਆਮ ਲੋਕਾਂ ਨੂੰ ਸੁਚੇਤ ਰਹਿਣ ਦੀ ਅਪੀਲ**



ਘਰ ਤੋਂ ਬਾਹਰ ਜਾਂਦੇ ਸਮੇਂ ਸਾਰੇ ਦਰਵਾਜ਼ਿਆਂ, ਖਿੜਕੀਆਂ ਅਤੇ ਤਾਲਿਆਂ ਦੀ ਚੰਗੀ ਤਰ੍ਹਾਂ ਜਾਂਚ ਕਰੋ। ਘਰ ਵਿੱਚ ਜ਼ਿਆਦਾ ਨਕਦੀ ਅਤੇ ਕੀਮਤੀ ਸਾਮਾਨ ਰੱਖਣ ਤੋਂ ਬਚੋ। ਲੰਬੇ ਸਮੇਂ ਲਈ ਬਾਹਰ ਜਾਣ 'ਤੇ ਕਿਸੇ ਭਰੋਸੇਯੋਗ ਗੁਆਂਢੀ, ਪੁਲਿਸ ਜਾਂ ਰਿਸ਼ਤੇਦਾਰ ਨੂੰ ਇਸ ਦੀ ਜਾਣਕਾਰੀ ਦਿਓ। ਘਰ ਦੀ ਚਾਬੀ ਕਿਸੇ ਅਣਜਾਣ ਵਿਅਕਤੀ ਨੂੰ ਨਾ ਸੌਂਪੋ ਅਤੇ ਸੋਸ਼ਲ ਮੀਡੀਆ 'ਤੇ ਘਰ ਖਾਲੀ ਹੋਣ ਦੀ ਜਾਣਕਾਰੀ ਜਨਤਕ ਨਾ ਕਰੋ। ਐਸਪੀ ਵਿਨੋਦ ਕੁਮਾਰ ਨੇ ਕਿਹਾ ਕਿ ਘਰਾਂ, ਦੁਕਾਨਾਂ, ਗੋਦਾਮਾਂ ਅਤੇ ਹੋਰ ਅਦਾਰਿਆਂ 'ਤੇ ਚੰਗੀ ਗੁਣਵੱਤਾ ਦੇ ਸੀਸੀਟੀਵੀ ਕੈਮਰੇ ਲਗਵਾਓ। ਕੈਮਰਿਆਂ ਦੀ ਦਿਸ਼ਾ ਅਜਿਹੀ ਰੱਖੋ ਕਿ ਮੁੱਖ ਦਰਵਾਜ਼ਿਆਂ ਅਤੇ ਆਉਣ-ਜਾਣ ਵਾਲੇ ਰਸਤਿਆਂ ਦੀਆਂ ਗਤੀਵਿਧੀਆਂ ਸਪਸ਼ਟ ਰੂਪ ਨਾਲ ਰਿਕਾਰਡ ਹੋ ਸਕਣ। ਸੀਸੀਟੀਵੀ ਕੈਮਰਿਆਂ ਦੀ ਨਿਯਮਤ ਜਾਂਚ ਕਰੋ ਅਤੇ ਰਿਕਾਰਡਿੰਗ ਸੁਰੱਖਿਅਤ ਰੱਖੋ। ਘਰ ਅਤੇ ਦੁਕਾਨ ਦੇ ਆਲੇ-ਦੁਆਲੇ ਲੋੜੀਂਦੀ ਰੌਸ਼ਨੀ ਦਾ ਪ੍ਰਬੰਧ ਵੀ ਯਕੀਨੀ ਬਣਾਓ। ਮਕਾਨ ਮਾਲਕ ਆਪਣੇ ਕਿਰਾਏਦਾਰਾਂ ਅਤੇ ਘਰੇਲੂ ਸਹਾਇਕਾਂ ਦੀ ਪੁਲਿਸ ਤਸਦੀਕ ਜ਼ਰੂਰ ਕਰਵਾਉਣ। ਘਰ ਜਾਂ ਦੁਕਾਨ ਦੇ ਆਲੇ-ਦੁਆਲੇ ਕੋਈ ਸ਼ੱਕੀ ਵਿਅਕਤੀ ਜਾਂ ਵਾਹਨ ਦਿਖਾਈ ਦੇਣ 'ਤੇ ਸੁਚੇਤ ਰਹੋ ਅਤੇ ਤੁਰੰਤ ਪੁਲਿਸ ਨੂੰ ਸੂਚਨਾ ਦਿਓ।

ਦੁਕਾਨ ਬੰਦ ਕਰਦੇ ਸਮੇਂ ਨਕਦੀ, ਗਹਿਣੇ ਅਤੇ ਹੋਰ ਕੀਮਤੀ ਸਾਮਾਨ ਸੁਰੱਖਿਅਤ ਥਾਂ 'ਤੇ ਰੱਖੋ। ਸ਼ਟਰ, ਤਾਲੇ ਅਤੇ ਸੁਰੱਖਿਆ ਉਪਕਰਣਾਂ ਦੀ ਜਾਂਚ ਕਰਨ ਤੋਂ ਬਾਅਦ ਹੀ ਦੁਕਾਨ ਬੰਦ ਕਰੋ। ਸੰਭਵ ਹੋਵੇ ਤਾਂ ਸੁਰੱਖਿਆ ਅਲਾਰਮ ਵਰਗੇ ਵਾਧੂ ਉਪਕਰਣਾਂ ਦੀ ਵੀ ਵਰਤੋਂ ਕਰੋ।

ਚੋਰੀ ਦੀ ਕਿਸੇ ਵੀ ਘਟਨਾ ਦੀ ਜਾਣਕਾਰੀ ਤੁਰੰਤ ਪੁਲਿਸ ਨੂੰ ਦਿਓ। ਘਟਨਾ ਵਾਲੀ ਥਾਂ 'ਤੇ ਮੌਜੂਦ ਵਸਤੂਆਂ ਨੂੰ ਬੇਲੋੜੇ ਤੌਰ 'ਤੇ ਨਾ ਛੂਹੋ, ਤਾਂ ਜੋ ਪੁਲਿਸ ਟੀਮ ਸਬੂਤ ਇਕੱਠੇ ਕਰ ਸਕੇ। ਸੁਚੇਤਤਾ ਵਰਤੋ, ਸੁਰੱਖਿਆ ਦੇ ਪ੍ਰਬੰਧ ਮਜ਼ਬੂਤ ਰੱਖੋ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਨੂੰ ਅਣਦੇਖਿਆ ਨਾ ਕਰੋ।

# ਪਟਿਆਲਾ ਦੀ ਪੱਤਰਕਾਰੀ ਵਿਰਾਸਤ ਨੂੰ ਮਿਲਿਆ ਇਤਿਹਾਸਕ ਦਸਤਾਵੇਜ਼ : ਪ੍ਰਿੰਸੀਪਲ ਬਾਬੂ ਸਿੰਘ ਗੁਰਮ

## ਉਜਾਗਰ ਸਿੰਘ ਵੱਲੋਂ ਲਿਖਿਤ ਪੁਸਤਕ 'ਪਟਿਆਲਵੀ ਪੱਤਰਕਾਰ' ਦਾ ਵਿਮੋਚਨ

ਪੈ.ਗਾਮ-ਏ-ਜਗਤ
ਪਟਿਆਲਾ, 9 ਅਕਤੂਬਰ
(ਪਰਮਜੀਤ ਸਿੰਘ ਪਰਵਾਨਾ)

ਪਟਿਆਲਾ ਦੇ ਪ੍ਰਸਿੱਧ ਸਿਖਿਆ ਸ਼ਾਸਤਰੀ ਅਤੇ ਸਮਾਜ ਸੇਵਕ ਪ੍ਰਿੰਸੀਪਲ ਬਾਬੂ ਸਿੰਘ ਗੁਰਮ ਨੇ ਅੱਜ ਇਥੇ ਪੰਜਾਬ ਦੇ ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਫਸਰ ਉਜਾਗਰ ਸਿੰਘ ਵੱਲੋਂ ਪੰਜਾਬੀ ਭਾਸ਼ਾ ਵਿਚ ਲਿਖੀ ਕਿਤਾਬ 'ਪਟਿਆਲਵੀ ਪੱਤਰਕਾਰ' ਦਾ ਵਿਮੋਚਨ ਕੀਤਾ।



ਇਸ ਮੌਕੇ ਉਨ੍ਹਾਂ ਕਿਤਾਬ ਦੇ ਲੇਖਕ ਨੂੰ ਇਸ ਮਹੱਤਵਪੂਰਨ ਉਪਰਾਲੇ ਲਈ ਵਧਾਈ ਦਿੰਦਿਆਂ ਕਿਹਾ ਕਿ ਪੱਤਰਕਾਰਤਾ ਦੇ ਖੇਤਰ ਵਿੱਚ ਵਡਮੁੱਲੇ ਯੋਗਦਾਨ ਪਾਉਣ ਵਾਲੇ ਪੱਤਰਕਾਰਾਂ ਦੇ ਜੀਵਨ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਸਮਾਜ ਪ੍ਰਤੀ ਸੇਵਾਵਾਂ ਨੂੰ ਕਲਮਬੱਧ ਕਰਨਾ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਕੀਮਤੀ ਦਸਤਾਵੇਜ਼ ਸਾਬਤ ਹੋਵੇਗਾ। ਉਜਾਗਰ ਸਿੰਘ ਨੇ ਦੱਸਿਆ ਕਿ ਪਟਿਆਲਵੀ ਪੱਤਰਕਾਰ ਕਿਤਾਬ ਦੀ ਪ੍ਰਕਾਸ਼ਨਾ ਲਈ ਸਪਾਂਸਰਸ਼ਿਪ ਪ੍ਰਿੰਸੀਪਲ ਬਾਬੂ ਸਿੰਘ ਗੁਰਮ ਵੱਲੋਂ ਕੀਤੀ ਗਈ ਹੈ ਜਿਸ ਲਈ ਉਹ ਧੰਨਵਾਦ ਦੇ ਪਾਤਰ ਹਨ। ਉਜਾਗਰ ਸਿੰਘ ਨੇ ਇਸ ਕਿਤਾਬ ਵਿੱਚ ਪਟਿਆਲਾ ਨਾਲ ਸਬੰਧਤ ਵੱਖ-ਵੱਖ ਸਮਿਆਂ ਦੇ ਲਗਭਗ 158 ਪੱਤਰਕਾਰਾਂ ਦੇ ਜੀਵਨ, ਪੱਤਰਕਾਰੀ ਸਫ਼ਰ ਅਤੇ ਸਮਾਜ ਪ੍ਰਤੀ ਉਨ੍ਹਾਂ ਦੇ ਵਡਮੁੱਲੇ ਯੋਗਦਾਨ 'ਤੇ ਵਿਸਥਾਰ ਨਾਲ ਰੌਸ਼ਨੀ ਪਾਈ ਹੈ।

ਕਿਤਾਬ ਰਾਹੀਂ ਪਟਿਆਲਾ ਦੀ ਪੱਤਰਕਾਰੀ ਵਿਰਾਸਤ ਨੂੰ ਸੰਭਾਲਣ ਅਤੇ ਪਾਠਕਾਂ ਤਕ ਪਹੁੰਚਾਉਣ ਦਾ ਸਾਰਥਕ ਉਪਰਾਲਾ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਉਜਾਗਰ ਸਿੰਘ ਇਸ ਤੋਂ ਪਹਿਲਾਂ ਵੀ ਵੱਖ-ਵੱਖ ਸਮਾਜਿਕ, ਇਤਿਹਾਸਕ, ਰਾਜਨੀਤਕ ਅਤੇ ਸਾਹਿਤਕ ਵਿਸ਼ਿਆਂ 'ਤੇ ਲਗਭਗ 17 ਪੁਸਤਕਾਂ ਲਿਖ ਚੁੱਕੇ ਹਨ। ਇਨ੍ਹਾਂ ਵਿੱਚ 'ਪਟਿਆਲਾ ਦੀ ਵਿਰਾਸਤ', 'ਸਮਕਾਲੀ ਸਮਾਜ', 'ਸਿਆਸਤ ਅਤੇ ਲੋਕ ਸੰਪਰਕ', 'ਪੰਜਾਬ ਦੇ 52 ਰਤਨ ਹੀਰੇ', 'ਸਰਦਾਰ ਬੇਅੰਤ ਸਿੰਘ ਕਤਲ ਦਾ ਅਸਲ ਸੱਚ', 'ਪੰਜਾਬ ਦੀਆਂ ਅਨਮੋਲ ਰਤਨ ਸ਼ਖ਼ਸੀਅਤਾਂ' ਅਤੇ 'ਆਪਣੇ ਸਿੱਖ ਸਮਾਜ ਦੇ ਮਸਲੇ' ਸਮੇਤ ਹੋਰ ਪੁਸਤਕਾਂ ਸ਼ਾਮਲ ਹਨ। ਪ੍ਰਿੰਸੀਪਲ ਬਾਬੂ ਸਿੰਘ ਗੁਰਮ ਨੇ ਉਜਾਗਰ ਸਿੰਘ ਦੀ ਲੇਖਣੀ ਅਤੇ ਖੋਜ-ਅਧਾਰਿਤ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਲਿਖਤਾਂ ਸਮਾਜ ਦੀਆਂ ਮਹੱਤਵਪੂਰਨ ਸ਼ਖ਼ਸੀਅਤਾਂ ਅਤੇ ਘਟਨਾਵਾਂ ਨੂੰ ਇਤਿਹਾਸ ਦੇ ਪੰਨਿਆਂ 'ਤੇ ਸੁਰੱਖਿਅਤ ਰੱਖਣ ਵਿੱਚ ਵਡਮੁੱਲਾ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਹੋਰ ਲੇਖਕ ਵੀ ਅਜਿਹੇ ਵਿਸ਼ਿਆਂ 'ਤੇ ਲਿਖਣ ਲਈ ਪਹਿਲ ਕਦਮੀ ਕਰਨਗੇ ਅਤੇ ਆਪਣੀ ਕਲਮ ਰਾਹੀਂ ਸਮਾਜ ਨੂੰ ਸਾਰਥਕ ਸੇਧ ਦੇਣਗੇ। ਉਨ੍ਹਾਂ ਕਿਹਾ ਕਿ 'ਪਟਿਆਲਵੀ ਪੱਤਰਕਾਰ' ਪਟਿਆਲਾ ਦੀ ਪੱਤਰਕਾਰੀ ਵਿਰਾਸਤ ਨੂੰ ਸਮਝਣ ਵਾਲੇ ਪਾਠਕਾਂ, ਖੋਜਾਰਥੀਆਂ ਅਤੇ ਨਵੀਂ ਪੀੜ੍ਹੀ ਲਈ ਇੱਕ ਲਾਹੇਵੰਦ ਪੁਸਤਕ ਸਾਬਤ ਹੋਵੇਗੀ। ਇਸ ਮੌਕੇ ਉਜਾਗਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਮਿੱਤਰ ਤੇ ਪਟਿਆਲਾ ਦੇ ਪ੍ਰਸਿੱਧ ਪੱਤਰਕਾਰ ਸਵਰਗੀ ਸ. ਸੋਹਣ ਸਿੰਘ, ਜੋ ਕਿ ਤੀਰ ਕਮਾਨ ਸਿਰਲੇਖ ਅਧੀਨ ਰੋਜ਼ਾਨਾ ਅਖਬਾਰ ਚਲਾਉਂਦੇ ਸਨ, ਦੇ ਸਪੁੱਤਰ ਮਨਮੋਹਨ ਸਿੰਘ ਸਾਬਕਾ ਉਪ ਸਕੱਤਰ ਲੋਕ ਸੰਪਰਕ ਵਿਭਾਗ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਪਟਿਆਲਵੀ ਪੱਤਰਕਾਰ ਕਿਤਾਬ ਦਾ ਦੂਸਰਾ ਐਡੀਸ਼ਨ ਆਉਂਦੇ 6 ਮਹੀਨਿਆਂ ਵਿੱਚ ਪ੍ਰਕਾਸ਼ਿਤ ਕਰਨ ਅਤੇ ÷ਪਟਿਆਲਵੀ ਪੱਤਰਕਾਰ÷ ਕਿਤਾਬ ਨੂੰ ਪੰਜਾਬ ਰਾਜ ਦੀਆਂ ਯੂਨੀਵਰਸਿਟੀਆਂ, ਜਿਥੇ ਪੱਤਰਕਾਰੀ ਵਿਭਾਗ ਹਨ, ਵਿੱਚ ਕਿਤਾਬ ਭੇਜਣ ਦੀ ਵੀ ਜ਼ਿੰਮੇਵਾਰੀ ਲਈ ਹੈ। ਇਸ ਮੌਕੇ 'ਤੇ ਪਟਿਆਲਾ ਦੇ ਕਈ ਨਾਮਵਰ ਮੀਡੀਆ ਮਾਹਰ ਅਤੇ ਸੀਨੀਅਰ ਪੱਤਰਕਾਰ ਜਿਨ੍ਹਾਂ ਵਿੱਚ ਡਾ. ਹਰਜਿੰਦਰ ਸਿੰਘ ਵਾਲੀਆ ਟਾਈਮ ਟੀ.ਵੀ., ਨਰਪਾਲ ਸਿੰਘ ਸ਼ੇਰਗਿੱਲ ਅੰਤਰਰਾਸ਼ਟਰੀ ਪੱਤਰਕਾਰ, ਰਵੇਲ ਭਿੰਡਰ ਸਾਬਕਾ ਪ੍ਰਧਾਨ ਮੀਡੀਆ ਕਲੱਬ ਪਟਿਆਲਾ ਅਤੇ ਸੀਨੀਅਰ ਪੱਤਰਕਾਰ ਪੰਜਾਬੀ ਟ੍ਰਿਬਿਊਨ, ਜਸਵਿੰਦਰ ਸਿੰਘ ਦਾਖਾ, ਸੁਕੰਨਿਆ ਭਾਰਦਵਾਜ, ਗੁਰ ਕ੍ਰਿਪਾਲ ਸਿੰਘ ਅਸ਼ਕ, ਹਰਬੰਸ ਸੋਢੀ, ਗਗਨਦੀਪ ਸਿੰਘ ਆਹੂਜਾ, ਭੂਸ਼ਨ ਸੂਦ,ਜਸਪਾਲ ਸਿੰਘ ਢਿੱਲੋਂ, ਚੌਧਰੀ ਪ੍ਰਭਜੋਤ ਸਿੰਘ ਅਤੇ ਸਤਿੰਦਰ ਸਿੰਘ ਨਰੂਲਾ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਉਜਾਗਰ ਸਿੰਘ ਵੱਲੋਂ ਲਿਖਿਤ ਪਟਿਆਲਵੀ ਪੱਤਰਕਾਰ ਕਿਤਾਬ ਦੀ ਪਹਿਲਕਦਮੀ ਲਈ ਭਰਪੂਰ ਸ਼ਬਦਾਂ ਵਿੱਚ ਸ਼ਲਾਘਾ ਕੀਤੀ ਅਤੇ ਉਜਾਗਰ ਸਿੰਘ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ।

ਬੁਲਾਰਿਆਂ ਨੇ ਕਿਹਾ ਕਿ ਇਹ ਕਿਤਾਬ ਨੌਜਵਾਨ ਪੀੜ੍ਹੀ ਲਈ ਬਹੁਤ ਲਾਹੇਵੰਦ ਸਾਬਤ ਹੋਵੇਗੀ ਅਤੇ ਇਹ ਕਿਤਾਬ ਪਟਿਆਲਾ ਪੱਤਰਕਾਰੀ ਦਾ ਇਕ ਵਿਰਾਸਤ ਦਸਤਾਵੇਜ਼ ਸਾਬਤ ਹੋਵੇਗੀ। ਸਮਾਗਮ ਵਿੱਚ ਪਟਿਆਲਾ ਦੇ ਜ਼ਿਲ੍ਹਾ ਲੋਕ ਸੰਪਰਕ ਅਫਸਰ ਭੂਪੇਸ਼ ਚੱਠਾ ਅਤੇ ਲੋਕ ਸੰਪਰਕ ਵਿਭਾਗ ਦੇ ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਫਸਰ ਕੁਲਜੀਤ ਸਿੰਘ ਵੀ ਸ਼ਾਮਲ ਹੋਏ। ਸਮਾਗਮ ਦੇ ਅੰਤ ਵਿੱਚ ਪਟਿਆਲਾ ਮੀਡੀਆ ਕਲੱਬ ਦੇ ਪ੍ਰਧਾਨ ਪ੍ਰਮੀਤ ਸਿੰਘ ਵੱਲੋਂ ਸਮਾਗਮ ਵਿੱਚ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

# ਭਾਸ਼ਾ ਵਿਭਾਗ ਪੰਜਾਬ ਨੇ 2026 ਦੇ ਸਰਵੋਤਮ ਹਿੰਦੀ ਤੇ ਉਰਦੂ ਪੁਸਤਕ ਪੁਰਸਕਾਰਾਂ ਦਾ ਕੀਤਾ ਐਲਾਨ

- ਪੰਜਾਬੀ ਮਾਹ ਦੌਰਾਨ ਪ੍ਰਦਾਨ ਕੀਤੇ ਜਾਣਗੇ ਪੁਰਸਕਾਰ
- ਭਾਸ਼ਾਵਾਂ ਦੇ ਪ੍ਰਚਾਰ-ਪ੍ਰਸਾਰ ਲਈ ਨਿਰੰਤਰ ਯਤਨ ਕਰਨ ਦੀ ਜ਼ਰੂਰਤ : ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ

ਪੈ.ਗਾਮ-ਏ-ਜਗਤ/ਪਟਿਆਲਾ
9 ਅਕਤੂਬਰ (ਪਰਮਜੀਤ ਸਿੰਘ ਪਰਵਾਨਾ)

ਭਾਸ਼ਾ ਵਿਭਾਗ ਪੰਜਾਬ ਨੇ 2026 ਦੀਆਂ ਪੰਜਾਬੀ ਦੀਆਂ ਪੁਸਤਕਾਂ ਲਈ ਪੁਰਸਕਾਰਾਂ ਤੋਂ ਬਾਅਦ ਅੱਜ ਇਸੇ ਸਾਲ ਲਈ ਹਿੰਦੀ ਅਤੇ ਉਰਦੂ ਭਾਸ਼ਾ ਦੀਆਂ ਪੁਸਤਕਾਂ ਲਈ ਵੀ ਸਰਵੋਤਮ ਪੁਸਤਕ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਸਬੰਧੀ ਡਾਇਰੈਕਟਰ, ਭਾਸ਼ਾ ਵਿਭਾਗ ਜਸਵੰਤ ਸਿੰਘ ਜ਼ਫ਼ਰ, ਨੇ ਦੱਸਿਆ ਕਿ ਇਹ ਪੁਰਸਕਾਰ ਨਵੰਬਰ 2026 ਦੇ ਪੰਜਾਬੀ ਮਾਹ ਦੇ ਰਾਜ ਪੱਧਰੀ ਸਮਾਪਨ ਸਮਾਗਮ ਦੌਰਾਨ ਭਾਸ਼ਾ ਭਵਨ, ਪਟਿਆਲਾ ਵਿਖੇ ਪ੍ਰਦਾਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪੁਰਸਕਾਰਾਂ ਲਈ ਪਿਛਲੇ ਸਾਲ (2025) ਦੌਰਾਨ ਛਪੀਆਂ ਪੁਸਤਕਾਂ ਦੀ ਸਰਵੋਤਮ ਹਿੰਦੀ ਤੇ ਉਰਦੂ ਪੁਸਤਕ ਪੁਰਸਕਾਰਾਂ ਲਈ ਮੰਗ ਕੀਤੀ ਗਈ ਸੀ ਅਤੇ ਵੱਖ-ਵੱਖ ਖੇਤਰਾਂ ਦੇ ਵਿਦਵਾਨ ਵਿਸ਼ਾ ਮਾਹਿਰਾਂ ਤੋਂ ਇਨ੍ਹਾਂ ਪੁਸਤਕਾਂ ਦਾ ਮੁਲਾਂਕਣ ਕਰਵਾਇਆ ਗਿਆ ਅਤੇ ਸਰਵੋਤਮ ਪੁਸਤਕਾਂ ਦੀ ਚੋਣ ਕੀਤੀ ਗਈ।

ਇਸ ਪੁਰਸਕਾਰ 'ਚ ਇਨਾਮੀ ਰਾਸ਼ੀ 31,000/- ਦੇ ਨਾਲ-ਨਾਲ ਇਕ ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਂਟ ਕੀਤਾ ਜਾਵੇਗਾ। ਦੱਸਣਯੋਗ ਹੈ ਕਿ ਇਹ ਪੁਰਸਕਾਰ ਸਾਲ 2025 'ਚ ਛਪੀਆਂ ਹਿੰਦੀ ਤੇ ਉਰਦੂ ਭਾਸ਼ਾ ਦੀਆਂ ਵੱਖ-ਵੱਖ ਵੰਨਗੀਆਂ ਨਾਲ ਸਬੰਧਤ 7 ਸਰਵੋਤਮ ਹਿੰਦੀ ਤੇ ਉਰਦੂ ਪੁਸਤਕਾਂ ਨੂੰ ਦਿੱਤੇ ਜਾਣਗੇ। ਐਲਾਨੇ ਗਏ ਨਤੀਜਿਆਂ ਤਹਿਤ ਸਰਵੋਤਮ ਹਿੰਦੀ ਪੁਸਤਕ ਪੁਰਸਕਾਰਾਂ ਤਹਿਤ ਸੁਦਰਸ਼ਨ ਗਲਪ (ਨਾਵਲ/ਕਹਾਣੀ) ਪੁਰਸਕਾਰ, ਸੁਰੇਸ਼ ਹੰਸ ਦੀ ਪੁਸਤਕ "ਕਸਤੂਰੀ ਕੁੰਡਲ"ਨੂੰ, ਇੰਦਰਨਾਥ ਮਦਾਨ (ਆਲੋਚਨਾ/ ਸੰਪਾਦਨ/ ਗਿਆਨ /ਖੋਜ) ਪੁਰਸਕਾਰ ਡਾ. ਰਾਕੇਸ਼ ਪ੍ਰੇਮ ਦੀ ਪੁਸਤਕ 'ਕਥਾਸ਼ਿਲਪੀ ਪ੍ਰੇਮਚੰਦ' ਨੂੰ, ਬਾਬਾ ਫ਼ਤਹਿ ਸਿੰਘ (ਬਾਲ ਸਾਹਿਤ) ਪੁਰਸਕਾਰ ਡਾ. ਪੂਨਮ ਗੁਪਤਾ ਦੀ ਪੁਸਤਕ 'ਨੰਨ੍ਹੇ ਕਦਮ ਬੜੀ ਬਾਤੇਂ' ਨੂੰ, ਮੋਹਨ ਰਾਕੇਸ਼ ਪੁਰਸਕਾਰ (ਇਕਾਂਗੀ/ਨਾਟਕ) ਪ੍ਰੋ. ਕਸ਼ਮੀਰ ਲੂਨਾ ਦੀ ਪੁਸਤਕ "ਜਨਕ"ਨੂੰ ਪ੍ਰਦਾਨ ਕੀਤਾ ਜਾਵੇਗਾ। ਸਰਵੋਤਮ ਉਰਦੂ ਪੁਸਤਕ ਪੁਰਸਕਾਰ ਤਹਿਤ ਹਾਫ਼ਿਜ਼ ਮਹਿਮੂਦ ਸ਼ੀਰਾਨੀ (ਤਨਕੀਦ)-2025, ਡਾ. ਸਾਲਿਕ ਜਮੀਲ ਬਰਾੜ ਦੀ ਪੁਸਤਕ 'ਉਰਦੂ ਮੇਂ ਅਦਬ-ਏ-ਅਤਲਾਫ਼ ਕਾ ਮੰਜ਼ਰ- ਪਸ਼ੇ ਮੰਜ਼ਰ' ਨੂੰ, ਸਾਹਿਰ ਲੁਧਿਆਣਵੀਂ ਸ਼ਾਇਰੀ ਪੁਰਸਕਾਰ ਹਰਭਜਨ ਸਿੰਘ ਤਸੱਵਰ ਦੀ ਪੁਸਤਕ "ਮਨ ਕੀਸਤਮ ਮਨ ਨੀਸਤਮ"ਨੂੰ, ਕਨ੍ਹਈਆ ਲਾਲ ਪੁਰਸਕਾਰ ਨਸਰ (ਵਾਰਤਕ) ਮਲਕੀਤ ਸਿੰਘ ਮਛਾਣਾ ਦੀ ਪੁਸਤਕ "ਚੁਟਕੀਆਂ"ਨੂੰ ਪ੍ਰਦਾਨ ਕੀਤਾ ਜਾਵੇਗਾ। ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਸਾਰੇ ਪੁਰਸਕਾਰ ਜੇਤੂਆਂ ਨੂੰ ਵਧਾਈਆਂ ਦਿੱਤੀ ਅਤੇ ਕਿਹਾ ਕਿ ਭਾਸ਼ਾਵਾਂ ਦੇ ਪ੍ਰਚਾਰ-ਪ੍ਰਸਾਰ ਲਈ ਇਸੇ ਤਰ੍ਹਾਂ ਨਿਰੰਤਰ ਯਤਨ ਕੀਤੇ ਜਾਣੇ ਚਾਹੀਦੇ ਹਨ।




# ਸਾਰਾਗੜ੍ਹੀ ਦੀ ਗੌਰਵਗਾਥਾ ਨੂੰ ਜਨ-ਜਨ ਤੱਕ ਪਹੁੰਚਾਉਣ ਵਿੱਚ ਸਮਰਪਿਤ ਹਨ ਡਾ. ਗੁਰਿੰਦਰ ਪਾਲ ਸਿੰਘ ਜੋਸਨ

ਪੈ.ਗਾਮ-ਏ-ਜਗਤ
ਅੰਮ੍ਰਿਤਸਰ (ਦਲਜੀਤ ਅਜਨੋਹਾ)

ਸਾਰਾਗੜ੍ਹੀ ਫਾਊਂਡੇਸ਼ਨ ਦੇ ਸੰਸਥਾਪਕ, ਲੇਖਕ ਅਤੇ ਵੱਖ-ਵੱਖ ਪ੍ਰਤਿਭਾਵਾਂ ਦੇ ਬਹੁ-ਆਯਾਮੀ ਸ਼ਖਸੀਅਤ ਦੇ ਮਾਲਕ ਡਾ. ਗੁਰਿੰਦਰ ਪਾਲ ਸਿੰਘ ਜੋਸਨ ਨੇ ਸਾਰਾਗੜ੍ਹੀ ਦੀ ਇਤਿਹਾਸਕ ਘਟਨਾ, ਉਸ ਦੇ ਸ਼ਹੀਦਾਂ ਦੇ ਅਦਮਯ ਸਾਹਸ ਅਤੇ ਇਸ ਗੌਰਵਪੂਰਨ ਇਤਿਹਾਸ ਦੇ ਪ੍ਰਚਾਰ-ਪ੍ਰਸਾਰ ਨੂੰ ਆਪਣੇ ਜੀਵਨ ਦਾ ਮਹੱਤਵਪੂਰਨ ਉਦੇਸ਼ ਬਣਾਇਆ ਹੋਇਆ ਹੈ। ਸੀਨੀਅਰ ਪੱਤਰਕਾਰ ਦਲਜੀਤ ਅਜਨੋਹਾ ਨਾਲ ਵਿਸ਼ੇਸ਼ ਗੱਲਬਾਤ ਵਿੱਚ ਡਾ. ਜੋਸਨ ਨੇ ਸਾਰਾਗੜ੍ਹੀ ਦੀ ਪੂਰੀ ਇਤਿਹਾਸਕ ਪਿੱਠਭੂਮੀ ਅਤੇ ਇਸ ਨਾਲ ਜੁੜੇ ਵੱਖ-ਵੱਖ ਪਹਿਲੂਆਂ 'ਤੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।



ਗੱਲਬਾਤ ਦੌਰਾਨ ਡਾ. ਜੋਸਨ ਨੇ ਦੱਸਿਆ ਕਿ ਸਾਰਾਗੜ੍ਹੀ ਦੀ ਘਟਨਾ ਕੇਵਲ ਫੌਜੀ ਇਤਿਹਾਸ ਦਾ ਇੱਕ ਅਧਿਆਇ ਨਹੀਂ, ਸਗੋਂ ਸਾਹਸ, ਕਰਤੱਵਨਿਸ਼ਠਾ, ਬਲੀਦਾਨ ਅਤੇ ਦੇਸ਼ ਭਗਤੀ ਦੀ ਅਦੁੱਤੀ ਮਿਸਾਲ ਹੈ। ਉਨ੍ਹਾਂ ਨੇ ਸਾਰਾਗੜ੍ਹੀ ਦੀ ਜੰਗ ਨਾਲ ਜੁੜੇ ਘਟਨਾਕ੍ਰਮ, ਸੈਨਿਕਾਂ ਦੇ ਸੰਘਰਸ਼ ਅਤੇ ਉਨ੍ਹਾਂ ਦੇ ਸਰਵਉੱਚ ਬਲੀਦਾਨ ਦੀ ਇਤਿਹਾਸਕ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਦੇ ਵੀਰ ਸੈਨਿਕਾਂ ਨੇ ਔਖੀਆਂ ਹਾਲਤਾਂ ਵਿੱਚ ਜਿਸ ਅਦਮਯ ਸਾਹਸ ਅਤੇ ਅਨੁਸ਼ਾਸਨ ਦਾ ਪ੍ਰਗਟਾਵਾ ਕੀਤਾ, ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਅਨੁਸਾਰ ਇਸ ਇਤਿਹਾਸਕ ਘਟਨਾ ਬਾਰੇ ਨੌਜਵਾਨ ਪੀੜ੍ਹੀ ਨੂੰ ਸਹੀ ਅਤੇ ਪ੍ਰਮਾਣਿਕ ਜਾਣਕਾਰੀ ਉਪਲਬਧ ਕਰਵਾਉਣਾ ਸਮੇਂ ਦੀ ਲੋੜ ਹੈ। ਡਾ. ਗੁਰਿੰਦਰ ਪਾਲ ਸਿੰਘ ਜੋਸਨ ਨੇ ਸਾਰਾਗੜ੍ਹੀ ਦੇ ਇਤਿਹਾਸ ਨੂੰ ਆਮ ਲੋਕਾਂ, ਖਾਸ ਕਰਕੇ ਨੌਜਵਾਨਾਂ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਆਪਣੇ ਯਤਨਾਂ ਬਾਰੇ ਵੀ ਵਿਸਥਾਰ ਨਾਲ ਦੱਸਿਆ। ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਦੀ ਗਾਥਾ ਕੇਵਲ ਇਤਿਹਾਸ ਦੀਆਂ ਕਿਤਾਬਾਂ ਤੱਕ ਸੀਮਤ ਨਾ ਰਹੇ, ਸਗੋਂ ਇਸ ਦੇ ਸੰਦੇਸ਼ ਨੂੰ ਸਮਾਜ ਦੇ ਹਰੇਕ ਵਰਗ ਤੱਕ ਪਹੁੰਚਾਇਆ ਜਾਵੇ, ਇਸੇ ਉਦੇਸ਼ ਨਾਲ ਉਹ ਲਗਾਤਾਰ ਲਿਖਣ, ਖੋਜ, ਸੰਵਾਦ ਅਤੇ ਜਾਗਰੂਕਤਾ ਦੇ ਮਾਧਿਅਮ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਨੇ ਸਾਰਾਗੜ੍ਹੀ ਨਾਲ ਜੁੜੇ ਇਤਿਹਾਸਕ ਤੱਥਾਂ ਅਤੇ ਘਟਨਾਵਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਆਪਣੇ ਇਤਿਹਾਸ ਅਤੇ ਸ਼ਹੀਦਾਂ ਦੇ ਬਲੀਦਾਨ ਨੂੰ ਜਾਣਨਾ ਅਤੇ ਉਨ੍ਹਾਂ ਤੋਂ ਪ੍ਰੇਰਨਾ ਲੈਣਾ ਹਰੇਕ ਨਾਗਰਿਕ ਦੀ ਜ਼ਿੰਮੇਵਾਰੀ ਹੈ। ਸੀਨੀਅਰ ਪੱਤਰਕਾਰ ਦਲਜੀਤ ਅਜਨੋਹਾ ਨਾਲ ਹੋਈ ਇਹ ਵਿਸ਼ੇਸ਼ ਗੱਲਬਾਤ ਸਾਰਾਗੜ੍ਹੀ ਦੇ ਇਤਿਹਾਸ ਨੂੰ ਸਮਝਣ ਅਤੇ ਇਸ ਦੇ ਵੱਖ-ਵੱਖ ਅਣਛੂਹੇ ਪਹਿਲੂਆਂ ਤੋਂ ਜਾਣੂ ਹੋਣ ਦਾ ਮਹੱਤਵਪੂਰਨ ਮਾਧਿਅਮ ਬਣੀ। ਡਾ. ਜੋਸਨ ਨੇ ਗੱਲਬਾਤ ਦੌਰਾਨ ਸਾਰਾਗੜ੍ਹੀ ਦੀ ਘਟਨਾ ਨਾਲ ਜੁੜੇ ਅਨੇਕਾਂ ਇਤਿਹਾਸਕ ਹਵਾਲੇ ਸਾਂਝੇ ਕਰਦਿਆਂ ਸਪੱਸ਼ਟ ਕੀਤਾ ਕਿ ਸਾਰਾਗੜ੍ਹੀ ਦੀ ਗੌਰਵਗਾਥਾ ਨੂੰ ਸੰਭਾਲਣਾ ਅਤੇ ਉਸ ਦਾ ਪ੍ਰਚਾਰ-ਪ੍ਰਸਾਰ ਕਰਨਾ ਉਨ੍ਹਾਂ ਲਈ ਕੇਵਲ ਇੱਕ ਕੰਮ ਨਹੀਂ, ਸਗੋਂ ਸਮਰਪਣ ਦਾ ਵਿਸ਼ਾ ਹੈ।

# ਕੋਰਨੀਅਲ ਅੰਧੇਪਨ ਤੋਂ ਪੀੜਤ ਮਰੀਜ਼ਾਂ ਲਈ 17 ਅਕਤੂਬਰ ਨੂੰ ਸੀ.ਐੱਚ.ਸੀ. ਬਿਨੇਵਾਲ ਵਿਖੇ ਲੱਗੇਗਾ ਮੁਫ਼ਤ ਜਾਂਚ ਕੈਂਪ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ 17 ਅਕਤੂਬਰ ਨੂੰ ਸੀ.ਐੱਚ.ਸੀ. ਬਿਨੇਵਾਲ, ਗੜ੍ਹਸ਼ੰਕਰ ਵਿਖੇ ਵਿਸ਼ੇਸ਼ ਅੱਖਾਂ ਦੀ ਜਾਂਚ ਦਾ ਕੈਂਪ ਲਗਾਇਆ ਜਾਵੇਗਾ। ਕੈਂਪ ਦੀਆਂ ਤਿਆਰੀਆਂ ਸਬੰਧੀ ਸਿਵਲ ਸਰਜਨ, ਹੁਸ਼ਿਆਰਪੁਰ ਨਾਲ ਮੀਟਿੰਗ ਕਰਕੇ ਲੋੜੀਂਦੇ ਪ੍ਰਬੰਧਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਕੈਂਪ ਵਿੱਚ ਕੋਰਨੀਆ ਨਾਲ ਸਬੰਧਤ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਦੇ ਨਾਲ-ਨਾਲ ਮੋਤੀਆਬਿੰਦ ਦੇ ਮਰੀਜ਼ਾਂ ਦੀ ਵੀ ਜਾਂਚ ਕੀਤੀ ਜਾਵੇਗੀ। ਮਰੀਜ਼ਾਂ ਦੀ ਜਾਂਚ ਸਿਵਲ ਹਸਪਤਾਲ ਹੁਸ਼ਿਆਰਪੁਰ ਦੀ ਅੱਖਾਂ ਦੀ ਮਾਹਿਰ ਡਾ. ਪਰਮਿੰਦਰ ਕੌਰ ਅਤੇ ਉਨ੍ਹਾਂ ਦੀ ਟੀਮ ਵੱਲੋਂ ਕੀਤੀ ਜਾਵੇਗੀ। ਜਾਂਚ ਤੋਂ ਬਾਅਦ ਲੋੜਵੰਦ ਮਰੀਜ਼ਾਂ ਨੂੰ ਢੁਕਵੀਂ ਡਾਕਟਰੀ ਸਲਾਹ ਅਤੇ ਅਗਲੇਰੇ ਇਲਾਜ ਲਈ ਮਾਰਗਦਰਸ਼ਨ ਦਿੱਤਾ ਜਾਵੇਗਾ।



ਇਸ ਮੌਕੇ ਸਿਵਲ ਸਰਜਨ ਡਾ. ਮਨਦੀਪ ਕਮਲ ਨੇ ਇਸ ਕੈਂਪ ਦੇ ਆਯੋਜਨ ਨੂੰ ਇੱਕ ਮਹੱਤਵਪੂਰਨ ਉਪਰਾਲਾ ਦੱਸਦਿਆਂ ਕਿਹਾ ਕਿ ਅਜਿਹੇ ਸਿਹਤ ਕੈਂਪਾਂ ਰਾਹੀਂ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਆਪਣੇ ਨੇੜੇ ਹੀ ਮਾਹਿਰ ਡਾਕਟਰੀ ਸੇਵਾਵਾਂ ਮਿਲਦੀਆਂ ਹਨ। ਉਨ੍ਹਾਂ ਸਿਹਤ ਵਿਭਾਗ ਵੱਲੋਂ ਕੈਂਪ ਦੇ ਸਫ਼ਲ ਆਯੋਜਨ ਲਈ ਲੋੜੀਂਦਾ ਸਹਿਯੋਗ ਦੇਣ ਅਤੇ ਸਾਰੇ ਪ੍ਰਬੰਧ ਯਕੀਨੀ ਬਣਾਉਣ ਦੀ ਗੱਲ ਕਹੀ।

ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਦੇ ਪ੍ਰਧਾਨ ਜੇ.ਬੀ. ਬਹਿਲ ਨੇ ਕਿਹਾ ਕਿ ਸੰਸਥਾ ਦਾ ਉਦੇਸ਼ ਲੋੜਵੰਦ ਲੋਕਾਂ ਤੱਕ ਅੱਖਾਂ ਦੀ ਜਾਂਚ ਅਤੇ ਇਲਾਜ ਦੀਆਂ ਸਹੂਲਤਾਂ ਪਹੁੰਚਾਉਣਾ ਹੈ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਲੋਕਾਂ ਨੂੰ ਅੱਖਾਂ ਜਾਂ ਕੋਰਨੀਆ ਸਬੰਧੀ ਕੋਈ ਸਮੱਸਿਆ ਹੈ ਜਾਂ ਜਿਨ੍ਹਾਂ ਨੇ ਲੰਬੇ ਸਮੇਂ ਤੋਂ ਅੱਖਾਂ ਦੀ ਜਾਂਚ ਨਹੀਂ ਕਰਵਾਈ, ਉਹ 17 ਅਕਤੂਬਰ ਨੂੰ ਸੀ.ਐੱਚ.ਸੀ. ਬਿਨੇਵਾਲ ਪਹੁੰਚ ਕੇ ਇਸ ਕੈਂਪ ਦਾ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਅੱਖਾਂ ਦੀਆਂ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਅਤੇ ਜਾਂਚ ਨਾਲ ਮਰੀਜ਼ਾਂ ਨੂੰ ਢੁਕਵਾਂ ਇਲਾਜ ਮੁਹੱਈਆ ਕਰਵਾਉਣ ਵਿੱਚ ਮਦਦ ਮਿਲਦੀ ਹੈ। ਸੰਸਥਾ ਭਵਿੱਖ ਵਿੱਚ ਵੀ ਅਜਿਹੇ ਲੋਕ ਭਲਾਈ ਦੇ ਕਾਰਜ ਜਾਰੀ ਰੱਖੇਗੀ।

ਇਸ ਮੌਕੇ ਸਕੱਤਰ ਪ੍ਰੋ. ਦਲਜੀਤ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਜਾਂਚ ਤੋਂ ਬਾਅਦ ਜਿਨ੍ਹਾਂ ਮਰੀਜ਼ਾਂ ਨੂੰ ਕੋਰਨੀਆ ਟ੍ਰਾਂਸਪਲਾਂਟ ਦੀ ਲੋੜ ਹੋਵੇਗੀ, ਉਨ੍ਹਾਂ ਨੂੰ ਅਗਲੇਰੇ ਇਲਾਜ ਦੀ ਪ੍ਰਕਿਰਿਆ ਬਾਰੇ ਢੁਕਵੀਂ ਜਾਣਕਾਰੀ ਅਤੇ ਮਾਰਗਦਰਸ਼ਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੋਰਨੀਆ ਦੀਆਂ ਸਮੱਸਿਆਵਾਂ ਕਾਰਨ ਨਜ਼ਰ ਗੁਆ ਚੁੱਕੇ ਲੋਕਾਂ ਦੀ ਮਦਦ ਕਰਨਾ ਸੰਸਥਾ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਆਲੇ-ਦੁਆਲੇ ਕੋਈ ਵਿਅਕਤੀ ਕੋਰਨੀਆ ਕਾਰਨ ਅੰਨ੍ਹੇਪਣ ਤੋਂ ਪੀੜਤ ਹੈ, ਤਾਂ ਉਸ ਨੂੰ 17 ਅਕਤੂਬਰ ਨੂੰ ਸੀ.ਐੱਚ.ਸੀ. ਬਿਨੇਵਾਲ (ਗੜ੍ਹਸ਼ੰਕਰ) ਵਿਖੇ ਲੱਗਣ ਵਾਲੇ ਮੁਫ਼ਤ ਜਾਂਚ ਕੈਂਪ ਵਿੱਚ ਜ਼ਰੂਰ ਲੈ ਕੇ ਆਉਣ, ਤਾਂ ਜੋ ਉਸ ਦੀ ਜਾਂਚ ਕਰਕੇ ਕੋਰਨੀਆ ਟ੍ਰਾਂਸਪਲਾਂਟ ਸਬੰਧੀ ਅਗਲੀ ਪ੍ਰਕਿਰਿਆ ਅੱਗੇ ਵਧਾਈ ਜਾ ਸਕੇ।ਇਸ ਮੌਕੇ ਜਸਵੀਰ ਕੰਵਰ, ਮਦਨ ਮਹਾਜਨ, ਕ੍ਰਿਸ਼ਨ ਕਿਸ਼ੋਰ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਸਿੱਖਿਆ ਸਕੱਤਰ ਪ੍ਰੇਰਣਾ ਪੁਰੀ ਨੇ ਜੀ.ਸੀ.ਈ.-20 ਵਿਖੇ ਆਈ.ਸੀ.ਟੀ. ਹੁਨਰ ਸਿਖਲਾਈ ਵਰਕਸ਼ਾਪ ਦੇ ਸਮਾਪਤੀ ਸੈਸ਼ਨ ਦੀ ਸ਼ੋਭਾ ਵਧਾਈ

ਪੈ.ਗਾਮ-ਏ-ਜਗਤ/ਚੰਡੀਗੜ੍ਹ
(ਹਰਮਿੰਦਰ ਸਿੰਘ ਨਾਗਪਾਲ)

ਪਹਿਲੇ ਸਾਲ ਦੇ ਬੀ.ਐੱਡ. ਵਿਦਿਆਰਥੀਆਂ ਲਈ 5 ਤੋਂ 9 ਅਕਤੂਬਰ, 2026 ਤੱਕ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਸੈਕਟਰ 20-ਡੀ, ਚੰਡੀਗੜ੍ਹ ਵਿਖੇ ਆਯੋਜਿਤ ਪੰਜ ਰੋਜ਼ਾ ਆਈ.ਸੀ.ਟੀ. ਹੁਨਰ ਸਿਖਲਾਈ ਵਰਕਸ਼ਾਪ ਦਾ ਅੱਜ ਸਮਾਪਨ ਹੋਇਆ। ਸਮਾਪਤੀ ਸੈਸ਼ਨ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੀ ਸਿੱਖਿਆ ਸਕੱਤਰ ਸ੍ਰੀਮਤੀ ਪ੍ਰੇਰਣਾ ਪੁਰੀ, ਆਈ.ਏ.ਐੱਸ., ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਚੰਡੀਗੜ੍ਹ ਵਿੱਚ ਸ੍ਰੀ ਸਤਿਆ ਸਾਈ ਵਿਦਿਆ ਵਾਹਿਨੀ ਦੀ ਪ੍ਰਤੀਨਿਧੀ ਅਤੇ ਰਾਜ ਕੋਆਰਡੀਨੇਟਰ (ਹਰਿਆਣਾ) ਸ੍ਰੀਮਤੀ ਪ੍ਰਿਆ ਟੰਡਨ ਵੀ ਹਾਜ਼ਰ ਸਨ। ਉਨ੍ਹਾਂ ਨੇ ਵਰਕਸ਼ਾਪ ਦੇ ਤਾਲਮੇਲ ਅਤੇ ਸਫ਼ਲ ਆਯੋਜਨ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਵਰਕਸ਼ਾਪ ਦਾ ਆਯੋਜਨ ਸ੍ਰੀ ਸਤਿਆ ਸਾਈ ਵਿਦਿਆ ਵਾਹਿਨੀ, ਪ੍ਰਸ਼ਾਂਤੀ ਨਿਲਯਮ, ਆਂਧਰਾ ਪ੍ਰਦੇਸ਼ ਦੇ ਸਹਿਯੋਗ ਨਾਲ ਕੀਤਾ ਗਿਆ, ਜਿਸ ਦਾ ਉਦੇਸ਼ ਭਵਿੱਖ ਦੇ ਅਧਿਆਪਕਾਂ ਦੀਆਂ ਡਿਜੀਟਲ ਯੋਗਤਾਵਾਂ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਨੂੰ ਅਧਿਆਪਨ-ਸਿੱਖਣ ਪ੍ਰਕਿਰਿਆ ਵਿੱਚ ਤਕਨਾਲੋਜੀ ਦੀ ਪ੍ਰਭਾਵਸ਼ਾਲੀ ਵਰਤੋਂ ਕਰਨ ਲਈ ਤਿਆਰ ਕਰਨਾ ਸੀ।



ਮੁੱਖ ਮਹਿਮਾਨ ਅਤੇ ਹੋਰ ਪਤਵੰਤੇ ਸੱਜਣਾਂ ਦਾ ਸਵਾਗਤ ਕਰਦਿਆਂ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਚੰਡੀਗੜ੍ਹ ਦੀ ਪ੍ਰਿੰਸੀਪਲ ਡਾ. ਸਪਨਾ ਨੰਦਾ ਨੇ ਵਰਕਸ਼ਾਪ ਨਾਲ ਜੁੜੇ ਪਤਵੰਤੇ ਸੱਜਣਾਂ, ਸਰੋਤ ਵਿਅਕਤੀਆਂ ਅਤੇ ਪ੍ਰਤੀਨਿਧੀਆਂ ਦੀ ਹਾਜ਼ਰੀ ਅਤੇ ਸਹਿਯੋਗ ਲਈ ਧੰਨਵਾਦ ਪ੍ਰਗਟਾਇਆ। ਉਨ੍ਹਾਂ ਨੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਵਿਅਕਤੀਆਂ ਦਾ ਧੰਨਵਾਦ ਕੀਤਾ। ਸਮਾਪਤੀ ਸੈਸ਼ਨ ਦੌਰਾਨ ਸ੍ਰੀਮਤੀ ਪ੍ਰਿਆ ਟੰਡਨ ਨੇ ਕੋਰਸ ਦੀ ਰੂਪਰੇਖਾ ਪੇਸ਼ ਕੀਤੀ ਅਤੇ ਕਾਲਜ ਪੱਧਰ 'ਤੇ ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਰਣਨੀਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੀ ਪੇਸ਼ਕਾਰੀ ਰਾਹੀਂ ਸਿਖਲਾਈ ਪ੍ਰੋਗਰਾਮ ਦੀ ਬਣਤਰ, ਲਾਗੂਕਰਨ ਅਤੇ ਤਾਲਮੇਲ ਸਬੰਧੀ ਸਪੱਸ਼ਟਤਾ ਪ੍ਰਾਪਤ ਹੋਈ।

ਪੇਸ਼ਕਾਰੀ ਤੋਂ ਬਾਅਦ ਚੰਡੀਗੜ੍ਹ ਪ੍ਰਸ਼ਾਸਨ ਦੀ ਸਿੱਖਿਆ ਸਕੱਤਰ ਸ੍ਰੀਮਤੀ ਪ੍ਰੇਰਣਾ ਪੁਰੀ, ਆਈ.ਏ.ਐੱਸ. ਨੇ ਭਾਗੀਦਾਰਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਸਿੱਖਿਆ ਦੇ ਖੇਤਰ ਵਿੱਚ ਡਿਜੀਟਲ ਹੁਨਰਾਂ ਅਤੇ ਤਕਨਾਲੋਜੀ ਦੀ ਜ਼ਿੰਮੇਵਾਰ ਵਰਤੋਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਭਵਿੱਖ ਦੇ ਅਧਿਆਪਕਾਂ ਨੂੰ ਕਲਾਸਰੂਮ ਵਿੱਚ ਨਵੀਨਤਮ ਅਤੇ ਵਿਦਿਆਰਥੀ-ਕੇਂਦਰਿਤ ਅਧਿਆਪਨ ਵਿਧੀਆਂ ਅਪਣਾਉਣ ਅਤੇ ਅਧਿਆਪਨ-ਸਿੱਖਣ ਪ੍ਰਕਿਰਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਡਿਜੀਟਲ ਸਾਧਨਾਂ ਦੀ ਸਾਰਥਕ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।

ਇਸ ਗਹਿਨ ਵਿਹਾਰਕ ਸਿਖਲਾਈ ਪ੍ਰੋਗਰਾਮ ਵਿੱਚ MS PowerPoint ਦੀ ਅਨੁਕੂਲਤਾ, ਐੱਚ5ਪੀ ਰਾਹੀਂ ਇੰਟਰਐਕਟਿਵ ਈ-ਸਮੱਗਰੀ ਦੀ ਸਿਰਜਣਾ, ਆਡੀਓ ਅਤੇ ਵੀਡੀਓ ਬਣਾਉਣਾ, YouTube 'ਤੇ ਸਮੱਗਰੀ ਅੱਪਲੋਡ ਕਰਨਾ, ਵੈੱਬ ਹੋਸਟਿੰਗ ਅਤੇ ਬਲੌਗਿੰਗ, ਵਰਚੁਅਲ ਕਾਨਫਰੰਸਿੰਗ, ਆਰਟੀਫ਼ਿਸ਼ਲ ਇੰਟੈਲੀਜੈਂਸ ਆਧਾਰਿਤ ਅਧਿਆਪਨ ਸਰੋਤ ਅਤੇ ਸਿੱਖਿਆ ਵਿੱਚ 19 ਦੀ ਜ਼ਿੰਮੇਵਾਰ ਵਰਤੋਂ ਵਰਗੇ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ। ਇਹ ਪ੍ਰੋਗਰਾਮ ਸ੍ਰੀਮਤੀ ਕਰੁਣਾ ਮੁੰਸ਼ੀ, ਡਾਇਰੈਕਟਰ, ਸ੍ਰੀ ਸਤਿਆ ਸਾਈ ਵਿਦਿਆ ਵਾਹਿਨੀ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਸਰੋਤ ਟੀਮ ਵਿੱਚ ਕੇਸ਼ਬਾ ਮਿਸ਼ਰਾ, ਰਾਧਿਕਾ ਬਾਲਚੰਦਰਨ, ਨੰਦਿਨੀ ਨਾਗੇਸ਼ ਅਤੇ ਮੁਤਿਆ ਵੱਲੀ ਦੇਵੀ ਸ਼ਾਮਲ ਸਨ। ਇਸ ਤੋਂ ਇਲਾਵਾ, ਸ੍ਰੀ ਸਤਿਆ ਸਾਈ ਸੰਗਠਨ, ਚੰਡੀਗੜ੍ਹ ਦੇ ਵਲੰਟੀਅਰਾਂ ਸ਼ਾਲਿਨੀ ਜਟਾਣਾ, ਰੁਚੀ ਧੀਰ ਅਤੇ ਗਜੇਂਦਰ ਸਿੰਘ ਨੇ ਵੀ ਸਹਿਯੋਗ ਦਿੱਤਾ।

ਸਮਾਪਤੀ ਵਾਲੇ ਦਿਨ ਵਿਦਿਆਰਥੀਆਂ ਨੇ ਵਰਕਸ਼ਾਪ ਬਾਰੇ ਆਪਣੇ ਵਿਚਾਰ ਅਤੇ ਫੀਡਬੈਕ ਵੀ ਸਾਂਝੇ ਕੀਤੇ। ਉਨ੍ਹਾਂ ਨੇ ਸਿਖਲਾਈ ਦੇ ਵਿਹਾਰਕ ਸਰੂਪ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਇਨ੍ਹਾਂ ਸੈਸ਼ਨਾਂ ਨਾਲ ਅਧਿਆਪਨ-ਸਿੱਖਣ ਪ੍ਰਕਿਰਿਆ ਵਿੱਚ ਡਿਜੀਟਲ ਸਾਧਨਾਂ, ਮਲਟੀਮੀਡੀਆ ਸਰੋਤਾਂ ਅਤੇ ਆਰਟੀਫ਼ਿਸ਼ਲ ਇੰਟੈਲੀਜੈਂਸ ਦੀ ਵਰਤੋਂ ਕਰਨ ਸਬੰਧੀ ਉਨ੍ਹਾਂ ਦਾ ਆਤਮਵਿਸ਼ਵਾਸ ਵਧਿਆ ਹੈ। ਕਾਲਜ ਪੱਧਰ 'ਤੇ ਇਸ ਵਰਕਸ਼ਾਪ ਦਾ ਤਾਲਮੇਲ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਚੰਡੀਗੜ੍ਹ ਦੇ ਆਈ.ਸੀ.ਟੀ. ਵਿਭਾਗ ਦੀ ਡਾ. ਸੁਮਨ ਖੋਖਰ ਨੇ ਪ੍ਰਿੰਸੀਪਲ ਡਾ. ਸਪਨਾ ਨੰਦਾ ਦੀ ਰਹਿਨੁਮਾਈ ਹੇਠ ਕੀਤਾ। ਉਨ੍ਹਾਂ ਦੇ ਯਤਨਾਂ ਸਦਕਾ ਪੰਜ ਰੋਜ਼ਾ ਸਿਖਲਾਈ ਪ੍ਰੋਗਰਾਮ ਦਾ ਪ੍ਰਭਾਵਸ਼ਾਲੀ ਤਾਲਮੇਲ ਅਤੇ ਸੁਚਾਰੂ ਸੰਚਾਲਨ ਯਕੀਨੀ ਬਣਾਇਆ ਗਿਆ।

ਪ੍ਰੋਗਰਾਮ ਦੀ ਸਮਾਪਤੀ ਧੰਨਵਾਦ ਮਤੇ ਨਾਲ ਹੋਈ, ਜਿਸ ਨੂੰ ਡੀਨ ਡਾ. ਏ.ਕੇ. ਸ਼੍ਰੀਵਾਸਤਵ ਨੇ ਪੇਸ਼ ਕੀਤਾ। ਉਨ੍ਹਾਂ ਨੇ ਮੁੱਖ ਮਹਿਮਾਨ, ਸ੍ਰੀ ਸਤਿਆ ਸਾਈ ਵਿਦਿਆ ਵਾਹਿਨੀ ਦੇ ਪ੍ਰਤੀਨਿਧੀਆਂ ਅਤੇ ਸਰੋਤ ਵਿਅਕਤੀਆਂ, ਕਾਲਜ ਪ੍ਰਸ਼ਾਸਨ, ਵਲੰਟੀਅਰਾਂ ਅਤੇ ਸਾਰੇ ਭਾਗੀਦਾਰਾਂ ਦਾ ਵਰਕਸ਼ਾਪ ਦੇ ਸਫ਼ਲ ਆਯੋਜਨ ਵਿੱਚ ਪਾਏ ਗਏ ਵਡਮੁੱਲੇ ਯੋਗਦਾਨ ਲਈ ਧੰਨਵਾਦ ਕੀਤਾ।

# ਬਸਦੇਹੜਾ ਸਕੂਲ ਵੱਲੋਂ ਨਸ਼ਾ ਮੁਕਤ ਭਾਰਤ ਮੁਹਿੰਮ ਤਹਿਤ ਜਾਗਰੂਕਤਾ ਰੈਲੀ, ਨਸ਼ਾ ਮੁਕਤ ਸਮਾਜ ਦਾ ਦਿੱਤਾ ਸੁਨੇਹਾ

ਊਨਾ, 9 ਅਕਤੂਬਰ
(ਪੈ.ਗਾਮ-ਏ-ਜਗਤ)

ਨਸ਼ਾ ਮੁਕਤ ਭਾਰਤ ਮੁਹਿੰਮ ਤਹਿਤ ਜ਼ਿਲ੍ਹਾ ਭਲਾਈ ਅਫ਼ਸਰ ਦੇ ਦਫ਼ਤਰ, ਊਨਾ ਵੱਲੋਂ ਪੀਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਸਦੇਹੜਾ ਵਿੱਚ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਰਾਹੀਂ ਵਿਦਿਆਰਥੀਆਂ ਨੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਦਾ ਸੁਨੇਹਾ ਦਿੱਤਾ।




ਜ਼ਿਲ੍ਹਾ ਭਲਾਈ ਅਫ਼ਸਰ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ, ਨਸ਼ਿਆਂ ਦੀ ਵਰਤੋਂ ਨਾਲ ਹੋਣ ਵਾਲੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨ ਬਾਰੇ ਜਾਗਰੂਕਤਾ ਵਧਾਉਣਾ ਅਤੇ ਸਮਾਜ ਵਿੱਚ ਨਸ਼ਾ ਮੁਕਤ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਰੈਲੀ ਰਾਹੀਂ ਵਿਦਿਆਰਥੀਆਂ ਨੇ ਲੋਕਾਂ ਨੂੰ ਸੁਨੇਹਾ ਦਿੱਤਾ ਕਿ ਨਸ਼ੇ ਵਿਅਕਤੀ ਦੀ ਸਿਹਤ, ਪੜ੍ਹਾਈ, ਪਰਿਵਾਰ ਅਤੇ ਭਵਿੱਖ ਉੱਤੇ ਮਾੜਾ ਅਸਰ ਪਾਉਂਦੇ ਹਨ। ਨੌਜਵਾਨਾਂ ਨੂੰ ਆਪਣੀ ਊਰਜਾ ਪੜ੍ਹਾਈ, ਖੇਡਾਂ, ਰਚਨਾਤਮਕ ਸਰਗਰਮੀਆਂ ਅਤੇ ਉਸਾਰੂ ਕੰਮਾਂ ਵਿੱਚ ਲਾਉਣੀ ਚਾਹੀਦੀ ਹੈ, ਤਾਂ ਜੋ ਉਹ ਸਿਹਤਮੰਦ, ਸੁਰੱਖਿਅਤ ਅਤੇ ਰੌਸ਼ਨ ਭਵਿੱਖ ਵੱਲ ਵਧ ਸਕਣ। ਇਸ ਮੌਕੇ ਬਸਦੇਹੜਾ ਸਕੂਲ ਦੇ ਪ੍ਰਿੰਸੀਪਲ ਅਮਰਦੀਪ ਸਿੰਘ, ਜ਼ਿਲ੍ਹਾ ਭਲਾਈ ਅਫ਼ਸਰ ਦੇ ਦਫ਼ਤਰ ਤੋਂ ਸੁਪਰਡੈਂਟ ਅਨੂਪ ਸਿੰਘ ਅਤੇ ਸਕੂਲ ਦਾ ਹੋਰ ਸਟਾਫ਼ ਵੀ ਮੌਜੂਦ ਸੀ।

# ਪਾਲਕਵਾਹ ਐੱਸਡੀਆਰਐੱਫ ਕੈਂਪਸ ਨੂੰ ਕੌਮੀ ਪੱਧਰ ਦੇ ਸਿਖਲਾਈ ਕੇਂਦਰ ਵਜੋਂ ਵਿਕਸਤ ਕਰਨ ਦੇ ਯਤਨ ਕਰਾਂਗੇ: ਮੁਕੇਸ਼ ਅਗਨੀਹੋਤਰੀ

- ਐੱਚਪੀ ਐੱਸਡੀਆਰਐੱਫ ਦੀ ਪਹਿਲੀ ਸਾਲਾਨਾ ਮੀਟ ਕਰਵਾਈ, ਇਨਵੈਂਟਰੀ ਮੈਨੇਜਮੈਂਟ ਸਿਸਟਮ ਅਤੇ ਅਧਿਕਾਰਤ ਵੈੱਬਸਾਈਟ ਦੀ ਸ਼ੁਰੂਆਤ, ਮਣੀਮਹੇਸ਼ ਯਾਤਰਾ ਬਾਰੇ ਬਣੀ ਦਸਤਾਵੇਜ਼ੀ ਫ਼ਿਲਮ ਜਾਰੀ

ਹਰੋਲੀ, 9 ਅਕਤੂਬਰ
(ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਸ਼ੁੱਕਰਵਾਰ ਨੂੰ ਪਾਲਕਵਾਹ ਸਥਿਤ ਹਿਮਾਚਲ ਪ੍ਰਦੇਸ਼ ਸੈਂਟਰ ਆਫ਼ ਡਿਜ਼ਾਸਟਰ ਪ੍ਰਿਪੇਅਰਡਨੈੱਸ ਐਂਡ ਰੈਜ਼ੀਲਿਐਂਸ ਵਿੱਚ ਹਿਮਾਚਲ ਪ੍ਰਦੇਸ਼ ਰਾਜ ਆਫ਼ਤ ਪ੍ਰਤੀਕਿਰਿਆ ਬਲ (ਐੱਸਡੀਆਰਐੱਫ) ਦੀ ਪਹਿਲੀ ਸਾਲਾਨਾ ਮੀਟ-2026 ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਉਪ ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਾਲਕਵਾਹ ਸਥਿਤ ਇਸ ਸੰਸਥਾ ਦੀ ਆਪਣੀ ਵੱਖਰੀ ਪਛਾਣ ਹੋਵੇਗੀ। ਸੂਬਾ ਸਰਕਾਰ ਇਸ ਦੇ ਕੈਂਪਸ ਦੇ ਵਿਕਾਸ ਅਤੇ ਵਿਸਥਾਰ ਲਈ ਹਰ ਸੰਭਵ ਵਿੱਤੀ ਸਹਾਇਤਾ ਦੇਵੇਗੀ। ਯਤਨ ਕੀਤੇ ਜਾਣਗੇ ਕਿ ਭਵਿੱਖ ਵਿੱਚ ਇਸ ਕੈਂਪਸ ਨੂੰ ਕੌਮੀ ਪੱਧਰ ਦੇ ਸਿਖਲਾਈ ਕੇਂਦਰ ਵਜੋਂ ਵਿਕਸਤ ਕੀਤਾ ਜਾਵੇ ਅਤੇ ਦੇਸ਼ ਦੇ ਹੋਰ ਸੂਬਿਆਂ ਤੋਂ ਵੀ ਜਵਾਨ ਇੱਥੇ ਸਿਖਲਾਈ ਲੈਣ ਆਉਣ। ਉਨ੍ਹਾਂ ਕਿਹਾ ਕਿ ਸਿਖਲਾਈ ਸਹੂਲਤਾਂ ਨੂੰ ਬਿਹਤਰ ਬਣਾਉਣ ਦੇ ਨਾਲ-ਨਾਲ ਇੱਥੇ ਕੌਮੀ ਪੱਧਰ ਦੇ ਸਿਖਲਾਈ ਪ੍ਰੋਗਰਾਮ ਅਤੇ ਪਰੇਡਾਂ ਕਰਵਾਉਣ ਲਈ ਵੀ ਕੰਮ ਕੀਤਾ ਜਾਣਾ ਚਾਹੀਦਾ ਹੈ।

ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਐੱਸਡੀਆਰਐੱਫ ਕੈਂਪਸ ਵਿੱਚ ਇਨਡੋਰ ਸਟੇਡੀਅਮ ਬਣਾਉਣ ਦੀ ਯੋਜਨਾ ਹੈ। ਇਸ ਦੇ ਨਾਲ ਹੀ ਸਥਾਨਕ ਪੰਚਾਇਤ ਦੇ ਸਹਿਯੋਗ ਨਾਲ ਖੇਡ ਮੈਦਾਨ ਵਿਕਸਤ ਕਰਨ ਦੇ ਯਤਨ ਵੀ ਕੀਤੇ ਜਾਣਗੇ, ਤਾਂ ਜੋ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਨਾਲ ਜੋੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਆਫ਼ਤਾਂ ਦੌਰਾਨ ਐੱਸਡੀਆਰਐੱਫ ਦੇ ਜਵਾਨ ਲੋਕਾਂ ਦੀ ਮਦਦ ਲਈ ਸੂਬੇ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਪਹੁੰਚਦੇ ਹਨ। ਅਜਿਹੇ ਵਿੱਚ ਸਥਾਨਕ ਲੋਕਾਂ ਨਾਲ ਬਿਹਤਰ ਤਾਲਮੇਲ ਬਣਾਉਣਾ ਅਤੇ ਉਨ੍ਹਾਂ ਨੂੰ ਆਫ਼ਤ ਪ੍ਰਬੰਧਨ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਰਨਾ ਜ਼ਰੂਰੀ ਹੈ, ਤਾਂ ਜੋ ਲੋੜ ਪੈਣ 'ਤੇ ਉਹ ਵੀ ਬਚਾਅ ਕਾਰਜਾਂ ਵਿੱਚ ਸਹਿਯੋਗ ਦੇ ਸਕਣ।



ਉਪ ਮੁੱਖ ਮੰਤਰੀ ਨੇ ਐੱਸਡੀਆਰਐੱਫ ਦੇ ਅਧਿਕਾਰੀਆਂ ਨੂੰ ਕਿਹਾ ਕਿ ਨੌਜਵਾਨਾਂ ਨੂੰ ਆਫ਼ਤ ਪ੍ਰਬੰਧਨ ਦੀ ਸਿਖਲਾਈ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਸਿਖਲਾਈ ਸਰਟੀਫਿਕੇਟਾਂ ਨੂੰ ਲਾਹੇਵੰਦ ਬਣਾਉਣ ਲਈ ਵੀ ਕੰਮ ਕੀਤਾ ਜਾਵੇ। ਇਸ ਸਬੰਧੀ ਪ੍ਰਸਤਾਵ ਤਿਆਰ ਕੀਤਾ ਜਾਵੇ, ਤਾਂ ਜੋ ਐੱਸਡੀਆਰਐੱਫ ਤੋਂ ਸਿਖਲਾਈ ਪ੍ਰਾਪਤ ਕਰਨ ਵਾਲੇ ਨੌਜਵਾਨਾਂ ਦੇ ਸਰਟੀਫਿਕੇਟਾਂ ਨੂੰ ਐੱਨਸੀਸੀ ਅਤੇ ਐੱਨਐੱਸਐੱਸ ਦੀ ਤਰਜ਼ 'ਤੇ ਮਾਨਤਾ ਦਿਵਾਉਣ ਦੀਆਂ ਸੰਭਾਵਨਾਵਾਂ ਤਲਾਸ਼ੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਆਫ਼ਤ ਪ੍ਰਬੰਧਨ ਬਾਰੇ ਜਾਗਰੂਕਤਾ ਅਤੇ ਸਿਖਲਾਈ ਰਾਹੀਂ ਵੱਧ ਤੋਂ ਵੱਧ ਲੋਕਾਂ ਨੂੰ ਐਮਰਜੈਂਸੀ ਹਾਲਾਤ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨ ਲਈ ਤਿਆਰ ਕੀਤਾ ਜਾ ਸਕਦਾ ਹੈ।

ਪ੍ਰੋਗਰਾਮ ਦੌਰਾਨ ਐੱਸਡੀਆਰਐੱਫ ਦੇ ਇਨਵੈਂਟਰੀ ਮੈਨੇਜਮੈਂਟ ਸਿਸਟਮ ਅਤੇ ਅਧਿਕਾਰਤ ਵੈੱਬਸਾਈਟ ਦੀ ਸ਼ੁਰੂਆਤ ਕੀਤੀ ਗਈ। ਇਸ ਦੇ ਨਾਲ ਹੀ ਮਣੀਮਹੇਸ਼ ਯਾਤਰਾ ਦੌਰਾਨ ਐੱਸਡੀਆਰਐੱਫ ਦੀਆਂ ਗਤੀਵਿਧੀਆਂ ਅਤੇ ਬਚਾਅ ਕਾਰਜਾਂ 'ਤੇ ਆਧਾਰਿਤ ਦਸਤਾਵੇਜ਼ੀ ਫ਼ਿਲਮ ਵੀ ਜਾਰੀ ਕੀਤੀ ਗਈ। ਆਫ਼ਤਾਂ ਦੌਰਾਨ ਲੋਕਾਂ ਦੀਆਂ ਜਾਨਾਂ ਬਚਾਉਣ ਅਤੇ ਰਾਹਤ ਤੇ ਬਚਾਅ ਮੁਹਿੰਮਾਂ ਵਿੱਚ ਐੱਸਡੀਆਰਐੱਫ ਦੀ ਮਦਦ ਕਰਨ ਵਾਲੇ ਆਮ ਨਾਗਰਿਕਾਂ ਨੂੰ ਸਨਮਾਨਿਤ ਕੀਤਾ ਗਿਆ।

ਪ੍ਰੋਗਰਾਮ ਦੌਰਾਨ ਉਪ ਮੁੱਖ ਮੰਤਰੀ ਨੇ ਐੱਸਡੀਆਰਐੱਫ ਵੱਲੋਂ ਪ੍ਰਦਰਸ਼ਿਤ ਉਪਕਰਨਾਂ ਦਾ ਜਾਇਜ਼ਾ ਲਿਆ ਅਤੇ ਜਵਾਨਾਂ ਤੇ ਸਿਖਲਾਈ ਦੇਣ ਵਾਲਿਆਂ ਵੱਲੋਂ ਕੀਤੇ ਗਏ ਆਫ਼ਤ ਬਚਾਅ ਪ੍ਰਦਰਸ਼ਨ ਵੇਖੇ। ਉਨ੍ਹਾਂ ਨੇ ਸਾਲਾਨਾ ਖੇਡ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਦਿੱਤੇ। ਰੱਸਾਕਸ਼ੀ ਦਾ ਫਾਈਨਲ ਮੁਕਾਬਲਾ ਹਰੋਲੀ ਐੱਸਡੀਆਰਐੱਫ ਅਤੇ ਸ਼ਿਮਲਾ ਐੱਨਡੀਆਰਐੱਫ ਦੀਆਂ ਟੀਮਾਂ ਵਿਚਕਾਰ ਹੋਇਆ, ਜਿਸ ਵਿੱਚ ਸ਼ਿਮਲਾ ਦੀ ਟੀਮ ਜੇਤੂ ਰਹੀ। ਹੋਮ ਗਾਰਡਜ਼, ਸਿਵਲ ਡਿਫੈਂਸ ਅਤੇ ਐੱਸਡੀਆਰਐੱਫ ਦੇ ਕਮਾਂਡੈਂਟ ਜਨਰਲ ਸਤਵੰਤ ਅਟਵਾਲ ਨੇ ਆਫ਼ਤਾਂ ਨਾਲ ਨਜਿੱਠਣ ਦੀ ਤਿਆਰੀ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਸੂਬੇ ਵਿੱਚ ਹਰ ਸਾਲ ਡੇਢ ਲੱਖ ਤੋਂ ਵੱਧ ਲੋਕਾਂ ਨੂੰ ਆਫ਼ਤਾਂ ਨਾਲ ਨਜਿੱਠਣ ਲਈ ਸਿਖਲਾਈ ਦਿੱਤੀ ਜਾ ਰਹੀ ਹੈ। ਇਸ ਸਿਖਲਾਈ ਰਾਹੀਂ ਲੋਕਾਂ ਨੂੰ ਐਮਰਜੈਂਸੀ ਹਾਲਾਤ ਵਿੱਚ ਸੁਰੱਖਿਅਤ ਰਹਿਣ, ਬਚਾਅ ਕਾਰਜਾਂ ਵਿੱਚ ਸਹਿਯੋਗ ਦੇਣ ਅਤੇ ਲੋੜੀਂਦੇ ਕਦਮ ਚੁੱਕਣ ਲਈ ਤਿਆਰ ਕੀਤਾ ਜਾ ਰਿਹਾ ਹੈ।